26-MAR-PAGE-1.qxd 3/25/2025 10:42 PM Page 1

ਬੁੱਧਵਾਰ, 26 ਮਾਰਚ, 2025
13 ਚੇਤ { ਨਾਨਕਸ਼ਾਹੀ 557 / ਬਿਕਰਮੀ 2081
ਜਿਲਦ/VOL. : 73
ਅੰਕ/NO. : 294

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • WEDNESDAY, 26 MARCH, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਕੈਨੇਡਾ ਨੂੰ ਚੀਨ ਤੇ ਭਾਰਤ 'ਤੇ ਸ਼ੱਕ

ਓਟਵਾ : ਕੈਨੇਡਾ ਦੀ ਖੁਫੀਆ ਏਜੰਸੀ ਨੇ ਕਿਹਾ ਹੈ ਕਿ ਚੀਨ ਅਤੇ ਭਾਰਤ 28 ਅਪਰੈਲ ਨੂੰ ਹੋਣ ਵਾਲੀਆਂ ਕੈਨੇਡਾ ਦੀਆਂ ਆਮ ਚੋਣਾਂ ਵਿੱਚ ਦਖਲ ਦੇਣ ਦੀ ਕੋਸ਼ਿਸ਼ ਕਰ ਸਕਦੇ ਹਨ, ਜਦੋਂ ਕਿ ਰੂਸ ਅਤੇ ਪਾਕਿਸਤਾਨ ਵੀ ਅਜਿਹਾ ਕਰਨ ਦੇ ਸਮਰੱਥ ਹਨ। ਕੈਨੇਡੀਅਨ ਸੁਰੱਖਿਆ ਖੁਫੀਆ ਸੇਵਾ ਨੇ ਇਹ ਟਿੱਪਣੀਆਂ ਅਜਿਹੇ ਸਮੇਂ ਕੀਤੀਆਂ ਹਨ, ਜਦੋਂ ਕੈਨੇਡਾ ਦੇ ਭਾਰਤ ਤੇ ਚੀਨ ਦੋਵਾਂ ਨਾਲ ਸੰਬੰਧ ਠੀਕ ਹਨ। ਹਾਲਾਂਕਿ ਚੀਨ ਤੇ ਭਾਰਤ ਨੇ ਦਖਲਅੰਦਾਜ਼ੀ ਦੇ ਪਿਛਲੇ ਦੋਸ਼ਾਂ ਤੋਂ ਇਨਕਾਰ ਕੀਤਾ ਹੈ।

ਯਮੁਨਾ ਦੀ ਸਫਾਈ ਲਈ 500 ਕਰੋੜ

ਨਵੀਂ ਦਿੱਲੀ : ਮੁੱਖ ਮੰਤਰੀ ਤੇ ਵਿੱਤ ਮੰਤਰੀ ਰੇਖਾ ਗੁਪਤਾ ਨੇ ਮੰਗਲਵਾਰ ਦਿੱਲੀ ਦਾ ਵਿੱਤੀ ਸਾਲ 2025-26 ਲਈ ਇੱਕ ਲੱਖ ਕਰੋੜ ਰੁਪਏ ਦਾ ਬਜਟ ਪੇਸ਼ ਕੀਤਾ, ਜੋ ਪਿਛਲੇ ਸਾਲ ਨਾਲੋਂ 31.5 ਫੀਸਦੀ ਵੱਧ ਹੈ। ਬਜਟ ਵਿੱਚ ਯਮੁਨਾ ਨਦੀ ਦੀ ਸਫਾਈ ਲਈ 500 ਕਰੋੜ ਰੁਪਏ ਅਲਾਟ ਕੀਤੇ ਗਏ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸਿਰਫ ਟਰੀਟਡ ਪਾਣੀ ਹੀ ਨਦੀ ਵਿੱਚ ਦਾਖਲ ਹੋਵੇਗਾ।

ਤਿੰਨ ਹੋਰ ਨਕਸਲੀ ਮਾਰੇ

ਦਾਂਤੇਵਾੜਾ : ਛੱਤੀਸਗੜ੍ਹ ਦੇ ਦਾਂਤੇਵਾੜਾ ਜ਼ਿਲ੍ਹੇ ਵਿੱਚ ਮੰਗਲਵਾਰ ਸੁਰੱਖਿਆ ਬਲਾਂ ਨੇ ਮੁਕਾਬਲੇ ਵਿੱਚ ਤਿੰਨ ਨਕਸਲੀ ਮਾਰ ਦਿੱਤੇ। ਇੱਕ ਪੁਲਸ ਅਧਿਕਾਰੀ ਨੇ ਦੱਸਿਆ ਕਿ ਦਾਂਤੇਵਾੜਾ ਤੇ ਬੀਜਾਪੁਰ ਜ਼ਿਲ੍ਹਿਆਂ ਦੀ ਸਰਹੱਦ 'ਤੇ ਸੁਰੱਖਿਆ ਕਰਮਚਾਰੀਆਂ ਦੀ ਟੀਮ ਨਕਸਲ ਵਿਰੋਧੀ ਕਾਰਵਾਈ 'ਤੇ ਸੀ। ਇਸ ਦੌਰਾਨ ਸਵੇਰੇ 8 ਵਜੇ ਦੇ ਕਰੀਬ ਗੋਲੀਬਾਰੀ ਹੋਈ। ਮੌਕੇ ਤੋਂ ਤਿੰਨ ਨਕਸਲੀਆਂ ਦੀਆਂ ਲਾਸ਼ਾਂ, ਹਥਿਆਰ ਅਤੇ ਵਿਸਫੋਟਕ ਬਰਾਮਦ ਕੀਤੇ ਗਏ ਹਨ। 20 ਮਾਰਚ ਨੂੰ ਸੁਰੱਖਿਆ ਬਲਾਂ ਨੇ ਬੀਜਾਪੁਰ ਅਤੇ ਕਾਂਕੇਰ ਜ਼ਿਲ੍ਹਿਆਂ ਵਿੱਚ ਦੋ ਮੁਕਾਬਲਿਆਂ ਵਿੱਚ 30 ਨਕਸਲੀਆਂ ਨੂੰ ਮਾਰ ਦਿੱਤਾ ਸੀ।

ਤਾਰਾ ਤੇ ਗੋਲਡੀ ਰੁਲਦਾ ਸਿੰਘ ਕਤਲ ਕੇਸ 'ਚੋਂ ਬਰੀ

ਪਟਿਆਲਾ : ਐਡੀਸ਼ਨਲ ਜ਼ਿਲ੍ਹਾ ਤੇ ਸੈਸ਼ਨ ਜੱਜ ਹਰਿੰਦਰ ਕੌਰ ਸਿੱਧੂ ਨੇ ਆਰ ਐੱਸ ਐੱਸ ਦੇ ਆਗੂ ਰੁਲਦਾ ਸਿੰਘ ਦੇ ਕਤਲ ਕੇਸ ਵਿੱਚ ਜਗਤਾਰ ਸਿੰਘ ਤਾਰਾ ਤੇ ਰਮਨਦੀਪ ਸਿੰਘ ਗੋਲਡੀ ਨੂੰ ਬਰੀ ਕਰ ਦਿੱਤਾ ਹੈ। ਰੁਲਦਾ ਸਿੰਘ ਰਾਸ਼ਟਰੀ ਸਿੱਖ ਸੰਗਤ ਦਾ ਸੂਬਾਈ ਪ੍ਰਧਾਨ ਸੀ। ਉਸ ਦੀ 2009 ਵਿੱਚ ਪਟਿਆਲਾ ਦੀ ਅਨਾਜ ਮੰਡੀ ਵਿਖੇ ਅਣਪਛਾਤੇ ਵਿਅਕਤੀਆਂ ਵੱਲੋਂ ਹੱਤਿਆ ਕਰ ਦਿੱਤੀ ਗਈ ਸੀ। ਸ਼ੁਰੂ ਵਿੱਚ ਫੜੇ ਗਏ ਪੰਜ ਜਣਿਆਂ ਨੂੰ ਪੁਲਸ ਨੇ ਖੁਦ ਹੀ ਦੋਸ਼ਮੁਕਤ ਕਰਾਰ ਦੇ ਦਿੱਤਾ ਸੀ। ਇਸ ਤੋਂ ਬਾਅਦ ਮਾਮਲੇ ਵਿੱਚ ਪੰਜ ਹੋਰਨਾਂ ਨੂੰ ਗ੍ਰਿਫਤਾਰ ਕੀਤਾ ਗਿਆ, ਪਰ ਉਹ ਵੀ ਬਰੀ ਹੋ ਗਏ। ਤਾਰਾ ਅਤੇ ਗੋਲਡੀ ਖਿਲਾਫ ਸਾਜ਼ਿਸ਼ ਰਚਣ ਦੇ ਦੋਸ਼ ਲਾਏ ਗਏ ਸਨ, ਪਰ ਮੰਗਲਵਾਰ ਇਹ ਦੋਵੇਂ ਵੀ ਇਨ੍ਹਾਂ ਦੋਸ਼ਾਂ ਤੋਂ ਬਰੀ ਹੋ ਗਏ ਹਨ।

ਜਥੇਦਾਰਾਂ ਨੂੰ ਫਾਰਗ ਕਰਨ ਵਾਲੇ ਮਤੇ ਰੱਦ ਕਰਨ ਦੀ ਮੰਗ

ਅੰਮ੍ਰਿਤਸਰ : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸ਼੍ਰੋਮਣੀ ਅਕਾਲੀ ਦਲ ਦੀ ਵਿਰੋਧੀ ਧਿਰ ਨਾਲ ਸੰਬੰਧਤ ਚਾਰ ਮੈਂਬਰਾਂ ਨੇ ਮੰਗਲਵਾਰ ਸ਼੍ਰੋਮਣੀ ਕਮੇਟੀ ਦੇ ਸਕੱਤਰ ਨੂੰ ਪੱਤਰ ਸੌਂਪ ਕੇ ਤਿੰਨੋਂ ਜਥੇਦਾਰਾਂ ਨੂੰ ਫਾਰਗ ਕਰਨ ਵਾਲੇ ਅੰਤ੍ਰਿੰਗ ਕਮੇਟੀ ਦੇ ਦੋਵੇਂ ਮਤੇ ਰੱਦ ਕਰਨ ਸੰਬੰਧੀ ਏਜੰਡਾ ਜਨਰਲ ਹਾਊਸ ਦੀ ਮੀਟਿੰਗ ਵਿੱਚ ਰੱਖਣ ਦੀ ਅਪੀਲ ਕੀਤੀ ਹੈ। ਪੱਤਰ ਦੇਣ ਵਾਲੇ 4 ਸ਼੍ਰੋਮਣੀ ਕਮੇਟੀ ਮੈਂਬਰਾਂ ਵਿੱਚ ਬੀਬੀ ਕਿਰਨਜੋਤ ਕੌਰ, ਭਾਈ ਮਨਜੀਤ ਸਿੰਘ, ਹਰਜਾਪ ਸਿੰਘ ਸੁਲਤਾਨਵਿੰਡ ਅਤੇ ਅਮਰੀਕ ਸਿੰਘ ਸ਼ਾਹਪੁਰ ਸ਼ਾਮਲ ਸਨ। ਮੀਡੀਆ ਨਾਲ ਗੱਲ ਕਰਦਿਆਂ ਭਾਈ ਮਨਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਕੋਲੋਂ ਮੰਗ ਕੀਤੀ ਹੈ ਕਿ 28 ਮਾਰਚ ਨੂੰ ਬਜਟ ਸੰਬੰਧੀ ਹੋ ਰਹੇ ਜਨਰਲ ਅਜਲਾਸ ਵਿੱਚ ਤਿੰਨਾਂ ਜਥੇਦਾਰਾਂ ਨੂੰ ਫਾਰਗ ਕਰਨ ਵਾਲੇ ਅੰਤ੍ਰਿੰਗ ਕਮੇਟੀ ਦੇ ਮਤੇ ਰੱਦ ਕੀਤੇ ਜਾਣ।

ਅਲਾਹਾਬਾਦ ਹਾਈ ਕੋਰਟ ਦੇ ਵਕੀਲ ਹੜਤਾਲ 'ਤੇ

ਪ੍ਰਯਾਗਰਾਜ : ਅਲਾਹਾਬਾਦ ਹਾਈ ਕੋਰਟ ਬਾਰ ਐਸੋਸੀਏਸ਼ਨ ਨੇ ਮੰਗਲਵਾਰ ਦਿੱਲੀ ਹਾਈ ਕੋਰਟ ਦੇ ਜਸਟਿਸ ਯਸ਼ਵੰਤ ਵਰਮਾ ਦੇ ਅਲਾਹਾਬਾਦ ਦੇ ਪ੍ਰਸਤਾਵਤ ਤਬਾਦਲੇ ਦੇ ਵਿਰੋਧ ਵਿੱਚ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ ਕਰ ਦਿੱਤੀ। ਹਾਈ ਕੋਰਟ ਦੇ ਗੇਟ ਨੰਬਰ 3 'ਤੇ ਇਕੱਠੇ ਹੋਏ ਪ੍ਰਦਰਸ਼ਨਕਾਰੀ ਵਕੀਲਾਂ ਦੀ ਅਗਵਾਈ ਕਰਦੇ ਹੋਏ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਅਨਿਲ ਤਿਵਾੜੀ ਨੇ ਪੱਤਰਕਾਰਾਂ ਨੂੰ ਕਿਹਾ ਕਿ ਇਹ ਵਿਰੋਧ ਕਿਸੇ ਅਦਾਲਤ ਜਾਂ ਜੱਜ ਦੇ ਵਿਰੁੱਧ ਨਹੀਂ, ਸਗੋਂ ਉਨ੍ਹਾਂ ਲੋਕਾਂ ਦੇ ਵਿਰੁੱਧ ਹੈ, ਜਿਨ੍ਹਾਂ ਨੇ ਨਿਆਂਇਕ ਪ੍ਰਣਾਲੀ ਨਾਲ ਵਿਸ਼ਵਾਸਘਾਤ ਕੀਤਾ ਹੈ। ਉਨ੍ਹਾ ਕਿਹਾ, 'ਸਾਡੀ ਲੜਾਈ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਲੋਕਾਂ ਅਤੇ ਇਕ ਅਜਿਹੀ ਪ੍ਰਣਾਲੀ ਦੇ ਵਿਰੁੱਧ ਹੈ, ਜਿਸ ਵਿੱਚ ਪਾਰਦਰਸ਼ਤਾ ਦੀ ਘਾਟ ਹੈ। ਫਿਲਹਾਲ ਸਾਡੀ ਮੰਗ ਮੁੜ ਵਿਚਾਰ ਅਤੇ ਤਬਾਦਲੇ ਦੇ ਆਦੇਸ਼ ਨੂੰ ਵਾਪਸ ਲੈਣ ਦੀ ਹੈ।'

ਨਾ ਮੁਆਫੀ ਮੰਗਾਂਗਾ ਤੇ ਨਾ ਮੰਜੇ ਥੱਲੇ ਲੁਕਾਂਗਾ : ਕਾਮਰਾ



ਮੁੰਬਈ : ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਬਾਰੇ ਟਿੱਪਣੀ ਲਈ ਆਪਣੇ ਵਿਰੁੱਧ ਕੇਸ ਦਰਜ ਹੋਣ ਦੀ ਪ੍ਰਵਾਹ ਨਾ ਕਰਦਿਆਂ ਕਾਮੇਡੀ ਕਲਾਕਾਰ ਕੁਨਾਲ ਕਾਮਰਾ ਨੇ ਸੋਮਵਾਰ ਦੇਰ ਰਾਤ ਇੱਕ ਬਿਆਨ ਵਿੱਚ ਕਿਹਾ ਕਿ ਉਹ ਇਸ ਲਈ ਸ਼ਿੰਦੇ ਤੋਂ ਮੁਆਫੀ ਨਹੀਂ ਮੰਗੇਗਾ। ਉਸ ਨੇ ਕਿਹਾ, 'ਮੈਂ ਨਾ ਤਾਂ ਮੁਆਫੀ ਮੰਗਾਂਗਾ ਅਤੇ ਨਾ ਹੀ ਮੰਜੇ ਹੇਠਾਂ ਲੁਕਾਂਗਾ ਤਾਂ ਕਿ ਮਾਮਲਾ ਠੰਢਾ ਪੈ ਜਾਵੇ।'

ਮੁੰਬਈ ਪੁਲਸ ਨੇ ਇਸ ਮਾਮਲੇ ਵਿੱਚ ਸਟੈਂਡ-ਅੱਪ ਕਾਮੇਡੀਅਨ ਨੂੰ ਨੋਟਿਸ ਜਾਰੀ ਕੀਤਾ ਹੈ। 36 ਸਾਲਾ ਕਾਮਰਾ, ਜੋ ਅਕਸਰ ਆਪਣੇ ਸਥਾਪਤੀ ਵਿਰੋਧੀ ਵਿਚਾਰਾਂ ਲਈ ਵਿਵਾਦਾਂ ਵਿਚ ਰਹਿੰਦਾ ਹੈ, ਨੂੰ ਇਸ ਮਾਮਲੇ ਵਿੱਚ ਮੁੰਬਈ ਦੀ ਖਾਰ ਪੁਲਸ ਦੇ ਸਾਹਮਣੇ ਪੇਸ਼ ਹੋਣ ਲਈ ਕਿਹਾ ਗਿਆ ਹੈ।

ਪਿੱਛੇ ਨਾ ਹਟਣ ਦਾ ਸਾਫ ਸੰਕੇਤ ਦਿੰਦਿਆਂ ਕਾਮਰਾ ਨੇ ਆਪਣੇ ਸਟੈਂਡ ਅੱਪ ਐਕਟ ਦੀ ਇੱਕ ਸੰਪਾਦਤ ਵੀਡੀਓ ਸਾਂਝੀ ਕਰਦਿਆਂ ਆਪਣੇ ਸਟੈਂਡ ਨੂੰ ਮੁੜ ਦੁਹਰਾਇਆ। ਇਸ ਵਿੱਚ ਉਸ ਨੇ ਸ਼ਿਵ ਸੈਨਿਕਾਂ ਵੱਲੋਂ ਉਸ ਦੇ ਰਿਕਾਰਡਿੰਗ ਵਾਲੇ ਸਟੂਡੀਓ ਦੀ ਤੋੜ-ਭੰਨ ਕੀਤੇ ਜਾਣ ਤੇ ਉਸ ਦੀਆਂ ਤਸਵੀਰਾਂ ਅਤੇ ਪੁਤਲੇ ਸਾੜਨ ਦੇ ਵੀਡੀਓਜ਼ ਨੂੰ ਵੀ ਨਾਲ ਲਾਇਆ ਹੈ ਅਤੇ ਪਿਛੋਕੜ ਵਿਚ ਇੱਕ ਪੈਰੋਡੀ ਗੀਤ 'ਹਮ ਹੋਂਗੇ ਕੰਗਲ, ਹਮ ਹੋਂਗੇ ਕੰਗਲ ਏਕ ਦਿਨ' ਵਜਾਇਆ ਹੈ।

ਆਪਣੇ ਇੰਸਟਾਗ੍ਰਾਮ ਬਾਇਓ ਦੇ ਅਨੁਸਾਰ ਕਾਮਰਾ ਇਸ ਵੇਲੇ ਪਾਂਡੀਚੇਰੀ ਵਿੱਚ ਹੈ। ਉਸ ਨੇ ਇਕ ਬੇਦਾਅਵੇ ਨਾਲ ਆਪਣੀ ਐੱਕਸ ਸਿਰਲੇਖ ਦੀ ਫੋਟੋ ਨੂੰ ਵੀ ਅਪਡੇਟ ਕੀਤਾ ਹੈ, ਜਿਸ ਵਿੱਚ ਲਿਖਿਆ ਹੈ : 'ਇਸ ਪ੍ਰੋਗਰਾਮ ਵਿੱਚ ਮਾੜੀ ਭਾਸ਼ਾ, ਅਪਮਾਨਜਨਕ ਸਮੱਗਰੀ ਸ਼ਾਮਲ ਹੈ ਅਤੇ ਇਹ ਉਨ੍ਹਾਂ ਦੇ ਦੇਖਣਯੋਗ ਨਹੀਂ, ਜਿਨ੍ਹਾਂ ਦੀਆਂ ਭਾਵਨਾਵਾਂ ਅਤੇ ਜਜ਼ਬਾਤ ਨੂੰ ਠੇਸ ਪਹੁੰਚ ਸਕਦੀ ਹੈ। ਤੁਹਾਡੇ ਵੱਲੋਂ ਆਪਣੀ ਮਰਜ਼ੀ ਨਾਲ ਇਸ ਨੂੰ ਦੇਖੇ ਜਾਣ 'ਤੇ ਤੁਹਾਨੂੰ ਆਉਣ ਵਾਲੇ ਕਿਸੇ ਗੁੱਸੇ ਜਾਂ ਪੁੱਜਣ ਵਾਲੀ ਠੇਸ ਲਈ ਕੋਈ ਹੋਰ ਨਹੀਂ, ਸਗੋਂ ਸਿਰਫ ਤੁਸੀਂ ਹੀ ਜ਼ਿੰਮੇਵਾਰ ਹੋ।'

ਕਾਮਰਾ ਦੀ ਸੰਬੰਧਤ ਵੀਡੀਓ ਨੂੰ ਸਿਰਫ ਦੋ ਦਿਨਾਂ ਵਿੱਚ 43 ਲੱਖ ਤੋਂ ਵੱਧ ਵਿਊਜ਼ ਮਿਲ ਚੁੱਕੇ ਹਨ। ਉਸ ਨੇ ਆਪਣੇ ਬਿਆਨ ਵਿੱਚ ਕਿਹਾ: 'ਮੈਂ ਮੁਆਫੀ ਨਹੀਂ ਮੰਗਾਂਗਾ। ਮੈਂ ਜੋ ਕਿਹਾ, ਉਹੀ ਹੈ ਜੋ ਸ੍ਰੀ ਅਜੀਤ ਪਵਾਰ (ਪਹਿਲੇ ਉਪ ਮੁੱਖ ਮੰਤਰੀ) ਨੇ ਸ੍ਰੀ ਏਕਨਾਥ ਸ਼ਿੰਦੇ (ਦੂਜੇ ਉਪ ਮੁੱਖ ਮੰਤਰੀ) ਬਾਰੇ ਕਿਹਾ ਸੀ। ਮੈਂ ਇਸ ਭੀੜ ਤੋਂ ਨਹੀਂ ਡਰਦਾ ਅਤੇ ਮੈਂ ਮੰਜੇ ਹੇਠਾਂ ਛੁਪ ਕੇ ਮਾਮਲਾ ਠੰਢਾ ਪੈਣ ਦੀ ਉਡੀਕ ਨਹੀਂ ਕਰਾਂਗਾ।'

ਉਸ ਨੇ ਹੋਰ ਕਿਹਾ, 'ਜਿੱਥੋਂ ਤੱਕ ਮੈਂ ਜਾਣਦਾ ਹਾਂ, ਸਾਡੇ ਨੇਤਾਵਾਂ ਅਤੇ ਸਾਡੀ ਸਿਆਸੀ ਪ੍ਰਣਾਲੀ ਦਾ ਮਜ਼ਾਕ ਉਡਾਉਣਾ ਕਾਨੂੰਨ ਦੇ ਵਿਰੁੱਧ ਨਹੀਂ ਹੈ।'

ਆਪਣੇ ਜਵਾਬ ਵਿੱਚ ਸ਼ਿੰਦੇ ਨੇ ਸੋਮਵਾਰ ਨੂੰ ਬੀ ਬੀ ਸੀ ਮਰਾਠੀ ਨੂੰ ਕਿਹਾ, "ਬੋਲਣ ਦੀ ਆਜ਼ਾਦੀ ਹੈ। ਅਸੀਂ ਵਿਅੰਗ ਸਮਝਦੇ ਹਾਂ। ਪਰ ਇੱਕ ਹੱਦ ਹੋਣੀ ਚਾਹੀਦੀ ਹੈ। ਇਹ ਕਿਸੇ ਵਿਰੁੱਧ ਬੋਲਣ ਲਈ 'ਸੁਪਾਰੀ' ਲੈਣ ਵਰਗੀ ਗੱਲ ਹੈ। ਸਟੂਡੀਓ ਦੀ ਭੰਨਤੋੜ ਕਰਨ ਵਾਲੇ ਸ਼ਿਵ ਸੈਨਿਕਾਂ 'ਤੇ ਸ਼ਿੰਦੇ ਨੇ ਕਿਹਾ: 'ਐਕਸ਼ਨ ਕਾਰਨ ਪ੍ਰਤੀਕਿਰਿਆ ਹੁੰਦੀ ਹੈ। ਮੈਂ ਇਸ 'ਤੇ ਜ਼ਿਆਦਾ ਨਹੀਂ ਬੋਲਾਂਗਾ। ਮੈਂ ਭੰਨਤੋੜ ਨੂੰ ਜਾਇਜ਼ ਨਹੀਂ ਠਹਿਰਾਉਂਦਾ।

ਕਾਂਗਰਸ ਨੂੰ ਆਪ ਸਰਕਾਰ ਦੀ ਸਫਲਤਾ ਹਜ਼ਮ ਨਹੀਂ ਹੋ ਰਹੀ : ਚੀਮਾ

ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)

ਸਰਕਾਰ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕਰਨ ਦੇ ਨਾਲ-ਨਾਲ ਕਾਂਗਰਸ ਅਤੇ ਅਕਾਲੀ-ਭਾਜਪਾ ਦੀ ਅਗਵਾਈ ਵਾਲੀਆਂ ਪਿਛਲੀਆਂ ਸਰਕਾਰਾਂ 'ਤੇ ਵਰ੍ਹਦਿਆਂ ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਮੰਗਲਵਾਰ ਪੰਜਾਬ ਵਿਧਾਨ ਸਭਾ ਵਿੱਚ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦਾ ਉਨ੍ਹਾਂ ਦੇ ਸ਼ਾਨਦਾਰ ਭਾਸ਼ਣ ਲਈ ਧੰਨਵਾਦ ਕੀਤਾ।

ਚੀਮਾ ਨੇ ਆਪਣਾ ਭਾਸ਼ਣ 2022 ਦੀਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ (ਆਪ) ਵੱਲੋਂ ਪੰਜਾਬ ਦੇ ਲੋਕਾਂ ਨੂੰ ਮੁਫ਼ਤ ਬਿਜਲੀ ਪ੍ਰਦਾਨ ਕਰਨ ਦੇ ਵਾਅਦੇ ਨੂੰ ਯਾਦ ਕਰਦਿਆਂ ਸ਼ੁਰੂ ਕੀਤਾ। ਉਨ੍ਹਾ ਮਾਣ ਨਾਲ ਐਲਾਨ ਕੀਤਾ ਕਿ ਇਹ ਵਾਅਦਾ ਸਰਕਾਰ ਵੱਲੋਂ ਸੱਤਾ ਸੰਭਾਲਣ ਦੇ ਮਹਿਜ਼ ਤਿੰਨ ਮਹੀਨਿਆਂ ਵਿੱਚ ਹੀ ਪੂਰਾ ਹੋ ਗਿਆ ਹੈ, ਜਿਸ ਨਾਲ 90 ਫ਼ੀਸਦ ਘਰੇਲੂ ਬਿਜਲੀ ਖਪਤਕਾਰਾਂ ਦਾ ਬਿੱਲ ਹੁਣ ਜ਼ੀਰੋ ਆ ਰਿਹਾ ਹੈ। ਉਨ੍ਹਾ ਗੋਇੰਦਵਾਲ ਸਾਹਿਬ ਵਿਖੇ 6000 ਕਰੋੜ ਰੁਪਏ ਦੇ ਨਿੱਜੀ ਥਰਮਲ ਪਲਾਂਟ ਨੂੰ ਸਿਰਫ਼ 1080 ਕਰੋੜ ਰੁਪਏ ਵਿੱਚ ਹਾਸਲ ਕਰਨ ਦੇ ਸਰਕਾਰ ਦੇ ਇਤਿਹਾਸਕ ਫੈਸਲੇ 'ਤੇ ਵੀ ਚਾਨਣਾ ਪਾਇਆ, ਜੋ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਸਰਕਾਰ ਵੱਲੋਂ ਕਿਸੇ ਨਿੱਜੀ ਕੰਪਨੀ ਨੂੰ ਖਰੀਦਿਆ ਗਿਆ ਹੈ।

ਚੀਮਾ ਨੇ ਸੈਸ਼ਨ ਦੌਰਾਨ ਕਾਂਗਰਸ ਪਾਰਟੀ ਦੇ ਵਾਕ-ਆਊਟ ਦੀ ਆਲੋਚਨਾ ਕੀਤੀ ਅਤੇ ਵਾਕ-ਆਊਟ ਦਾ ਕਾਰਨ ਕਾਂਗਰਸ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਛੱਡੇ ਗਏ 9000 ਕਰੋੜ ਰੁਪਏ ਦੇ ਸਬਸਿਡੀ ਬਕਾਏ

ਨੂੰ ਹਾਸਲ ਕਰਨ ਵਿੱਚ ਮੌਜੂਦਾ ਸਰਕਾਰ ਦੀ ਸਫਲਤਾ ਨੂੰ ਹਜ਼ਮ ਕਰਨ ਵਿੱਚ ਉਨ੍ਹਾਂ ਦੀ ਅਸਮਰੱਥਾ ਨੂੰ ਦੱਸਿਆ।

ਚੀਮਾ ਨੇ 90,000 ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਨੂੰ ਆਕਰਸ਼ਿਤ ਕਰਨ ਵਿੱਚ ਸਰਕਾਰ ਦੀ ਸਫਲਤਾ ਨੂੰ ਵੀ ਉਜਾਗਰ ਕੀਤਾ ਅਤੇ ਇਸ ਦਾ ਸਿਹਰਾ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਕਾਨੂੰਨ ਵਿਵਸਥਾ ਵਿੱਚ ਕੀਤੇ ਸੁਧਾਰ ਨੂੰ ਦਿੱਤਾ। ਉਨ੍ਹਾ ਕਾਂਗਰਸ ਦੇ ਸ਼ਾਸਨ ਦੌਰਾਨ ਵਧਣ-ਫੁੱਲਣ ਵਾਲੇ ਗੈਂਗਸਟਰ ਸੱਭਿਆਚਾਰ ਨੂੰ ਖਤਮ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਥਾਪਤ ਕੀਤੀ ਗਈ ਐਂਟੀ-ਗੈਂਗਸਟਰ ਟਾਸਕ ਫੋਰਸ ਦੀ ਸ਼ਲਾਘਾ ਕੀਤੀ। ਉਨ੍ਹਾ ਕਿਹਾ ਕਿ ਕਾਂਗਰਸ ਪਾਰਟੀ ਨੇ ਸੂਬੇ ਵਿੱਚ ਗੈਂਗਸਟਰ ਸੱਭਿਆਚਾਰ ਨੂੰ ਜਨਮ ਦਿੱਤਾ ਅਤੇ ਦੂਜੇ ਸੂਬਿਆਂ ਤੋਂ ਗੈਂਗਸਟਰਾਂ ਨੂੰ ਲਿਆ ਕੇ ਪੰਜਾਬ ਦੀਆਂ ਜੇਲ੍ਹਾਂ ਵਿੱਚ ਰੱਖਿਆ ਜਾਂਦਾ ਸੀ।

ਨਸ਼ਿਆਂ ਦੇ ਮੁਕੰਮਲ ਖਾਤਮੇ ਦੇ ਮੁੱਦੇ 'ਤੇ ਗੱਲ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਸਰਕਾਰ ਵੱਲੋਂ ਸ਼ੁਰੂ ਕੀਤੇ 'ਯੁੱਧ ਨਸ਼ਿਆਂ ਵਿਰੁੱਧ' ਬਾਰੇ ਵਿਆਪਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਜੰਗ ਦੌਰਾਨ ਹੁਣ ਤੱਕ 2200 ਐੱਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ, 3800 ਗ੍ਰਿਫ਼ਤਾਰੀਆਂ ਹੋਈਆਂ ਹਨ ਅਤੇ ਨਸ਼ਾ ਵੇਚਣ ਵਾਲੇ 43 ਵਿਅਕਤੀਆਂ ਦੀਆਂ ਨਜਾਇਜ਼ ਜਾਇਦਾਦਾਂ ਨੂੰ ਢਹਿ-ਢੇਰੀ ਕੀਤਾ ਗਿਆ ਹੈ। ਉਨ੍ਹਾ ਦੱਸਿਆ ਕਿ ਅਕਾਲੀ-ਭਾਜਪਾ ਸਰਕਾਰ ਦੌਰਾਨ ਪਹਿਲੀ ਵਾਰ ਸੂਬੇ ਦੇ ਲੋਕਾਂ ਨੇ 'ਚਿੱਟੇ' ਦਾ ਨਾਂਅ ਸੁਣਿਆ ਸੀ। ਉਨ੍ਹਾ ਅੱਗੇ ਕਿਹਾ ਕਿ ਇਸ ਤੋਂ ਬਾਅਦ ਕੈਪਟਨ ਅਮਰਿੰਦ

ਕਰਮਜੀਤ ਸ਼ਰਮਾ ਪੈਨਸ਼ਨਰ ਐਸੋਸੀਏਸ਼ਨ ਦੇ ਦੂਜੀ ਵਾਰ ਪ੍ਰਧਾਨ ਬਣੇ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਜ਼ਿਲ੍ਹਾ ਇਕਾਈ ਦੀ ਚੋਣ ਮੀਟਿੰਗ ਕੋਟਕਪੂਰਾ ਰੋਡ ਸਥਿਤ ਪੈਨਸ਼ਨਰ ਭਵਨ ਵਿਖੇ ਹੋਈ।ਮੀਟਿੰਗ ਦੌਰਾਨ ਵੱਖ-ਵੱਖ ਵਿਭਾਗਾਂ ਦੇ ਸੇਵਾਮੁਕਤ ਕੁਮਚਾਰੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਪ੍ਰਧਾਨ ਦੀ ਚੋਣ ਬਲਦੇਵ ਸਿੰਘ ਬੇਦੀ, ਕਰਤਾਰ ਸਿੰਘ ਬੇਰੀ ਤੇ ਜਸਵੰਤ ਸਿੰਘ ਬਰਾੜ 'ਤੇ ਅਧਾਰਤ ਤਿੰਨ ਮੈਂਬਰੀ ਚੋਣ ਕਮੇਟੀ ਦੀ ਨਿਗਰਾਨੀ ਹੇਠ ਹੋਈ, ਜਿਸ ਵਿੱਚ ਕਿਸੇ ਹੋਰ ਮੈਂਬਰ ਵੱਲੋਂ ਪ੍ਰਧਾਨਗੀ ਲਈ ਨਾਂਅ ਨਾ ਆਉਣ 'ਤੇ ਚੋਣ ਕਮੇਟੀ ਨੇ ਕਰਮਜੀਤ ਸ਼ਰਮਾ ਨੂੰ ਅਗਲੀ ਟਰਮ ਲਈ ਜ਼ਿਲ੍ਹਾ ਪ੍ਰਧਾਨ ਚੁਣੇ ਜਾਣ ਦਾ ਐਲਾਨ ਕੀਤਾ।ਸਮੂਹ ਮੈਂਬਰਾਂ ਨੇ ਤਾੜੀਆਂ ਮਾਰ ਕੇ ਇਸ ਫ਼ੈਸਲੇ ਦਾ ਸਵਾਗਤ ਕੀਤਾ।ਇਸ ਉਪਰੰਤ ਚੌ. ਦੌਲਤ ਰਾਮ ਸਿੰਘ ਨੂੰ ਸਰਪ੍ਰਸਤ, ਬਲਦੇਵ ਸਿੰਘ ਬੇਦੀ ਨੂੰ ਚੇਅਰਮੈਨ, ਹਰਦੇਵ ਸਿੰਘ ਨੂੰ ਵਾਇਸ ਚੇਅਰਮੈਨ, ਬਲਵੰਤ ਸਿੰਘ ਅਟਵਾਲ ਨੂੰ ਜਨਰਲ ਸਕੱਤਰ, ਬੋਹੜ ਸਿੰਘ ਥਾਂਦੇਵਾਲਾ ਨੂੰ ਕੈਸ਼ੀਅਰ ਤੇ ਜਗਦੀਸ਼ ਰਾਏ ਢੋਸੀਵਾਲ ਨੂੰ ਜ਼ਿਲ੍ਹਾ ਪ੍ਰੈਸ ਸਕੱਤਰ ਚੁਣਿਆ ਗਿਆ।ਬਾਕੀ ਦੇ ਅਹੁਦੇਦਾਰ ਨਿਯੁਕਤ ਕਰਨ ਦਾ ਅਧਿਕਾਰ ਪ੍ਰਧਾਨ ਸ਼ਰਮਾ ਨੂੰ ਦਿੱਤਾ ਗਿਆ। ਮੀਟਿੰਗ ਦੌਰਾਨ ਮੌਜੂਦ ਮੈਂਬਰਾਂ ਨੇ ਨਵੇਂ ਚੁਣੇ ਗਏ ਸਾਰੇ ਅਹੁਦੇਦਾਰਾਂ ਨੂੰ ਹਾਰ ਪਾ ਕੇ ਉਨ੍ਹਾਂ ਦਾ ਸਵਾਗਤ ਕੀਤਾ।ਸ੍ਰੀ ਢੋਸੀਵਾਲ ਨੇ ਦੱਸਿਆ ਕਿ ਨਵੇਂ ਚਣੇ ਗਏ ਪ੍ਰਧਾਨ ਸ਼ਰਮਾ ਸਮੇਤ ਸਮੂਹ ਅਹੁਦੇਦਾਰਾਂ ਨੇ ਹਾਊਸ ਵੱਲੋਂ ਆਪਣੇ ਉਪਰ ਪ੍ਰਗਟਾਏ ਭਰੋਸੇ ਦਾ ਧੰਨਵਾਦ ਕਰਦੇ ਹੋਏ ਆਪਣੇ ਜ਼ਿੰਮੇ ਲਾਈ ਡਿਊਟੀ ਨੇਕ ਨੀਤੀ ਤੇ ਇਮਾਨਦਾਰੀ ਨਾਲ ਨਿਭਾਉਣ ਦਾ ਵਾਅਦਾ ਕੀਤਾ।ਮੀਟਿੰਗ ਦੌਰਾਨ ਸੇਵਾਮੁਕਤ ਹੈੱਡ ਟੀਚਰ ਸਵਰਨਾ ਦੇਵੀ ਗਿਰਧਰ ਧਰਮ ਪਤਨੀ ਪ੍ਰਿਥੀ ਚੰਦ ਗਿਰਧਰ ਨੇ ਐਸੋਸੀਏਸ਼ਨ ਨੂੰ 1100/- ਰੁਪਏ ਦਾ ਆਰਥਿਕ ਸਹਿਯੋਗ ਦਿੱਤਾ, ਜਿਸ 'ਤੇ ਐਸੋਸੀਏਸ਼ਨ ਵੱਲੋਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।

ਸ਼੍ਰੋਮਣੀ ਸ਼ਹੀਦ ਊਧਮ ਸਿੰਘ ਦੇ ਨਾਂਅ 'ਤੇ ਬਣੇਗਾ ਜਲਾਲਾਬਾਦ ਦਾ ਬਾਈਪਾਸ

ਜਲਾਲਾਬਾਦ (ਜੰਗੀਰ ਕੌਰ, ਜੀਤ ਕੁਮਾਰ)-ਜਲਾਲਾਬਾਦ ਦਾ ਜੋ ਕੰਮ ਵੱਡੇ ਲੀਡਰਾਂ ਤੋਂ ਨਹੀਂ ਹੋ ਸਕਿਆ, ਉਹ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਰ ਵਿਖਾਇਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜਲਾਲਾਬਾਦ ਹਲਕੇ ਲਈ ਇੱਕ ਵੱਡੀ ਸੌਗਾਤ ਦਾ ਐਲਾਨ ਕੀਤਾ ਗਿਆ। ਸ਼੍ਰੋਮਣੀ ਸ਼ਹੀਦ ਊਧਮ ਸਿੰਘ ਦੇ ਨਾਂਅ 'ਤੇ ਜਲਾਲਾਬਾਦ ਦਾ ਬਾਈਪਾਸ ਬਣਨ ਲਈ ਰਾਹ ਪੱਧਰਾ ਹੋ ਗਿਆ ਹੈ। ਪੰਜਾਬ ਵਿਧਾਨ ਸਭਾ ਦੇ ਚੱਲ ਰਹੇ ਸੈਸ਼ਨ ਦੌਰਾਨ ਪ੍ਰਸ਼ਨ ਕਾਲ ਦੌਰਾਨ ਜਗਦੀਪ ਕੰਬੋਜ ਗੋਲਡੀ ਨੇ ਫਾਜ਼ਿਲਕਾ-ਫਿਰੋਜ਼ਪੁਰ ਮੁੱਖ ਮਾਰਗ 'ਤੇ ਜਲਾਲਾਬਾਦ ਬਾਈਪਾਸ ਬਣਾਉਣ ਸਬੰਧੀ ਸਵਾਲ ਉਠਾਇਆ ਸੀ, ਜਿਸ 'ਤੇ ਬੋਲਦਿਆਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਵਿਧਾਨ ਸਭਾ ਵਿੱਚ ਸੂਚਿਤ ਕੀਤਾ ਹੈ ਕਿ ਫ਼ਿਰੋਜ਼ਪੁਰ-ਫ਼ਾਜ਼ਿਲਕਾ ਰੋਡ ਤੋਂ ਜਲਾਲਾਬਾਦ ਦਾ ਬਾਈਪਾਸ ਬਣਾਇਆ ਜਾਏਗਾ, ਜੋ ਬੱਘੇਕੇ ਉਤਾੜ ਤੋਂ ਸ਼ੁਰੂ ਹੋਵੇਗਾ ਤੇ ਨਹਿਰ ਦੇ ਨਾਲ-ਨਾਲ ਹੁੰਦਾ ਹੋਇਆ ਅਮੀਰ ਖਾਸ ਤੱਕ ਬਣੇਗਾ। ਇਸ ਦੀ ਲੰਬਾਈ 8.75 ਕਿਲੋਮੀਟਰ ਹੋਵੇਗੀ ਤੇ ਇਹ 18 ਫੁੱਟ ਚੌੜਾ ਹੋਵੇਗਾ। ਇਸ ਸਬੰਧੀ ਸਰਕਾਰ ਨੇ 13 ਕਰੋੜ 28 ਲੱਖ 70 ਹਜ਼ਾਰ ਰੁਪਏ ਦੀ ਪ੍ਰਸ਼ਾਸਕੀ ਪ੍ਰਵਾਨਗੀ ਵੀ ਜਾਰੀ ਕਰ ਦਿੱਤੀ ਹੈ। ਵਿਧਾਇਕ ਗੋਲਡੀ ਨੇ ਇਸ ਸੜਕ ਦੀ ਪ੍ਰਵਾਨਗੀ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਦਾ ਧੰਨਵਾਦ ਕਰਦਿਆਂ ਸਦਨ ਵਿੱਚ ਇਹ ਵੀ ਮੰਗ ਰੱਖੀ ਕਿ ਇਸ ਨਵੀਂ ਸੜਕ 'ਤੇ ਕਿਸੇ ਜਗ੍ਹਾ ਸ਼ਹੀਦ ਊਧਮ ਸਿੰਘ ਦਾ ਬੁੱਤ ਵੀ ਸਥਾਪਤ ਕੀਤਾ ਜਾਵੇ। ਲੋਕ ਨਿਰਮਾਣ ਮੰਤਰੀ ਨੇ ਇਹ ਮੰਗ ਵੀ ਤੁਰੰਤ ਹੀ ਪ੍ਰਵਾਨ ਕਰ ਲਈ।

ਐੱਸ ਬੀ ਐੱਸ ਸਟੇਟ 'ਵਰਸਿਟੀ ਵਿਖੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸਥਾਨਕ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਵਿਖੇ ਉਪ ਕੁਲਪਤੀ ਡਾ. ਸੁਸ਼ੀਲ ਮਿੱਤਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਯੂਨੀਵਰਸਿਟੀ ਰਜਿਸਟਰਾਰ ਡਾ. ਗਜ਼ਲਪ੍ਰੀਤ ਸਿੰਘ ਦੀ ਅਗਵਾਈ ਵਿੱਚ ਸ਼ਹੀਦ ਭਗਤ ਸਿੰਘ ਸੁਸਾਇਟੀ ਵੱਲੋਂ ਸ਼ਹੀਦੀ ਦਿਵਸ 'ਤੇ ਕੈਂਪਸ ਵਿੱਚ ਸਥਾਪਤ ਭਗਤ ਸਿੰਘ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਵਿਦਿਆਰਥੀਆਂ ਵੱਲੋਂ ਸ਼ਹੀਦਾਂ ਨੂੰ ਯਾਦ ਕਰਦਿਆਂ ਦੇਸ਼ ਭਗਤੀ ਦੀਆਂ ਕਵਿਤਾਵਾਂ ਤੇ ਗੀਤ ਪ੍ਰਸਤੁਤ ਕੀਤੇ ਗਏ।ਵਿਦਿਆਰਥੀਆਂ ਨੇ ਨੁੱਕੜ ਨਾਟਕ ਰਾਹੀਂ ਨੌਜਵਾਨਾਂ 'ਚ ਫੈਲ ਰਹੇ ਨਸ਼ਿਆਂ ਵਿਰੁੱਧ ਜਾਗਰੂਕ ਕਰਦਿਆਂ ਇੱਕ ਪ੍ਰਭਾਵਸ਼ਾਲੀ ਪੇਸ਼ਕਾਰੀ ਪੇਸ਼ ਕੀਤੀ।ਕੈਂਪਸ ਰਜਿਸਟਰਾਰ ਡਾ. ਗਜ਼ਲਪ੍ਰੀਤ ਨੇ ਵਿਦਿਆਰਥੀਆਂ ਨੂੰ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਦੇਸ਼ ਲਈ ਦਿੱਤੇ ਬਲੀਦਾਨ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਉਹ ਭਗਤ ਸਿੰਘ ਹੁਰਾਂ ਦੀ ਸੋਚ ਨੂੰ ਅਪਣਾਉਣ।ਇਸ ਮੌਕੇ ਸ਼ਹੀਦ ਭਗਤ ਸਿੰਘ ਸੁਸਾਇਟੀ ਦੇ ਇੰਚਾਰਜ ਡਾ. ਸੁਨੀਲ ਬਹਿਲ, ਯਸ਼ਪਾਲ, ਗੁਰਪ੍ਰੀਤ ਸਿੰਘ ਤੇ ਹਰਪਿੰਦਰ ਪਾਲ ਸਿੰਘ ਮੌਜੂਦ ਸਨ।

ਸਟਰੀਮ ਲਾਈਨ ਵੈੱਲਫੇਅਰ ਸੁਸਾਇਟੀ ਨੇ ਸ਼ਹੀਦੀ ਦਿਵਸ ਮਨਾਇਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸਮਾਜ ਸੇਵੀ ਸੰਸਥਾ ਸਟਰੀਮ ਲਾਈਨ ਵੈੱਲਫੇਅਰ ਸੋਸਾਇਟੀ ਫਿਰੋਜ਼ਪੁਰ ਨੇ ਡਾ. ਅਨਿਲ ਬਾਗੀ ਪਾਰਕ ਨੇੜੇ ਬਾਬਾ ਨਾਮ ਚੌਕ ਫਿਰੋਜ਼ਪੁਰ ਸ਼ਹਿਰ ਵਿਖੇ ਦੀਵਾਨ ਚੰਦ ਸਖੀਜਾ ਚੇਅਰਮੈਨ, ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ, ਪ੍ਰਵੀਨ ਕੁਮਾਰ ਧਵਨ ਜਨਰਲ ਸਕੱਤਰ ਦੀ ਅਗਵਾਈ ਹੇਠ ਸ਼ਹੀਦ ਭਗਤ ਸਿੰਘ ਦਾ ਸ਼ਹੀਦੀ ਦਿਵਸ ਸ਼ਰਧਾਪੂਰਕ ਮਨਾਇਆ।ਇਸ ਸਮੇਂ ਰਮੇਸ਼ ਕੁਮਾਰ ਬਜਾਜ, ਰਾਮ ਕਿਸ਼ੋਰ, ਪੁਸ਼ਪਲਤਾ, ਸਰਬ ਹਤੈਸ਼ੀ ਭਾਟੀਆ, ਜੋਗਿੰਦਰ ਕੌਰ, ਦੇਸ਼ਰਾਜ ਸ਼ਰਮਾ, ਜਸਵਿੰਦਰ ਕੌਰ ਬੇਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਸਮੇਂ ਬੋਲਦਿਆਂ ਪ੍ਰਵੀਨ ਕੁਮਾਰ ਧਵਨ ਜਨਰਲ ਸਕੱਤਰ ਨੇ ਸ਼ਹੀਦ ਭਗਤ ਸਿੰਘ ਦੀ ਸ਼ਹੀਦੀ ਬਾਰੇ ਭਰਪੂਰ ਜਾਣਕਾਰੀ ਦਿੱਤੀ।ਦੀਵਾਨ ਚੰਦ ਸੁਖੀਜਾ ਚੇਅਰਮੈਨ ਤੇ ਕਿਸ਼ਨ ਚੰਦ ਜਾਗੋਵਾਲੀਆ ਨੇ ਭਗਤ ਸਿੰਘ ਦੇ ਪਾਏ ਪੂਰਨਿਆਂ 'ਤੇ ਚੱਲਣ ਦੀ ਅਪੀਲ ਕੀਤੀ।ਰਮੇਸ਼ ਕੁਮਾਰ ਬਜਾਜ ਨੇ ਆਏ ਹੋਏ ਸੁਸਾਇਟੀ ਮੈਂਬਰਾਂ ਦਾ ਧੰਨਵਾਦ ਕੀਤਾ।

ਗੁਰੂ ਨਾਨਕ ਕ੍ਰਿਕਟ ਸਪੋਰਟਸ ਕਲੱਬ ਨੇ ਕਾਸਕੋ ਕ੍ਰਿਕਟ ਟੂਰਨਾਮੈਂਟ ਕਰਾਇਆ

ਖੇਡਾਂ ਤੰਦਰੁਸਤ ਤੇ ਨਰੋਏ ਸਮਾਜ ਦੀ ਸਿਰਜਣਾ ਕਰਦੀਆਂ : ਸੰਨੀ ਗਿੱਲ

ਮੋਗਾ (ਇਕਬਾਲ ਸਿੰਘ ਖਹਿਰਾ)-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੋਗਾ ਸੰਜੀਤ ਸਿੰਘ ਸੰਨੀ ਗਿੱਲ ਨੇ ਗੁਰੂ ਨਾਨਕ ਕਾਲਜ ਮੋਗਾ ਦੀ ਗਰਾਊਂਡ ਵਿੱਚ ਗੁਰੂ ਨਾਨਕ ਕ੍ਰਿਕਟ ਸਪੋਰਟਸ ਕਲੱਬ ਮੋਗਾ ਵੱਲੋਂ ਆਸ਼ੂ ਸੂਦ ਦੀ ਯਾਦ ਵਿੱਚ ਕਰਵਾਏ ਜਾ ਰਹੇ ਚੌਥੇ ਕਾਸਕੋ ਕ੍ਰਿਕਟ ਟੂਰਨਾਮੈਂਟ ਵਿੱਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਖਿਡਾਰੀਆਂ ਨਾਲ ਜਾਣ ਪਹਿਚਾਣ ਕਰਨ ਦੇ ਨਾਲ ਉਨ੍ਹਾਂ ਦੀ ਹੌਸਲਾ ਅਫਜ਼ਾਈ ਵੀ ਕੀਤੀ। ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਖੇਡਾਂ ਤੰਦਰੁਸਤ ਸਮਾਜ ਦਾ ਉਹ ਮਜ਼ਬੂਤ ਹਿੱਸਾ ਹੈ, ਜੋ ਇੱਕ ਨਰੋਏ ਤੇ ਸਿਹਤਮੰਦ ਸਮਾਜ ਦੀ ਸਿਰਜਣਾ ਕਰਨ ਵਿੱਚ ਆਪਣਾ ਵੱਡਾ ਰੋਲ ਅਦਾ ਕਰਦਾ ਹੈ ਤੇ ਅੱਜ ਦੇ ਦੌਰ ਵਿੱਚ ਜਦ ਆਪ ਸਰਕਾਰ ਦੇ ਰਾਜ ਅੰਦਰ ਨਸ਼ਾ ਧੜੱਲੇ ਨਾਲ ਵਿਕ ਰਿਹਾ ਹੈ ਅਤੇ ਇਸ ਦਾ ਸ਼ਿਕਾਰ ਹੋ ਰਹੇ ਹਨ ਸਾਡੇ ਨੌਜਵਾਨ ਤੇ ਲੋੜ ਹੈ ਅਜਿਹੇ ਵੱਧ ਤੋਂ ਵੱਧ ਖੇਡ ਮੇਲਿਆਂ ਦੀ ਤੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਦੀ ਤਾਂ ਕਿ ਨਸ਼ਿਆਂ ਤੋਂ ਬਚਾ ਹੋ ਸਕੇ। ਉਨ੍ਹਾਂ ਇਸ ਮੌਕੇ ਟੂਰਨਾਮੈਂਟ ਦੇ ਪ੍ਰਬੰਧਕਾਂ ਨੂੰ ਟੂਰਨਾਮੈਂਟ ਕਰਵਾਉਣ ਲਈ ਵਧਾਈ ਵੀ ਦਿੱਤੀ। ਇਸ ਮੌਕੇ ਟੂਰਨਾਮੈਂਟ ਪ੍ਰਬੰਧਕਾਂ ਨੇ ਸੰਜੀਤ ਸਿੰਘ ਸੰਨੀ ਗਿੱਲ ਦਾ ਵਿਸ਼ੇਸ਼ ਸਨਮਾਨ ਵੀ ਕੀਤਾ।

ਮੁਨੀਸ਼ ਸਿਸੋਦੀਆ ਦਾ ਪੰਜਾਬ ਪੁੱਜਣ 'ਤੇ ਦੇਵ ਮਾਨ ਵੱਲੋਂ ਨਿੱਘਾ ਸਵਾਗਤ

ਨਾਭਾ (ਵਰਿੰਦਰ ਵਰਮਾ)-ਪਿਛਲੇ ਦਿਨੀਂ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਦਿੱਲੀ ਦੇ ਸਾਬਕਾ ਉੱਪ-ਮੁੱਖ ਮੰਤਰੀ ਮੁਨੀਸ਼ ਸਿਸੋਦੀਆ ਨੂੰ ਪੰਜਾਬ ਦਾ ਇੰਚਾਰਜ ਲਗਾਇਆ ਗਿਆ ਹੈ।ਸੋਮਵਾਰ ਮੋਹਾਲੀ ਏਅਰਪੋਰਟ ਪੁੱਜਣ 'ਤੇ ਮੁਨੀਸ਼ ਸਿਸੋਦੀਆ ਦਾ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ ਗਿਆ।ਇਸ ਮੌਕੇ ਵਿਧਾਇਕ ਦੇਵ ਮਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਨੀਸ਼ ਸਿਸੋਦੀਆ ਨੇ ਦਿੱਲੀ ਵਿੱਚ ਸਿੱਖਿਆ ਦੇ ਖੇਤਰ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ ਹੈ।ਇਸ ਦੇ ਨਾਲ ਨਾਲ ਉਨ੍ਹਾਂ ਪਾਰਟੀ ਲਈ ਵੀ ਬਹੁਤ ਮਿਹਨਤ ਕਰਕੇ ਅਹਿਮ ਰੋਲ ਅਦਾ ਕੀਤਾ ਹੈ।ਉਨ੍ਹਾਂ ਦਾ ਪੰਜਾਬ ਦਾ ਇੰਚਾਰਜ ਲੱਗਣ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ।ਇਸ ਮੌਕੇ ਉਨ੍ਹਾਂ ਨਾਲ ਕੁਲਵੰਤ ਸਿੰਘ ਐੱਮ ਐੱਲ ਏ ਮੁਹਾਲੀ, ਗੁਰਦੀਪ ਸਿੰਘ ਦੀਪਾ ਰਾਮਗੜ੍ਹ ਚੇਅਰਮੈਨ ਮਾਰਕੀਟ ਕਮੇਟੀ, ਤੇਜਿੰਦਰ ਸਿੰਘ ਖਹਿਰਾ, ਗੁਰਦੀਪ ਸਿੰਘ ਟਿਵਾਣਾ ਚੇਅਰਮੈਨ ਮਾਰਕੀਟ ਕਮੇਟੀ ਨਾਭਾ, ਮਨਪ੍ਰੀਤ ਸਿੰਘ ਧਾਰੋਕੀ ਪ੍ਰਧਾਨ ਟਰੱਕ ਯੂਨੀਅਨ ਨਾਭਾ, ਸੁਖਜਿੰਦਰ ਸਿੰਘ ਟੌਹੜਾ ਪ੍ਰਧਾਨ ਟਰੱਕ ਯੂਨੀਅਨ ਭਾਦਸੋਂ, ਮੇਜਰ ਸਿੰਘ ਤੁੰਗਾਂ ਬਲਾਕ ਪ੍ਰਧਾਨ, ਜਸਵਿੰਦਰ ਸਿੰਘ ਅੱਚਲ ਸਰਪੰਚ, ਕਮਲ ਭਾਦਸੋਂ, ਸ਼ੈਂਕੀ ਸਿੰਗਲਾ ਪ੍ਰਧਾਨ ਤੇ ਹੋਰ ਅਹੁਦੇਦਾਰ ਮੌਜੂਦ ਸਨ।

ਸੜਕ ਹਾਦਸੇ 'ਚ ਪਤੀ ਦੀ ਮੌਤ, ਪਤਨੀ ਜ਼ਖ਼ਮੀ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਗੜ੍ਹੀ ਪੁਲ ਨੇੜੇ ਸਰਹਿੰਦ ਨਹਿਰ ਕਿਨਾਰੇ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਦਵਿੰਦਰ ਸਿੰਘ ਵਾਸੀ ਥਾਣਾ ਸਲੇਮ ਟਾਬਰੀ ਲੁਧਿਆਣਾ ਦੀ ਮੌਤ ਹੋ ਗਈ, ਜਦਕਿ ਉਸ ਦੀ ਪਤਨੀ ਅਨੀਤਾ ਜ਼ਖ਼ਮੀ ਹੋ ਗਈ। ਅਨੀਤਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਉਂਦਿਆਂ ਦੱਸਿਆ ਕਿ ਉਹ ਤੇ ਉਸ ਦਾ ਪਤੀ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਨੰਦਪੁਰ ਸਾਹਿਬ ਤੇ ਕੀਰਤਪੁਰ ਸਾਹਿਬ ਦੇ ਦਰਸ਼ਨਾਂ ਲਈ ਗਏ ਸਨ। ਜਦੋਂ ਦੋਵੇਂ ਗੁਰੂਘਰਾਂ ਦੇ ਦਰਸ਼ਨ ਕਰਨ ਉਪਰੰਤ ਮੋਟਰਸਾਈਕਲ 'ਤੇ ਸਵਾਰ ਹੋ ਕੇ ਲੁਧਿਆਣਾ ਵਾਪਸ ਜਾ ਰਹੇ ਸਨ ਤਾਂ ਸਰਹਿੰਦ ਨਹਿਰ ਕਿਨਾਰੇ ਗੜ੍ਹੀ ਪੁਲ ਨੇੜੇ ਪਿੱਛੋਂ ਆ ਰਹੀ ਤੇਜ਼ ਰਫ਼ਤਾਰ ਗੱਡੀ ਨੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਟੱਕਰ ਮਾਰੀ। ਇਸ ਹਾਦਸੇ ਕਾਰਨ ਉਨ੍ਹਾਂ ਦੇ ਮੋਟਰਸਾਈਕਲ ਦਾ ਸੰਤੁਲਨ ਵਿਗੜ ਗਿਆ ਤੇ ਉਸ ਦਾ ਪਤੀ ਦਰੱਖਤ ਨਾਲ ਜਾ ਟਕਰਾਇਆ, ਜਦਕਿ ਉਹ ਸੜਕ ਕਿਨਾਰੇ ਕੱਚੇ ਪਾਸੇ ਗਿਰ ਗਈ। ਹਾਦਸੇ ਤੋਂ ਬਾਅਦ ਕਾਰ ਥੋੜ੍ਹਾ ਜਿਹਾ ਅੱਗੇ ਜਾ ਰੁਕੀ ਤੇ ਇੱਕ ਵਿਅਕਤੀ ਬਾਹਰ ਆਇਆ ਤੇ ਮੇਰੇ ਪਤੀ ਦੀ ਹਾਲਤ ਗੰਭੀਰ ਦੇਖਦਿਆਂ ਉਹ ਮੌਕੇ ਤੋਂ ਕਾਰ ਭਜਾ ਕੇ ਲੈ ਗਿਆ। ਅਨੀਤਾ ਨੇ ਪੁਲਸ ਬਿਆਨਾਂ ਵਿੱਚ ਕਾਰ ਦਾ ਨੰਬਰ ਦਰਜ ਕਰਵਾ ਦਿੱਤਾ। ਹਾਦਸੇ ਕਾਰਨ ਮੌਕੇ 'ਤੇ ਲੋਕਾਂ ਦਾ ਇਕੱਠ ਹੋ ਗਿਆ ਤੇ ਕਿਸੇ ਨੇ 108 ਐਂਬੂਲੈਂਸ ਬੁਲਾਈ, ਜਿਸ ਵਿੱਚ ਉਹ ਆਪਣੇ ਪਤੀ ਨੂੰ ਲੈ ਕੇ ਹਸਪਤਾਲ ਗਈ ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਕਰਨੈਲ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਕਾਰ ਚਾਲਕ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ ਤੇ ਪੋਸਟ ਮਾਰਟਮ ਕਰਵਾਉਣ ਉਪਰੰਤ ਲਾਸ਼ ਵਾਰਿਸਾਂ ਨੂੰ ਸੌਂਪ ਦਿੱਤੀ ਹੈ।

ਸਟੇਟ ਚੈਂਪੀਅਨਸ਼ਿਪ ਲਈ ਟਰਾਇਲ ਭਲਕੇ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਸੀਨੀਅਰ ਸਟੇਟ ਨੈੱਟਬਾਲ ਚੈਂਪੀਅਨਸ਼ਿਪ ਲਈ ਖਿਡਾਰੀਆਂ ਦੇ ਟਰਾਇਲ ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਵਿਖੇ 27 ਮਾਰਚ ਨੂੰ ਕਰਵਾਏ ਜਾ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਲੈਕਚਰਾਰ ਰਣਜੀਤ ਸਿੰਘ ਗੁਰੂਸਰ ਪ੍ਰਧਾਨ ਜ਼ਿਲ੍ਹਾ ਨੈੱਟਬਾਲ ਐਸੋਸੀਏਸ਼ਨ ਤੇ ਕੋਚ ਜਗਸੀਰ ਪੁਰੀ ਜਨਰਲ ਸਕੱਤਰ ਜ਼ਿਲ੍ਹਾ ਨੈੱਟਬਾਲ ਐਸੋਸੀਏਸ

26-March-PAGE-3.qxd 3/25/2025 11:07 PM Page 1

ਪਟਿਆਲਾ ਕੇਂਦਰੀ ਜੇਲ੍ਹ ਚੋਂ ਇਕ ਵੱਡਾ ਜਥਾ ਰਿਹਾਅ

ਤਰਨ ਤਾਰਨ, ਚੋਹਲਾ ਸਾਹਿਬ (ਪ੍ਰਿਤਪਾਲ ਸਿੰਘ, ਰਮਨ ਚੱਢਾ)

ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਸਤਨਾਮ ਸਿੰਘ ਪੰਨੂ, ਸਵਿੰਦਰ ਸਿੰਘ ਚੌਤਾਲਾ, ਹਰਪ੍ਰੀਤ ਸਿੰਘ ਸਿੱਧਵਾਂ, ਸਤਨਾਮ ਸਿੰਘ ਮਾਨੋਚਾਹਲ, ਹਰਜਿੰਦਰ ਸਿੰਘ ਸ਼ਕਰੀ ਨੇ ਇੱਕ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੱਲ੍ਹ ਕੇ ਐਮ ਐਮ ਮੋਰਚਾ ਭਾਰਤ ਅਤੇ ਐਸ ਕੇ ਐਮ ਗੈਰ ਰਾਜਨੀਤਿਕ ਜੋ ਦੋਵਾਂ ਫੋਰਮਾਂ ਵੱਲੋਂ ਐਲਾਨ ਕੀਤੇ ਗਏ ਸਨ ਉਸ ਐਲਾਨ ਦੇ ਦਬਾਅ ਹੇਠ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਇੱਕ ਵੱਡੇ ਜਿਸ 'ਚ ਕਿਸਾਨਾਂ, ਮਜ਼ਦੂਰ ਬੀਬੀਆਂ, ਨੌਜਵਾਨਾਂ ਨੂੰ ਰਿਹਾਅ ਕੀਤਾ ਗਿਆ ਅਤੇ ਜਿਸ ਤਰ੍ਹਾਂ ਸਾਡੀ ਵੱਡੀ ਲੀਡਰਸ਼ਿਪ ਸਰਵਣ ਸਿੰਘ ਪੰਧੇਰ, ਜਗਜੀਤ ਸਿੰਘ ਡੱਲੇਵਾਲ, ਕਾਕਾ ਸਿੰਘ ਕੋਟਰਾ, ਮਨਜੀਤ ਸਿੰਘ ਰਾਏ, ਜਸਵਿੰਦਰ ਸਿੰਘ ਲੌਂਗੋਵਾਲ ਆਦਿ ਹੋਰ ਵੱਡੀ ਲੀਡਰਸ਼ਿਪ ਅਜੇ ਜੇਲ੍ਹਾਂ ਵਿੱਚ ਡੱਕੀ ਹੋਈ ਹੈ ਉਹਨਾਂ ਨੂੰ ਜਲਦੀ ਤੋਂ ਜਲਦੀ ਬਿਨਾਂ ਜ਼ਮਾਨਤ ਤੋਂ ਰਿਹਾਅ ਕੀਤਾ ਜਾਵੇ ਤੇ ਜਥੇਬੰਦੀ ਦੇ ਅਗਲੇ ਪ੍ਰੋਗਰਾਮ 28 ਤਰੀਕ ਨੂੰ ਐਸ ਕੇ ਐਮ ਦੀ ਕਾਲ 'ਤੇ ਸਾਡਾ ਪੂਰਨ ਤੌਰ 'ਤੇ ਸਮਰਥਨ ਰਹੇਗਾ। ਅਤੇ 31 ਮਾਰਚ ਨੂੰ ਪੂਰੇ ਪੰਜਾਬ 'ਚ ਆਮ ਆਦਮੀ ਪਾਰਟੀ ਦੇ ਸਾਰੇ ਮੰਤਰੀਆਂ ਦਾ ਘਰਾਂ ਦਾ ਘਿਰਾਓ ਕੀਤਾ ਜਾਵੇਗਾ। ਜੇ ਸਾਡੀਆਂ ਮੰਗਾਂ ਹੱਲ ਨਹੀਂ ਕੀਤੀਆਂ ਜਾਂਦੀਆਂ ਤਾਂ ਇਹ ਘਿਰਾਓ ਮੋਰਚੇ ਵਿੱਚ ਤਬਦੀਲ ਕੀਤਾ ਜਾਵੇਗਾ। ਇਸ ਮੌਕੇ ਬਲਵਿੰਦਰ ਸਿੰਘ ਚੋਹਲਾ ਸਾਹਿਬ, ਦਿਆਲ ਸਿੰਘ ਮੀਆਂਵਿੰਡ, ਰੇਸ਼ਮ ਸਿੰਘ ਘੁਰਕਵਿੰਡ, ਜਰਨੈਲ ਸਿੰਘ ਨੂਰਦੀ, ਹਰਬਿੰਦਰਜੀਤ ਸਿੰਘ ਕੰਗ, ਕੁਲਵੰਤ ਸਿੰਘ ਢੋਟੀਆਂ, ਮਨਜਿੰਦਰ ਸਿੰਘ ਗੋਹਲਵੜ, ਨਿਰੰਜਣ ਸਿੰਘ ਬਗਰਾੜੀ, ਪਰਮਜੀਤ ਸਿੰਘ ਛੀਨਾ, ਕੁਲਵਿੰਦਰ ਸਿੰਘ ਕੈਰੋਵਾਲ, ਸੁਖਚੈਨ ਸਿੰਘ ਅੱਲੋਵਾਲ, ਮੁਖਤਾਰ ਸਿੰਘ ਬਿਹਾਰੀਪੁਰ, ਇਕਬਾਲ ਸਿੰਘ ਵੜਿੰਗ, ਸੁਖਵਿੰਦਰ ਸਿੰਘ ਦੁਗਲਵਾਲਾ, ਮਨਜੀਤ ਸਿੰਘ ਕਰਮੂਵਾਲਾ, ਕੁਲਵੰਤ ਸਿੰਘ ਭੈਲ, ਆਤਮਾ ਘਰਿਆਲੀ, ਦਿਲਬਾਗ ਪਹੁਵਿੰਡ, ਲਖਵਿੰਦਰ ਸਿੰਘ ਪਲਾਸੌਰ ਆਦਿ ਆਗੂ ਹਾਜ਼ਰ ਸਨ।

ਐੱਨ ਐੱਚ ਐੱਮ ਕਰਮਚਾਰੀਆਂ ਵੱਲੋਂ ਤਿੰਨ ਦਿਨਾ ਹੜਤਾਲ ਸ਼ੁਰੂ

ਚੋਹਲਾ ਸਾਹਿਬ (ਪੱਤਰ ਪ੍ਰੇਰਕ)

ਪਿਛਲੇ ਦਿਨੀਂ ਐਨ.ਐਚ.ਐਮ ਇੰਪਲਾਇਜ਼ ਯੂਨੀਅਨ ਪੰਜਾਬ ਦੀ ਆਨਲਾਈਨ ਮੀਟਿੰਗ ਡਾਕਟਰ ਵਾਹਿਦ ਮੁਹੰਮਦ ਸੂਬਾ ਪ੍ਰਧਾਨ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਦੌਰਾਨ ਸੂਬਾ ਕਮੇਟੀ ਮੈਂਬਰਾਂ ਅਤੇ ਵੱਖ ਵੱਖ ਜ਼ਿਲ੍ਹਿਆਂ ਦੇ ਆਗੂਆਂ ਨੇ ਭਾਗ ਲਿਆ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ.ਵਾਹਿਦ ਮੁਹੰਮਦ ਨੇ ਕਿਹਾ ਕਿ ਪੰਜਾਬ ਸਰਕਾਰ ਸਿਹਤ ਵਿਭਾਗ ਦੇ ਪ੍ਰਮੱਖ ਸਕੱਤਰ ਨੇ ਮਿਤੀ 31-01-2025 ਨੂੰ ਪੱਤਰ ਜਾਰੀ ਕਰਕੇ ਦੋ ਮਹੀਨਿਆਂ ਦੇ ਅੰਦਰ-ਅੰਦਰ ਤਨਖਾਹਾਂ ਵਿੱਚ ਵਾਧੇ ਅਤੇ ਕਮਾਈ ਛੁੱਟੀ ਦੇਣ ਦਾ ਵਾਅਦਾ ਕੀਤਾ ਸੀ ਪਰੰਤੂ ਬੜੇ ਹੀ ਦੁੱਖ ਦੀ ਗੱਲ ਹੈ ਕਿ ਵਿਭਾਗ ਦੇ ਉੱਚ ਅਧਿਕਾਰੀਆਂ ਨੇ ਇਹਨਾਂ ਮੰਗਾਂ ਨੂੰ ਪੂਰਾ ਕਰਨ ਸਬੰਧੀ ਕੋਈ ਵੀ ਪੱਤਰ ਜਾਰੀ ਨਹੀਂ ਕੀਤਾ ਗਿਆ। ਜਿਸ ਦੇ ਰੋਸ ਵਜੋਂ ਐਨ.ਐਚ.ਐਮ ਕਰਮਚਾਰੀਆਂ ਵੱਲੋਂ 24 ਮਾਰਚ ਤੋਂ 26 ਮਾਰਚ ਤੱਕ ਪੈੱਨ ਡਾਊਨ ਹੜਤਾਲ ਸ਼ੁਰੂ ਕੀਤੀ ਕੰਮ ਛੱਡੋ ਹੜਤਾਲ ਦੌਰਾਨ ਐਨ.ਐਚ.ਐਮ ਕਰਮਚਾਰੀਆਂ ਵੱਲੋਂ ਸਿਹਤ ਸੰਸਥਾਵਾਂ ਵਿਖੇ ਐਨ.ਸੀ.ਡੀ ਸਕਰੀਨਿੰਗ ਕੰਪੇਨ, ਟੀ ਬੀ ਕੰਪੇਨ, ਓ.ਪੀ.ਡੀ, ਕਲੀਨੀਕਲ ਡਿਊਟੀਆਂ, ਦਫਤਰੀ ਰਿਪੋਰਟਿੰਗ ਦਾ ਕੰਮ, ਆਨਲਾਈਨ ਅਤੇ ਆਫ ਲਾਈਨ ਟਰੇਨਿੰਗਾਂ ਦਾ ਕੰਮ ਪੂਰੀ ਤਰ੍ਹਾਂ ਠੱਪ ਰੱਖਿਆ ਜਾਵੇਗਾ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਐਨ.ਐਚ.ਐਮ ਕਰਮਚਾਰੀਆਂ ਦੀ ਪਿਛਲੇ ਤਿੰਨ ਸਾਲਾਂ ਤੋਂ ਅਣਦੇਖੀ ਕੀਤੇ ਜਾਣ ਕਾਰਨ ਲੁਧਿਆਣਾ ਵਿਖੇ ਪੰਜਾਬ ਸਰਕਾਰ ਵਿਰੁੱਧ ਘਰ-ਘਰ ਪਰਚੇ ਵੰਡ ਕੇ ਸਰਕਾਰ ਦੀ ਪੋਲ ਖੋਲ੍ਹਣ ਲਈ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਇਸ ਦੌਰਾਨ ਆਗੂਆਂ ਨੇ ਮੰਗ ਕਰਦਿਆਂ ਕਿਹਾ ਕਿ ਐਨ.ਐਚ.ਐਮ ਕਰਮਚਾਰੀਆਂ ਦੀਆਂ ਤਨਖਾਹਾਂ ਵਿਚ ਤੁਰੰਤ ਵਾਧਾ ਕੀਤਾ ਜਾਵੇ ਅਤੇ ਕਮਾਈ ਛੁੱਟੀ ਦਾ ਪੱਤਰ ਤੁਰੰਤ ਜਾਰੀ ਕੀਤਾ ਜਾਵੇ। ਇਸ ਮੌਕੇ ਪ੍ਰਧਾਨ ਮਨਦੀਪ ਸਿੰਘ, ਸੀ ਐਚ ਓ ਸੂਰਜ ਦੇਵਗਨ, ਜਤਿੰਦਰ ਕੌਰ ਐਲ ਟੀ, ਸੀ ਐਚ ਓ ਪ੍ਰਭਜੋਤ ਕੌਰ, ਕੁਲਵੰਤ ਕੌਰ ਅਕਾਊਂਟੈਂਟ, ਸਰਬਜੀਤ ਕੌਰ ਐਸ ਟੀ, ਸੀ ਐਚ ਓ ਸੁਪ੍ਰੀਤ ਕੌਰ, ਅਮਨਦੀਪ ਕੌਰ ਸਟਾਫ ਨਰਸ ਆਰ ਬੀ ਐਸ ਕੇ, ਸੀ ਐਚ ਓ ਅਨੁਰਾਧਾ, ਏ ਐਨ ਐਮ ਲਖਵਿੰਦਰ ਕੌਰ, ਸਟਾਫ ਨਰਸ ਕਵਲਜੀਤ ਕੌਰ,ਸਟਾਫ ਨਰਸ ਗੁਰਮੀਤ ਕੌਰ, ਆਦਿ ਨੇ ਵੀ ਸੰਬੋਧਨ ਕੀਤਾ।

ਕੁੱਟਮਾਰ ਕਰਨ ਵਾਲੇ ਦੋ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ, (ਜਨਕ ਮਹਾਜਨ)- ਥਾਣਾ ਦੀਨਾਨਗਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਦਲਜੀਤ ਸਿੰਘ ਪੁੱਤਰ ਗੁਰਮੁੱਖ ਸਿੰਘ ਵਾਸੀ ਘੁੱਲਾ ਨੇ ਦੱਸਿਆ ਕਿ 30 ਜਨਵਰੀ ਨੂੰ ਮੈਂ ਆਪਣੇ ਪਿੰਡ ਦੀ ਫਿਰਨੀ 'ਤੇ ਖੜ੍ਹਾ ਸੀ ਜਿਥੇ ਅੰਸ਼ ਅਤੇ ਵੰਸ਼ ਖੜ੍ਹੇ ਸਨ, ਜਿਨ੍ਹਾਂ ਨੇ ਮੈਨੂੰ ਗਾਲੀ ਗਲੋਚ ਕੀਤਾ। ਮੇਰਾ ਉਨ੍ਹਾਂ ਨਾਲ ਮਾਮੂਲੀ ਤਕਰਾਰ ਹੋਈ ਸੀ। ਇਸ ਸਬੰਧੀ ਮੈਂ ਅਤੇ ਮੇਰੀ ਮਾਤਾ ਅੰਸ਼ ਅਤੇ ਵੰਸ਼ ਦੇ ਘਰ ਉਲ੍ਹਾਮਾ ਦੇਣ ਜਾ ਰਹੇ ਸੀ ਕਿ ਜਦ ਉਹ ਉਨ੍ਹਾਂ ਘਰ ਤੋਂ ਥੋੜ੍ਹਾ ਪਿੱਛੇ ਗਲੀ ਵਿੱਚ ਪੁੱਜੇ ਤਾਂ ਅੰਸ਼ ਤੇ ਵੰਸ਼ ਨੇ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਮੈਨੂੰ ਜ਼ਖਮੀ ਕਰ ਦਿੱਤਾ। ਇਸ ਦੌਰਾਨ ਮੇਰੀ ਮਾਤਾ ਦੌੜ ਕੇ ਆਪਣੇ ਘਰ ਚਲੀ ਗਈ ਤਾਂ ਕਥਿਤ ਦੋਸ਼ੀਆਂ ਨੇ ਸਾਡੇ ਘਰ ਦੇ ਗੇਟ ਦੀ ਭੰਨ ਤੋੜ ਕੀਤੀ ਅਤੇ ਧਮਕੀਆਂ ਦਿੱਤੀਆਂ। ਥਾਣਾ ਦੀਨਾਨਗਰ ਪੁਲਸ ਨੇ ਕਥਿਤ ਦੋਸ਼ੀਆਂ ਅੰਸ਼ ਅਤੇ ਵੰਸ਼ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

ਖਾਲਸਾ ਕਾਲਜ ਗੁਰਦਾਸਨੰਗਲ ਦੇ ਵਿਦਿਆਰਥੀਆਂ ਕੈਰੀਅਰ ਕਾਊਂਸਲਿੰਗ ਕੈਂਪ 'ਚ ਭਾਗ ਲਿਆ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ ਲਗਾਏ ਗਏ ਕੈਰੀਅਰ ਕਾਉਂਸਲਿੰਗ ਕੈਂਪ ਵਿੱਚ ਹਿੱਸਾ ਲਿਆ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੁਆਰਾ ਉਲੀਕੇ ਪ੍ਰੋਗਰਾਮ ਤਹਿਤ ਪ੍ਰੋ. ਸਤਨਾਮ ਸਿੰਘ ਦੀ ਅਗਵਾਈ ਹੇਠ ਕਾਲਜ ਵਿਦਿਆਰਥੀਆਂ ਨੂੰ ਸੈਮੀਨਾਰ ਵਿੱਚ ਸਮੂਲੀਅਤ ਕੀਤੀ। ਇਸ ਮੌਕੇ ਜ਼ਿਲ੍ਹਾ ਗਾਈਡੈਂਸ ਤੇ ਕਾਉਂਸਲਿੰਗ ਅਫਸਰ ਪਰਮਿੰਦਰ ਸਿੰਘ ਸੈਣੀ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਮੁਕੰਮਲ ਕਰਨ ਉਪਰੰਤ ਰੁਜ਼ਗਾਰ ਦੇ ਮੌਕਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਹਨਾਂ ਨੇ ਰੁਜ਼ਗਾਰ ਪ੍ਰਾਪਤੀ ਲਈ ਆਨਲਾਈਨ ਅਤੇ ਆਫਲਾਈਨ ਰਜਿਸਟ੍ਰੇਸ਼ਨ ਸਬੰਧੀ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ।

300 ਗ੍ਰਾਮ ਹੈਰੋਇਨ ਸਮੇਤ 2 ਨੌਜਵਾਨ ਗ੍ਰਿਫ਼ਤਾਰ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੁਲਸ ਜ਼ਿਲ੍ਹਾ ਬਟਾਲਾ ਦੇ ਐਸ ਐਸ ਪੀ ਸੁਹੇਲ ਕਾਸਿਮ ਮੀਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੁਲਸ ਥਾਣਾ ਘੁੰਮਣ ਵਲੋਂ 300 ਗਰਾਮ ਹੈਰੋਇਨ ਸਮੇਤ 2 ਨੌਜਵਾਨਾਂ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ। ਘੁਮਾਣ ਪੁਲਸ ਦੇ ਐਸ ਐਚ ਓ ਮੈਡਮ ਬਲਜੀਤ ਕੌਰ ਨੇ ਦੱਸਿਆ ਕਿ ਉਹਨਾਂ ਵੱਲੋਂ ਜੋਬਨਪ੍ਰੀਤ ਸਿੰਘ ਨਾਂਅ ਦਾ ਨੌਜਵਾਨ ਵਾਸੀ ਪਿੰਡ ਨੰਗਲ ਦਾ ਰਹਿਣ ਵਾਲਾ ਜਿਸ ਦੇ ਕੋਲੋਂ 200 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਅਤੇ ਇਸੇ ਤਰ੍ਹਾਂ ਹੀ ਮਨਜੋਤ ਸਿੰਘ ਨਾਮਕ ਨੌਜਵਾਨ ਕੋਲੋਂ 100 ਗ੍ਰਾਮ ਹੈਰੋਇਨ ਬਰਾਮਦ ਕਰਕੇ ਉਹਨਾਂ ਖਿਲਾਫ ਥਾਣਾ ਘੁਮਾਣ ਅੰਦਰ ਮਾਮਲਾ ਦਰਜ ਕੀਤਾ ਗਿਆ।

ਕਲੱਬ ਪ੍ਰਧਾਨ ਲਲਿਤ ਮੋਹਨ ਚੰਡੋਕ ਸਨਮਾਨਤ



ਅੰਮ੍ਰਿਤਸਰ (ਅਰੋੜਾ)-ਮਹਾਨਗਰ ਦੇ ਪਤਵੰਤਿਆਂ, ਬੁੱਧੀਜੀਵੀਆਂ ਦੇ ਸੰਗਠਨ ਰਾਮ ਬਾਗ ਸਥਿਤ ਅੰਮ੍ਰਿਤਸਰ ਕਲੱਬ ਦੇ ਸਮਾਜ ਸੇਵਕ ਲਲਿਤ ਮੋਹਨ ਚੰਡੋਕ ਨੂੰ ਪ੍ਰਧਾਨ ਘੋਸ਼ਿਤ ਕੀਤੇ ਜਾਣ 'ਤੇ ਕਲੱਬ ਦੇ ਸਾਰੇ ਮੈਂਬਰਾਂ ਨੇ ਉਨ੍ਹਾਂ ਨੂੰ ਸਨਮਾਨਤ ਕੀਤਾ। ਕਲੱਬ ਦੇ ਆਂਗਣ ਵਿੱਚ ਕਰਵਾਏ ਗਏ ਇੱਕ ਸਾਦਾ ਸਮਾਗਮ ਵਿੱਚ ਕਲੱਬ ਦੇ ਸੀਨੀਅਰ ਸਿਟੀਜ਼ਨ ਮੈਂਬਰਾਂ ਨੇ ਉਨ੍ਹਾਂ ਨੂੰ ਪ੍ਰਧਾਨ ਘੋਸ਼ਿਤ ਕੀਤੇ ਜਾਣ 'ਤੇ ਕਲੱਬ ਦੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ। ਸੀਨੀਅਰ ਸਿਟੀਜਨ ਮੈਂਬਰਾਂ ਨੇ ਕਿਹਾ ਕਿ ਲਲਿਤ ਮੋਹਨ ਚੰਡੋਕ ਪਿਛਲੇ ਲੰਬੇ ਸਮੇਂ ਤੋਂ ਕਲੱਬ ਦੇ ਵਿਕਾਸ ਅਤੇ ਕਲੱਬ ਦੇ ਹਰ ਪਹਿਲੂ 'ਤੇ ਵਿਚਾਰ ਕਰਕੇ ਕਲੱਬ ਦੇ ਮੈਂਬਰਾਂ ਦੀਆਂ ਮੰਗਾਂ ਦੇ ਅਨੁਸਾਰ ਹਰ ਕੰਮ ਪਹਿਲ ਦੇ ਆਧਾਰ 'ਤੇ ਕਰਦੇ ਆ ਰਹੇ ਹਨ। ਮੈਂਬਰਾਂ ਨੇ ਉਨ੍ਹਾਂ ਨੂੰ ਫੁੱਲਾਂ ਦੇ ਗੁਲਦਸਤੇ ਦੇ ਕੇ ਸਨਮਾਨਤ ਕੀਤਾ। ਸਨਮਾਨਿਤ ਕਰਨ ਵਾਲਿਆਂ ਵਿੱਚ ਸਤੀਸ਼ ਗਲਹੋਤਰਾ, ਸੁਭਾਸ਼ ਵਿਜ, ਦੀਪਕ ਖੰਨਾ, ਡਾ. ਜਗਦੀਸ਼ ਮੇਹਰਾ, ਬਿੱਲੂ ਖੰਨਾ, ਸ਼ਸ਼ੀ ਮੇਹਰਾ, ਪ੍ਰਿੰਸੀਪਲ ਮੁਕੇਸ਼ ਪੁਰੀ, ਮਿਸਟਰ ਦਿਲਾਵਰੀ, ਸੰਜੀਵ ਮਖੀਜਾ ਸਹਿਤ ਕਲੱਬ ਦੇ ਕਈ ਮੈਂਬਰ ਮੌਜੂਦ ਸਨ।

ਕੇਂਦਰੀ ਜੇਲ੍ਹ 'ਚੋਂ ਮਿਲਿਆ ਲਵਾਰਸ ਮੋਬਾਈਲ

ਗੁਰਦਾਸਪੁਰ, (ਜਨਕ ਮਹਾਜਨ)- ਥਾਣਾ ਸਿਟੀ ਗੁਰਦਾਸਪੁਰ ਨੂੰ ਸੁਪਰਡੈਂਟ ਕੇਂਦਰੀ ਜੇਲ੍ਹ ਗੁਰਦਾਸਪੁਰ ਨੇ ਆਪਣੇ ਪੱਤਰ ਨੰਬਰ 2223 ਰਾਹੀਂ ਦੱਸਿਆ ਕਿ 21/22 ਮਾਰਚ ਦੀ ਰਾਤ ਨੂੰ ਸਵੇਰੇ 12.30 ਵਜੇ ਜੇਲ੍ਹ ਸਟਾਫ ਵਲੋਂ ਕੇਂਦਰੀ ਜੇਲ੍ਹ ਗੁਰਦਾਸਪੁਰ ਵਿਖੇ ਬੈਰਕ ਨੰਬਰ 8 ਚੱਕੀਆਂ ਦੀ ਤਲਾਸ਼ੀ ਕੀਤੀ ਗਈ ਤਾਂ ਚੱਕੀ ਨੰਬਰ 1 ਵਿੱਚ ਹਵਾਲਾਤੀ ਪ੍ਰਭਜੋਤ ਕਪਿਲ ਪੁੱਤਰ ਜਗਦੇਵ ਸਿੰਘ ਕੋਲੋਂ ਇੱਕ ਮੋਬਾਇਲ ਫੋਨ ਮਾਰਕਾ ਨੋਕੀਆ ਕੀ-ਪੈਡ ਵਾਲਾ ਸਮੇਤ ਬੈਟਰੀ ਅਤੇ ਸਿੰਮ ਬਰਾਮਦ ਹੋਇਆ ਹੈ।

ਗੁਰਦੁਆਰਾ ਭਗਤਾਂ ਦਾ ਡੇਰਾ ਵਿਖੇ ਸਾਲਾਨਾ ਜੋੜ ਮੇਲਾ ਅੱਜ ਤੇ ਭਲਕੇ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ, ਅੰਮ੍ਰਿਤਸਰ ਵਿਖੇ ਸਲਾਨਾ ਜੋੜ ਮੇਲਾ 26 ਅਤੇ 27 ਮਾਰਚ ਨੂੰ ਬੜੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਦੇ ਨਾਲ ਮਨਾਇਆ ਜਾ ਰਿਹਾ ਹੈ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੇਵ ਸਿੰਘ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਦੇ ਭੋਗ ਪੈਣ ਉਪਰੰਤ 26 ਅਤੇ 27 ਮਾਰਚ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਉੱਚਕੋਟੀ ਦੇ ਰਾਗੀ ਢਾਡੀ ਬਲਬੀਰ ਸਿੰਘ ਪਾਰਸ, ਕਵੀਸ਼ਰ ਗੁਰਮੁਖ ਸਿੰਘ ਐਮ ਏ, ਕਥਾਵਾਚਕ ਗਿਆਨੀ ਹਰਪ੍ਰੀਤ ਸਿੰਘ, ਗਿਆਨੀ ਗੁਰਮੁਖ ਸਿੰਘ ਸੈਦੇ ਲੇਹਲ, ਕਵੀਸ਼ਰ ਸੁਲਤਾਨ ਸਿੰਘ ਭੰਦੇਰ, ਕਵੀਸ਼ਰ ਅਮਰਜੀਤ ਸਿੰਘ ਕੋਮਲ, ਕਵੀਸ਼ਰ ਦਿਲਬਾਗ ਸਿੰਘ ਕਾਲੇਕੇ ਅਤੇ ਕਵੀਸ਼ਰ ਕਰਨਦੀਪ ਸਿੰਘ ਬਨਵਾਲੀਪੁਰ ਵਾਲੇ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਉਹਨਾਂ ਦੱਸਿਆ ਕਿ ਦੋਵੇਂ ਦਿਨ ਬਾਬਾ ਜੁਝਾਰ ਸਿੰਘ ਦਸਤਾਰ ਲਹਿਰ ਦੁਬਈ ਅਤੇ ਤਰਸਿੱਕਾ ਨਿਵਾਸੀ ਐਨ ਆਰ ਆਈ ਵੀਰਾਂ ਵੱਲੋਂ ਫ੍ਰੀ ਦਸਤਾਰ ਸਿਖਲਾਈ ਕੈਂਪ ਲਗਾਇਆ ਜਾਵੇਗਾ। ਦੋਵੇਂ ਦਿਨ ਸ਼ਾਮ ਨੂੰ ਦੀਵਾਨਾਂ ਦੀ ਸਮਾਪਤੀ ਉਪਰੰਤ ਪੰਜਾਬ ਦੀਆਂ ਨਾਮਵਰ ਟੀਮਾਂ ਵਿਚਕਾਰ ਕਬੱਡੀ ਦਾ ਮੈਚ ਹੋਵੇਗਾ ਅਤੇ 28 ਮਾਰਚ ਨੂੰ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ।

ਇਫਤਾਰ ਪਾਰਟੀ ਦਾ ਆਯੋਜਨ

ਰਾਹੋਂ (ਕੁਲਵਿੰਦਰ ਸਿੰਘ ਰਾਹੋਂ)- ਸਥਾਨਕ ਬੱਸ ਸਟੈਂਡ ਦੇ ਨਜ਼ਦੀਕ ਪੁਰਾਤਨ ਜ਼ਾਮਾ ਮਸਜਿਦ ਵਿਖੇ ਮੁਸਲਿਮ ਭਾਈਚਾਰੇ ਵਲੋਂ ਰਮਜਾਨ ਦੇ ਸ਼ੁੱਭ ਮੌਕੇ 'ਤੇ ਰੋਜ਼ਾ ਇਫਤਾਰ ਪਾਰਟੀ ਦਾ ਆਯੋਜਨ ਕੀਤਾ ਗਿਆ।ਮੁੱਖ ਮਹਿਮਾਨ ਵਜੋਂ ਮੁਸਲਿਮ ਸੰਗਠਨ ਪੰਜਾਬ ਦੇ ਐਡਵੋਕੇਟ ਨਾਇਮ ਖਾਨ ਸ਼ੇਖ ਪ੍ਰਧਾਨ ਮੁਸਲਿਮ ਸੰਗਠਨ ਪੰਜਾਬ ਦੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਤੋਂ ਇਲਾਵਾ ਇਸ ਪਾਰਟੀ ਵਿੱਚ ਵੱਖ ਵੱਖ ਪਾਰਟੀਆਂ ਦੇ ਅਹੁਦੇਦਾਰਾਂ ਜਿਨ੍ਹਾਂ ਵਿੱਚ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ, ਸਾਬਕਾ ਵਿਧਾਇਕ ਅੰਗਦ ਸਿੰਘ ਸੈਣੀ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਹੇਮੰਤ ਰਨਦੇਵ, ਕੌਂਸਲਰ ਬਿਮਲ ਕੁਮਾਰ, ਸੁਦਰਸ਼ਨ ਜੈਨ, ਮੁਖਤਿਆਰ ਮੁੱਖਾ, ਸਤਪਾਲ, ਡਾ. ਘੁਰਨਾਮ ਸਿੰਘ ਸੈਣੀ, ਨਰਿੰਦਰ ਚਾਹਲ, ਮੁਸਲਿਮ ਭਾਈਚਾਰੇ ਦੇ ਜ਼ਿਲ੍ਹਾਂ ਪ੍ਰਧਾਨ ਨਜ਼ਾਮ ਹਾਜੀ, ਮਜ਼

26-March-PAGE-4.qxd 3/25/2025 10:56 PM Page 1

ਨਵਾਂ ਜ਼ਮਾਨਾ
ਬੁੱਧਵਾਰ, 26 ਮਾਰਚ 2025

ਨੈਨੀ ਝੀਲ ਸੁੱਕ ਚੱਲੀ !

ਨੈਨੀਤਾਲ ਦੀ ਨੈਨੀ ਝੀਲ ਉੱਤਰਾਖੰਡ ਦੀਆਂ ਸਭ ਤੋਂ ਖੂਬਸੂਰਤ ਥਾਵਾਂ ਵਿੱਚੋਂ ਇੱਕ ਹੈ। ਇਹ ਨੈਨੀਤਾਲ ਸ਼ਹਿਰ ਦੇ ਵਿਚਕਾਰ ਸਥਿਤ ਹੈ ਤੇ ਅਦਭੁੱਤ ਕੁਦਰਤੀ ਸੁੰਦਰਤਾ ਦੇ ਕਾਰਨ ਦੁਨੀਆ ਭਰ ਦੇ ਸੈਲਾਨੀਆਂ ਦੀ ਖਿੱਚ ਦਾ ਕੇਂਦਰ ਬਣੀ ਆਈ ਹੈ। ਮਿੱਠੇ ਪਾਣੀ ਦੀ ਇਹ ਝੀਲ ਹਰੀਆਂ-ਭਰੀਆਂ ਪਹਾੜੀਆਂ ਨਾਲ ਘਿਰੀ ਹੋਈ ਹੈ। ਇਸ ਦਾ ਆਕਾਰ ਅੱਧੇ ਚੰਨ ਵਰਗਾ ਹੈ ਅਤੇ ਇਹ ਲਗਭਗ ਡੇਢ ਕਿੱਲੋਮੀਟਰ ਲੰਮੀ, 500 ਮੀਟਰ ਚੌੜੀ ਤੇ 27 ਮੀਟਰ ਡੂੰਘੀ ਹੈ। ਗਰਮੀਆਂ ਵਿੱਚ ਸੈਲਾਨੀ ਇੱਥੇ ਵੱਡੀ ਗਿਣਤੀ 'ਚ ਪੁੱਜਦੇ ਹਨ। ਇਸ ਵਾਰ ਗਰਮੀਆਂ ਤੋਂ ਪਹਿਲਾਂ ਝੀਲ ਬਾਰੇ ਆਈ ਇਸ ਖਬਰ ਨੇ ਕੁਦਰਤ ਪ੍ਰੇਮੀਆਂ ਦਾ ਦਿਲ ਦੁਖਾਇਆ ਹੈ ਕਿ ਇਸ ਦਾ ਜਲ-ਪੱਧਰ ਪੰਜ ਸਾਲ ਦੇ ਸਭ ਤੋਂ ਹੇਠਲੇ ਪੱਧਰ ਯਾਨਿ ਕਿ 4.7 ਫੁੱਟ ਤੱਕ ਡਿੱਗ ਗਿਆ ਹੈ। 2020 ਵਿੱਚ ਇਹ 6 ਫੁੱਟ 10 ਇੰਚ, 2021 ਵਿੱਚ 5 ਫੁੱਟ 4 ਇੰਚ, 2022 ਵਿੱਚ 7 ਫੁੱਟ 9 ਇੰਚ, 2023 ਵਿੱਚ 4 ਫੁੱਟ 8 ਇੰਚ, 2024 ਵਿੱਚ 4 ਫੁੱਟ 9 ਇੰਚ ਸੀ। ਘੱਟ ਮੀਂਹ ਤੇ ਘੱਟ ਬਰਫਬਾਰੀ ਕਾਰਨ ਝੀਲ ਦੀ ਹੋਂਦ ਨੂੰ ਖਤਰਾ ਵਧਦਾ ਜਾ ਰਿਹਾ ਹੈ। ਅਜੇ ਤਾਂ ਗਰਮੀਆਂ ਸ਼ੁਰੂ ਹੀ ਹੋਈਆਂ ਹਨ, ਭਰ ਗਰਮੀਆਂ ਵਿੱਚ ਇਸ ਦੀ ਹੋਣ ਵਾਲੀ ਹਾਲਤ ਦਾ ਸਹਿਜੇ ਹੀ ਅੰਦਾਜ਼ਾ ਲਾਇਆ ਜਾ ਸਕਦਾ ਹੈ। ਪਿਛਲੇ ਸਾਲ ਮਾਨਸੂਨ ਦੌਰਾਨ ਝੀਲ ਦਾ ਪੱਧਰ 12 ਫੁੱਟ ਤੱਕ ਪੁੱਜ ਗਿਆ ਸੀ ਤੇ ਪਾਣੀ ਦੀ ਨਿਕਾਸੀ ਕਰਨੀ ਪਈ ਸੀ, ਪਰ ਇਸ ਸਾਲ ਬਹੁਤ ਘੱਟ ਮੀਂਹ ਤੇ ਬਰਫਬਾਰੀ ਨੇ ਝੀਲ ਨੂੰ ਸੁੱਕਣ ਕੰਢੇ ਪਹੁੰਚਾ ਦਿੱਤਾ ਹੈ। ਇਸ ਵਾਰ ਨੈਨੀਤਾਲ ਵਿੱਚ ਸਰਦੀਆਂ ਵਿੱਚ ਸਿਰਫ 9 ਦਸੰਬਰ ਤੇ 12 ਜਨਵਰੀ ਨੂੰ ਹੀ ਬਰਫ ਦੇਖਣ ਨੂੰ ਮਿਲੀ, ਜੋ ਕਿ ਝੀਲ ਦੇ ਪਾਣੀ ਦੇ ਪੱਧਰ ਨੂੰ ਕਾਇਮ ਰੱਖਣ ਲਈ ਕਾਫੀ ਨਹੀਂ ਸੀ। ਆਮ ਤੌਰ 'ਤੇ ਜਨਵਰੀ ਤੇ ਫਰਵਰੀ ਵਿੱਚ ਝੀਲ ਦੇ ਪਾਣੀ ਦਾ ਪੱਧਰ 5 ਫੁੱਟ ਤੋਂ ਉੱਪਰ ਰਹਿੰਦਾ ਹੈ, ਪਰ ਇਸ ਵਾਰ ਇਹ 4.7 ਫੁੱਟ ਤੱਕ ਡਿੱਗ ਗਿਆ ਹੈ। ਮਾਹਰਾਂ ਦਾ ਕਹਿਣਾ ਹੈ ਕਿ ਜੇ ਪਾਣੀ ਦਾ ਪੱਧਰ ਇਸੇ ਰਫਤਾਰ ਨਾਲ ਡਿੱਗਦਾ ਰਿਹਾ ਤਾਂ ਮਈ-ਜੂਨ ਤੋਂ ਪਹਿਲਾਂ ਹੀ ਝੀਲ ਪੂਰੀ ਤਰ੍ਹਾਂ ਸੁੱਕ ਸਕਦੀ ਹੈ।

ਉੱਘੇ ਪਰਿਆਵਰਣਵਾਦੀ ਯਸ਼ਪਾਲ ਮੁਤਾਬਕ ਇਸ ਸਥਿਤੀ ਲਈ ਸਿਰਫ ਮੀਂਹ ਦੀ ਕਮੀ ਹੀ ਜ਼ਿੰਮੇਵਾਰ ਨਹੀਂ, ਸਗੋਂ ਝੀਲ ਦੇ ਜਲਗ੍ਰਹਿਣ ਖੇਤਰ ਵਿੱਚ ਵਧ ਰਹੀਆਂ ਨਾਜਾਇਜ਼ ਉਸਾਰੀਆਂ, ਜੰਗਲਾਂ ਦੀ ਕਟਾਈ ਤੇ ਕੁਦਰਤੀ ਜਲ-ਭੰਡਾਰ ਖੇਤਰਾਂ ਦਾ ਕੰਕਰੀਟੀਕਰਨ ਇਸ ਦੇ ਵੱਡੇ ਕਾਰਨ ਹਨ। ਇਸ ਤੋਂ ਇਲਾਵਾ ਬਲੂਤ ਦੇ ਦਰੱਖਤਾਂ ਦੀ ਅੰਨ੍ਹੇਵਾਹ ਕਟਾਈ ਵੀ ਇੱਕ ਕਾਰਨ ਹੈ। ਬਲੂਤ ਦਾ ਦਰੱਖਤ ਪਾਣੀ ਨੂੰ ਜਜ਼ਬ ਕਰਨ ਲਈ ਜਾਣਿਆ ਜਾਂਦਾ ਹੈ।

ਨੈਨੀ ਝੀਲ ਨੈਨੀਤਾਲ ਦੀ ਜੀਵਨ ਰੇਖਾ ਹੈ। ਇਹ ਪੀਣ ਵਾਲਾ ਪਾਣੀ ਤਾਂ ਮੁਹੱਈਆ ਕਰਾਉਂਦੀ ਹੀ ਹੈ, ਸ਼ਹਿਰ ਦੇ ਹੋਟਲ ਵੀ ਇੱਥੇ ਆਉਣ ਵਾਲੇ ਸੈਲਾਨੀਆਂ ਦੇ ਆਸਰੇ ਚਲਦੇ ਹਨ। ਪਾਣੀ ਦੀ ਕਮੀ ਕਾਰਨ ਜੇ ਸੈਲਾਨੀਆਂ ਨੂੰ ਪੀਣ ਤੇ ਨਹਾਉਣ ਲਈ ਪਾਣੀ ਨਾ ਮਿਲਿਆ ਤਾਂ ਉਹ ਇੱਥੇ ਕਿਉਂ ਆਉਣਗੇ। ਪ੍ਰਸ਼ਾਸਨ ਕਹਿ ਰਿਹਾ ਹੈ ਕਿ ਉਹ ਝੀਲ ਵਿੱਚ ਪਾਣੀ ਲਿਆਉਣ ਦੇ ਜਤਨ ਕਰ ਰਿਹਾ ਹੈ, ਪਰ ਲਗਦਾ ਨਹੀਂ ਕਿ ਉਹ ਕੁਝ ਖਾਸ ਕਰ ਸਕੇਗਾ। ਦਰੱਖਤਾਂ ਨੂੰ ਬਚਾਉਣ ਲਈ ਚਿਪਕੋ ਅੰਦੋਲਨ ਚਲਾਉਣ ਵਾਲੇ ਉੱਤਰਾਖੰਡੀਆਂ ਦੀਆਂ ਸਰਕਾਰਾਂ ਨੇ ਠੇਕੇਦਾਰਾਂ ਨਾਲ ਲਿਹਾਜ਼ ਪਾਲ ਕੇ ਜੰਗਲਾਂ ਦਾ ਨੁਕਸਾਨ ਹੀ ਏਨਾ ਕਰਾ ਦਿੱਤਾ ਹੈ, ਜਿਸ ਦੀ ਭਰਪਾਈ ਹੋਣੀ ਸੰਭਵ ਨਹੀਂ। ਸਰਕਾਰਾਂ ਤੋਂ ਆਸ ਰੱਖਣੀ ਬੇਮਾਅਨੀ ਲੱਗਦੀ ਹੈ। ਚਿਪਕੋ ਅੰਦੋਲਨ ਵਰਗਾ ਇੱਕ ਹੋਰ ਅੰਦੋਲਨ ਹੀ ਕੁਝ ਸੁਧਾਰ ਲਿਆ ਸਕਦਾ ਹੈ।

ਵਪਾਰਕ ਹਥੌੜੇ ਦੀ ਮਾਰ, ਚੂਰ-ਚੂਰ ਹੋ ਰਹੇ ਲੋਕ ਸੁਪਨੇ

ਗੁਰਮੀਤ ਸਿੰਘ ਪਲਾਹੀ

ਦੁਨੀਆ ਮੁੱਠੀਭਰ ਲੋਕਾਂ ਦੇ ਹੱਥਾਂ 'ਚ ਸਿਮਟਦੀ ਜਾ ਰਹੀ ਹੈ। ਇਹੀ ਮੁੱਠੀਭਰ ਲੋਕ ਮਨੁੱਖ ਦੇ ਅਧਿਕਾਰਾਂ ਦਾ ਹਨਨ ਕਰਕੇ ਉਹਨਾਂ ਨੂੰ ਇੱਕ ਬਿੰਦੂ ਬਨਾਉਣ ਦੀ ਚਾਲ ਚੱਲ ਰਹੇ ਹਨ। ਪਿਛਲੇ ਕੁਝ ਸਾਲਾਂ 'ਚ ਜਿਵੇਂ ਦੁਨੀਆ ਦੇ ਸਭ ਤੋਂ ਵੱਡੇ ਸੌਦਾਗਰਾਂ ਨੇ ਸੌਦੇਬਾਜ਼ੀ ਕੀਤੀ, ਆਪਣੇ ਹਿੱਤਾਂ ਦੀ ਪੂਰਤੀ ਲਈ ਘਿਨਾਉਣੇ ਯਤਨ ਕੀਤੇ, ਹਰ ਹੀਲਾ-ਵਸੀਲਾ ਵਰਤਿਆ, ਇਹ ਦੁਨੀਆ 'ਤੇ ਕਾਲੇ ਸ਼ਾਹ ਬੱਦਲਾਂ ਦੀ ਦਸਤਕ ਹੈ। ਸਵਾਲ ਉੱਠਦਾ ਹੈ ਕਿ ਇਹੋ ਜਿਹੇ ਹਾਲਾਤ 'ਚ ਦੁਨੀਆ ਕਿਥੇ ਜਾਏਗੀ?

ਅਮਰੀਕਾ ਦੇ ਰਾਸ਼ਟਰਪਤੀ ਟਰੰਪ ਦਾ ਹਥੌੜਾ ਨਿਰਵਿਘਨ ਚੱਲ ਰਿਹਾ ਹੈ। ਉਹ ਦੁਨੀਆ ਨੂੰ ਇੱਕ ਸਵਾਰਥੀ ਢਾਂਚੇ 'ਚ ਢਾਲਣ ਦੀ ਧੌਂਸ ਦੇ ਰਹੇ ਹਨ। ਆਪਣੇ ਅੱਠ ਹਫ਼ਤਿਆਂ ਦੇ ਕਾਰਜਕਾਲ ਵਿੱਚ ਉਸ ਨੇ ਡਬਲਯੂ ਐੱਚ ਓ ਨੂੰ ਤਿਆਗ ਦਿੱਤਾ ਅਤੇ ਮਨੁੱਖੀ ਅਧਿਕਾਰਾਂ ਦੀ ਸੰਸਥਾ (ਯੂ ਐਨ ਐਚ ਆਰ ਸੀ) ਸੰਯੁਕਤ ਰਾਸ਼ਟਰ ਰਾਹਤ ਏਜੰਸੀ (ਯੂ ਐਨ ਐਚ ਆਰ ਡਬਲਯੂ ਏ) ਨੂੰ ਵਿੱਤੀ ਸਹਾਇਤਾ ਦੇਣ ਤੋਂ ਨਾਂਹ ਕਰ ਦਿੱਤੀ। ਯੂ.ਐੱਸ.ਏਡ ਨੂੰ ਬੰਦ ਕਰ ਦਿੱਤਾ ਗਿਆ ਅਤੇ ਦੁਨੀਆ ਭਰ 'ਚ ਚੱਲ ਰਹੇ ਅਮਰੀਕਾ ਦੇ ਦਰਜਨਾਂ ਸਹਾਇਤਾ ਕੰਮਾਂ ਨੂੰ ਰੋਕ ਦਿੱਤਾ ਗਿਆ। ਸਥਿਤੀ ਜੇਕਰ ਇਵੇਂ ਹੀ ਰਹੀ ਤਾਂ ਉਹ ਨਾਟੋ ਅਤੇ ਯੂਰਪੀ ਸਹਿਯੋਗੀਆਂ ਨੂੰ ਵੀ ਛੱਡ ਸਕਦੇ ਹਨ। ਉਂਜ ਵੀ ਆਪਣੇ ਹਿੱਤਾਂ ਖ਼ਾਤਰ ਅਮਰੀਕਾ ਨੇ ਵਪਾਰਕ ਜੰਗ ਛੇੜ ਦਿੱਤੀ ਹੋਈ ਹੈ।

ਸੰਵਿਧਾਨਿਕ ਇਤਿਹਾਸ ਦੇ ਮਹਾਨ ਅਤੇ ਬਿਹਤਰੀਨ ਪਾਠ ਪੜ੍ਹਾਉਣ ਵਾਲਾ ਅਮਰੀਕਾ, ਮਨੁੱਖੀ ਅਧਿਕਾਰਾਂ ਦਾ ਕਦੇ ਰਾਖਾ ਵੀ ਕਹਿਲਾਉਂਦਾ ਰਿਹਾ ਹੈ। ਭਾਰਤ ਸਮੇਤ ਕਈ ਹੋਰ ਦੇਸ਼ਾਂ ਦਾ ਸੰਵਿਧਾਨ ਬਣਾਉਣ ਵਾਲਿਆਂ ਨੇ ਅਮਰੀਕਾ ਦੇ ਸੰਵਿਧਾਨ ਦੀ ਨਕਲ ਕੀਤੀ, ਕਿਉਂਕਿ ਅਮਰੀਕਾ ਆਜ਼ਾਦ ਅਤੇ ਲੋਕਤੰਤਰਿਕ ਨੀਤੀਆਂ ਵਾਲਾ ਦੇਸ਼ ਮੰਨਿਆ ਗਿਆ ਸੀ, ਜਿਹੜਾ ਗਰੀਬੀ ਅਤੇ ਬੀਮਾਰੀ ਨੂੰ ਖ਼ਤਮ ਕਰਨ ਦਾ ਸੰਕਲਪ ਲੈਂਦਾ ਸੀ। ਇਸ ਸੰਕਲਪ ਨੂੰ ਪੂਰਿਆਂ ਕਰਨ ਲਈ ਅਮਰੀਕਾ ਨੇ ਗੰਭੀਰ ਯਤਨ ਵੀ ਕੀਤੇ। ਇਥੋਂ ਦੇ ਚੁਣੇ ਰਾਸ਼ਟਰਪਤੀਆਂ ਨੇ ਆਪਣੇ ਸੰਵਿਧਾਨ ਦੀ ਰਾਖੀ ਕਰਦਿਆਂ ਅਮਰੀਕਾ ਨੂੰ ਇਕ ਅਮੀਰ ਮੁਲਕ ਬਣਾਉਣ ਲਈ ਦਹਾਕਿਆਂ ਤੱਕ ਯਤਨ ਕੀਤੇ। ਕਈ ਰਾਸ਼ਟਰਪਤੀਆਂ ਨੇ ਆਪਣੇ ਅਦੁੱਤੀ ਅਧਿਕਾਰਾਂ ਦੀ ਵਰਤੋਂ ਕਰਦਿਆਂ ਅਮਰੀਕੀ ਖੇਤਰ 'ਚ ਜਾਇਜ਼, ਨਜਾਇਜ਼ ਵਾਧਾ ਕੀਤਾ ਅਤੇ ਗੁਆਮ, ਫਿਲੀਪਨਜ਼ ਅਤੇ ਹਵਾਈ ਉਤੇ ਕਬਜ਼ਾ ਕੀਤਾ। ਕਈ ਦੇਸ਼ਾਂ ਨਾਲ ਸਿੱਧੇ-ਅਸਿੱਧੇ ਯੁੱਧ ਲੜੇ, ਪਰ ਦੇਸ਼ ਦੇ 47ਵੇਂ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਤਰ੍ਹਾਂ ਕਿਸੇ ਵੀ ਹੋਰ ਰਾਸ਼ਟਰਪਤੀ ਨੇ ਆਪਣੇ ਅਧਿਕਾਰਾਂ ਦਾ ਬਿਨ੍ਹਾਂ ਵਜ੍ਹਾ ਇਸਤੇਮਾਲ ਨਹੀਂ ਕੀਤਾ।

ਮੌਜੂਦਾ ਰਾਸ਼ਟਰਪਤੀ ਆਪਣੇ ਅਧਿਕਾਰਾਂ ਦੀਆਂ ਹੱਦਾਂ ਤੋੜ ਬਿਨਾਂ ਜਾਂਚ-ਪਰਖ ਦੇ ਆਪਣੀਆਂ ਸ਼ਕਤੀਆਂ ਦਾ ਹਥੌੜਾ ਚਲਾ ਰਹੇ ਹਨ ਅਤੇ ਸਮੁੱਚੀ ਦੁਨੀਆ ਸਾਹਵੇਂ ਇੱਕ ਵੱਖਰਾ ਬਿਰਤਾਂਤ ਸਿਰਜ ਰਹੇ ਹਨ। ਉਹਨਾ ਦਾ ਇਹ ਕਥਨ ਮੌਜੂਦਾ ਦੌਰ 'ਚ ਵੇਖਣ, ਪਰਖਣ, ਵਿਚਰਨ ਯੋਗ ਹੈ, 'ਮੈਂ ਆਪਣੀ ਸਾਰੀ ਜ਼ਿੰਦਗੀ ਸੌਦੇਬਾਜ਼ੀ ਕੀਤੀ ਹੈ"।

ਅਮਰੀਕਾ ਦੀ ਵਿਸਥਾਰਵਾਦੀ ਨੀਤੀ ਦਾ ਤਰਜਮਾਨ ਬਣਦਿਆਂ ਉਹ ਕੈਨੇਡਾ ਨੂੰ ਅਮਰੀਕਾ 'ਚ ਸ਼ਾਮਲ ਕਰਨ ਦੀ ਗੱਲ ਕਰਦੇ ਹਨ। ਉਹਨਾ ਗਰੀਨਲੈਂਡ ਨੂੰ ਆਪਣੇ 'ਚ ਸ਼ਾਮਲ ਹੋਣ ਦਾ ਖੁੱਲ੍ਹਾ ਸੱਦਾ ਦਿੱਤਾ ਹੈ ਅਤੇ ਕਿਹਾ ਹੈ ਕਿ ਅਸੀਂ ਕਿਸੇ ਨਾ ਕਿਸੇ ਤਰ੍ਹਾਂ ਗਰੀਨਲੈਂਡ ਹਾਸਲ ਕਰ ਲਵਾਂਗੇ।

ਇਹ ਮੰਨਿਆ ਜਾਂਦਾ ਹੈ ਕਿ ਮਨੁੱਖੀ ਅਧਿਕਾਰਾਂ ਦਾ ਪਹਿਲਾ ਚਾਰਟਰ 'ਮੈਗਨਾ ਕਾਰਟਾ' ਸੰਨ 1215 'ਚ ਇੰਗਲੈਂਡ ਦੇ ਬਾਦਸ਼ਾਹ ਨੇ ਪ੍ਰਵਾਨ ਕੀਤਾ। ਇਹ ਵੀ ਮੰਨਿਆ ਜਾਂਦਾ ਹੈ ਕਿ ਦੁਨੀਆ ਦੀ ਪਹਿਲੀ ਸੰਸਦ ਆਈਲੈਂਡ ਵਿੱਚ 1262 'ਚ ਸਥਾਪਤ ਹੋਈ, ਜਿਸ ਨੂੰ ਅਲਥਿੰਗ ਕਿਹਾ ਗਿਆ। ਦੁਨੀਆ ਦਾ ਪਹਿਲਾ ਲਿਖਤੀ ਸੰਵਿਧਾਨ 1600 'ਚ ਸੈਨ ਮੈਰੀਨੋ ਗਣਰਾਜ 'ਚ ਤਿਆਰ ਕੀਤਾ ਗਿਆ ਸੀ। ਫਰਾਂਸੀਸੀ ਦਾਰਸ਼ਨਿਕ ਮਾਟੈਂਸਕਿਊ ਵੱਲੋਂ 1748 'ਚ ਪ੍ਰਕਾਸ਼ਤ 'ਕਾਨੂੰਨ ਦੀ ਭਾਵਨਾ' ਨੂੰ ਮਨੁੱਖੀ ਸ਼ਕਤੀਆਂ ਦਾ ਸਿਧਾਂਤਕਾਰ ਮੰਨਿਆ ਜਾਂਦਾ ਹੈ, ਪਰ ਅਮਰੀਕਾ ਹੀ ਦੁਨੀਆ ਵਿੱਚ ਇੱਕ ਇਹੋ ਜਿਹਾ ਦੇਸ਼ ਹੈ, ਜੋ ਨਿਆਂਇਕ ਸ਼ਕਤੀ ਨੂੰ 24 ਸਤੰਬਰ 1789 ਨੂੰ ਲਾਗੂ ਕਰਨ ਵਾਲਾ ਮੰਨਿਆ ਗਿਆ ਤੇ ਇਥੇ ਹੀ ਸਰਬ-ਉੱਚ ਅਦਾਲਤ ਸਥਾਪਤ ਹੋਈ।

ਅੱਜ ਇਹੀ ਅਮਰੀਕਾ ਘਰੇਲੂ ਪੱਧਰ 'ਤੇ ਦੁਨੀਆ ਦੇ ਸਭ ਤੋਂ ਅਮੀਰ ਵਿਅਕਤੀ ਐਲਨ ਮਸਕ ਦੇ ਢਾਹੇ ਚੜ੍ਹ ਕੇ ਅਮਰੀਕੀ ਸਰਕਾਰ ਦੇ ਢਾਂਚੇ ਨੂੰ ਖ਼ਤਮ ਕਰਨ ਦੇ ਰਾਹ ਤੁਰ ਰਿਹਾ ਹੈ। ਉਹ ਹਜ਼ਾਰਾਂ ਲੋਕਾਂ ਨੂੰ ਨੌਕਰੀ ਤੋਂ ਕੱਢ ਰਿਹਾ ਹੈ ਅਤੇ ਖਦਸ਼ਾ ਹੈ ਕਿ ਅਮਰੀਕੀ ਸਿੱਖਿਆ ਵਿਭਾਗ ਨੂੰ ਹੀ ਬੰਦ ਕਰ ਦੇਵੇਗਾ। ਰਾਸ਼ਟਰਪਤੀ ਟਰੰਪ ਦੀਆਂ ਆਰਥਿਕ ਨੀਤੀਆਂ ਅਮਰੀਕੀ ਅਰਥ ਵਿਵਸਥਾ ਨੂੰ ਗਲਤ ਪਾਸੇ ਲੈ ਜਾ ਸਕਦੀਆਂ ਹਨ, 'ਅਮਰੀਕਾ ਫਸਟ ਨੀਤੀ', ਭਾਰਤ ਦੀ ਹਿੰਦੀ, ਹਿੰਦੂ, ਹਿੰਦੋਸਤਾਨ ਵਰਗੀ ਨੀਤੀ ਹੈ, ਜੋ ਲੋਕਤੰਤਰ ਅਮਰੀਕਾ ਦੇ ਸੀਨੇ 'ਤੇ ਵੱਡੀਆਂ ਚੋਭਾਂ ਲਾਏਗੀ। ਟਰੰਪ ਨੇ ਆਪਣੇ ਪਿਛਲੇ 50 ਦਿਨਾਂ ਦੇ ਫੈਸਲਿਆਂ ਨੇ ਦੁਨੀਆ ਭਰ ਦੇ ਲੋਕਾਂ ਨੂੰ ਚੌਂਕਾ ਦਿੱਤਾ ਹੈ। ਉਸ ਦੇ ਫੈਸਲੇ ਸਮਾਜਿਕ ਸੁਰੱਖਿਆ 'ਚ ਕਟੌਤੀ ਵਾਲੇ ਹਨ, ਜੋ ਅਮਰੀਕੀ ਉਪਭੋਗਤਾਵਾਂ ਉਤੇ ਹੀ ਨਹੀਂ, ਦੁਨੀਆ ਭਰ ਦੇ ਉਪਭੋਗਤਾਵਾਂ ਦਾ ਹਿਸਾਬ-ਕਿਤਾਬ ਖ਼ਰਾਬ ਕਰਨ ਵਾਲੇ ਹਨ।

ਰਾਸ਼ਟਰਪਤੀ ਟਰੰਪ ਨੇ ਸ਼ਾਸਨ ਸੰਭਾਲਦਿਆਂ ਹੀ ਗ਼ੈਰ-ਕਾਨੂੰਨੀ ਵਿਦੇਸ਼ੀਆਂ ਨੂੰ ਬਾਹਰ ਕੱਢਣ ਦਾ ਆਪਣਾ ਚੋਣ ਵਾਅਦਾ ਪੂਰਾ ਕਰਦਿਆਂ ਪ੍ਰਵਾਸੀਆਂ ਵਿੱਚ ਇੱਕ ਵੱਡਾ ਡਰ ਪੈਦਾ ਕੀਤਾ। ਹਜ਼ਾਰਾਂ ਲੋਕਾਂ ਨੂੰ ਫੌਜੀ ਜਹਾਜ਼ਾਂ 'ਚ ਬੇੜੀਆਂ, ਹੱਥਕੜੀਆਂ ਨਾਲ ਜਕੜ ਕੇ ਦੇਸ਼ ਤੋਂ ਕੱਢ ਦਿੱਤਾ। ਹੁਣ ਦੁਨੀਆ ਭਰ ਦੇ 41 ਦੇਸ਼ਾਂ ਦੀ ਸੂਚੀ ਤਿਆਰ ਕੀਤੀ ਜਾ ਰਹੀ ਹੈ, ਜਿਹਨਾਂ ਨੂੰ ਅਮਰੀਕੀ ਵੀਜ਼ਾ ਦੇਣ ਤੋਂ ਇਨਕਾਰ ਕੀਤਾ ਜਾਏਗਾ।

ਅਸਲ ਵਿੱਚ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਦੀਆਂ ਇਹ ਸਮੁੱਚੀਆਂ ਕਾਰਵਾਈਆਂ ਧੱਕਾ-ਧੌਂਸ ਭਰੀਆਂ ਹਨ ਅਤੇ ਮਾਨਵਤਾ ਦੇ ਮੱਥੇ 'ਤੇ ਕਲੰਕ ਹਨ। ਦੁਨੀਆ ਭਰ ਦੇ ਮਾਨਵਵਾਦੀ ਵਿਚਾਰਾਂ ਵਾਲੇ ਲੋਕਾਂ ਦੀ ਪਹੁੰਚ ਤਾਂ ਹੁਣ ਵਿਸ਼ਵ ਨਾਗਰਿਕਤਾ ਵਾਲੀ ਹੈ, ਪਰ ਅਮਰੀਕੀ ਹਾਕਮ ਦੀ ਸੌੜੀ ਸੋਚ ਆਪਣੇ-ਆਪ ਨੂੰ 'ਸ੍ਰੇਸ਼ਟ' ਅਤੇ ਦੂਜਿਆਂ ਨੂੰ ਘਟੀਆ ਸਮਝਣ ਵਾਲੀ ਹੈ।

ਇਸੇ ਯਤਨ ਤਹਿਤ ਰਾਸ਼ਟਰਪਤੀ ਨੇ ਦੋਸਤ, ਦੁਸ਼ਮਣ ਦਾ ਫ਼ਰਕ ਮਿਟਾ ਕੇ ਸਿਰਫ਼ ਸੌਦਿਆਂ ਨੂੰ ਤਰਜੀਹ ਦਿੱਤੀ। ਟੈਰਿਫ ਲਗਾਉਣ ਲੱਗਿਆਂ ਭਾਰਤ ਵਰਗੇ ਮਿੱਤਰ ਦੇਸ਼ ਨੂੰ ਵੀ ਨਹੀਂ ਬਖ਼ਸ਼ਿਆ। ਜ਼ੈਲੇਂਸਕੀ ਦੀ ਬਾਂਹ ਮਰੋੜਦਿਆਂ ਆਪਣੇ ਵੱਲੋਂ ਦਿੱਤੇ ਹਥਿਆਰਾਂ ਬਦਲੇ ਉੱਥੋਂ ਦੇ ਖਣਿਜ ਪਦਾਰਥ ਖੋਹਣ ਲਈ ਜ਼ਬਰਦਸਤੀ ਕਬਜ਼ਾ-ਸਮਝੌਤਾ ਕਰਨ ਦੀ ਨੀਤੀ ਅਪਣਾਈ। ਆਪਣੇ ਵੱਡੇ ਦੁਸ਼ਮਣ ਚੀਨ ਨਾਲ ਥੋਹੜਾ ਨਿੱਘਾ ਹੱਥ ਮਿਲਾਉਣ ਦੀ ਨੀਤੀ ਅਪਣਾਈ। ਟਰੰਪ ਸ਼ਾਸਨ ਦਾ ਸਿੱਧਾ ਅਤੇ ਸਪੱਸ਼ਟ ਧਿਆਨ ਅਮਰੀਕਾ ਨੂੰ ਸਰਵ-ਸ਼੍ਰੇਸ਼ਟ ਬਣਾਉਣ ਦਾ ਹੈ, ਇਸ ਵਾਸਤੇ ਉਹ ਹਰ ਕਿਸਮ ਦੀ ਸੌਦੇਬਾਜ਼ੀ-ਧੱਕੇਸ਼ਾਹੀ ਕਰਨ ਲਈ ਤਿਆਰ ਹੈ। ਟੈਰਿਫ ਯੁੱਧ ਜੋ ਅਮਰੀਕਾ ਨੇ ਛੇੜਿਆ ਹੈ, ਭਾਰਤ ਇਸ ਦੀ ਲਪੇਟ ਵਿੱਚ ਬੁਰੀ ਤਰ੍ਹਾਂ ਆ ਸਕਦਾ ਹੈ। ਆਪਣੀਆਂ ਫੌਜੀ ਲੋੜਾਂ ਪੂਰੀਆਂ ਕਰਨ ਲਈ ਸਮਾਨ ਖਰੀਦਣ ਵਾਸਤੇ ਉਸ ਨੂੰ ਭਾਰੀ-ਭਰਕਮ ਟੈਰਿਫ ਦੇਣਾ ਪਵੇਗਾ, ਜਿਸ ਦਾ ਭੈੜਾ ਅਸਰ ਭਾਰਤੀ ਅਰਥ ਵਿਵਸਥਾ 'ਤੇ ਪਵੇਗਾ। ਉਸ ਦਾ ਵਿਸ਼ਵ ਗੁਰੂ ਬਣਨ ਦਾ ਸੁਪਨਾ ਢਹਿ-ਢੇਰੀ ਹੋ ਜਾਵੇਗਾ।

ਅਮਰੀਕਾ ਦੇ ਵੱਡੇ ਦੁਸ਼ਮਣ ਰੂਸ ਵੱਲੋਂ ਯੂਕਰੇਨ ਨਾਲ ਛੇੜੀ ਜੰਗ 'ਚ ਉੱਥੋਂ ਦੇ ਰਾਸ਼ਟਰਪਤੀ ਪੁਤਿਨ ਨਾਲ ਟਰੰਪ ਦੀ ਮੌਜੂਦਾ ਸਾਂਝ-ਭਿਆਲੀ ਸਿਰਫ ਜੰਗ ਖ਼ਤਮ ਕਰਨ ਤੱਕ ਸੀਮਤ ਨਹੀਂ, ਇਹ ਸਾਂਝ-ਭਿਆਲੀ ਦੁਨੀਆ ਦੀਆਂ ਮਹਾਂ-ਸ਼ਕਤੀਆਂ ਅਮਰੀਕਾ ਤੇ ਰੂਸ ਦੀਆਂ ਆਪਸੀ ਵਿਵਸਥਾਰਵਾਦੀ ਨੀਤੀਆਂ ਨੂੰ ਅੱਗੇ ਕਰਨ ਦਾ ਇੱਕ ਸਮਝੌਤਾ ਹਨ। ਇਵੇਂ ਦੀ ਹੀ ਸਾਂਝ-ਭਿਆਲੀ ਦੁਨੀਆ ਦੀ ਤੀਜੀ ਤਾਕਤ ਚੀਨ ਨਾਲ ਅਮਰੀਕਾ ਦੀ ਬਣਦੀ ਦਿਸਦੀ ਹੈ। ਅਮਰੀਕਾ ਨੇ ਆਪਣੇ ਸਭ ਤੋਂ ਵੱਡੇ ਦੁਸ਼ਮਣ ਚੀਨ ਉਤੇ ਟੈਰਿਫ ਦਰ ਵਾਧਾ ਸੀਮਤ ਰੱਖਿਆ। ਵੈਰੀ ਗਿਣੇ ਜਾਂਦੇ ਚੀਨ ਲਈ ਟਰੰਪ ਨੇ ਨਰਮ ਰੁਖ਼ ਅਪਣਾਇਆ ਹੈ। ਇਹ ਵੀ ਅਸਲ 'ਚ ਉਸ ਦੀ ਵਪਾਰਕ ਸੋਚ ਅਤੇ ਅਧਿਕਾਰਾਂ ਦਾ ਤਿੰਨ ਕੇਂਦਰਾਂ ਰੂਸ, ਅਮਰੀਕਾ ਅਤੇ ਚੀਨ ਤੱਕ ਕੇਂਦਰੀਕਰਨ ਹੈ।

ਇਸ ਵੇਲੇ ਦੁਨੀਆ ਨੂੰ ਕਾਬੂ ਕਰਨ ਲਈ ਸੱਤਾਧਾਰੀ ਟਰੰਪ (ਅਮਰੀਕਾ) ਪੁਤਿਨ (ਰੂਸ) ਅਤੇ ਸ਼ੀ ਜਿਨਪਿੰਗ (ਚੀਨ) ਦੁਨੀਆ 'ਚ ਇੱਕ ਕਲੱਬ ਬਣਾਉਣ ਲਈ ਯਤਨਸ਼ੀਲ ਹਨ। ਉਹ ਆਪਣੇ ਮਨਚਾਹੇ ਇਲਾਕਿਆਂ ਨੂੰ ਹੜੱਪ ਲੈਣ ਦੀ ਤਾਕ 'ਚ ਹਨ। ਅਮਰੀਕਾ ਦੀ ਨਜ਼ਰ ਪਨਾਮਾ ਨਹਿਰ 'ਤੇ ਹੈ, ਕੈਨੇਡਾ, ਗ੍ਰੀਨਲੈਂਡ ਅਤੇ ਗਾਜ਼ਾ ਪੱਟੀ ਹਥਿਆਉਣਾ ਉਸ ਦਾ ਨਿਸ਼ਾਨਾ ਹੈ। ਰੂਸ ਪਹਿਲਾ

25-MAR-PAGE-5.qxd 3/25/2025 10:48 PM Page 1

ਤਨਖਾਹ ਨਾ ਮਿਲਣ ਕਾਰਨ ਅਧਿਆਪਕਾਂ 'ਚ ਵਿਆਪਕ ਰੋਸ : ਸੁਰਿੰਦਰ ਪੁਆਰੀ

ਲੁਧਿਆਣਾ (ਐੱਮ ਐੱਸ ਭਾਟੀਆ)-ਪੰਜਾਬ ਨੂੰ ਕਰਜ਼ ਮੁਕਤ ਕਰਕੇ ਪੰਜਾਬ ਦਾ ਖਜ਼ਾਨਾ ਭਰਨ ਦੀਆਂ ਗੱਲਾਂ ਕਰਨ ਵਾਲ਼ੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਦੇ ਦਾਅਵੇ ਖੋਖਲੇ ਸਾਬਿਤ ਹੋ ਰਹੇ ਹਨ।ਪਿਛਲੇ ਕਈ ਸਾਲਾਂ ਬਾਅਦ ਇਸ ਸਾਲ ਪੰਜਾਬ ਦੇ ਵੱਡੀ ਗਿਣਤੀ ਵਿੱਚ ਸਿੱਖਿਆ ਵਿਭਾਗ ਦੇ ਮੁਲਾਜ਼ਮ ਤੇ ਅਧਿਆਪਕ ਫ਼ਰਵਰੀ ਦੀ ਤਨਖ਼ਾਹ ਨੂੰ ਤਰਸ ਰਹੇ ਹਨ।ਇਸ ਸਬੰਧੀ ਪ੍ਰੈੱਸ ਨੋਟ ਜਾਰੀ ਕਰਦੇ ਹੋਏ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਸਰਪ੍ਰਸਤ ਚਰਨ ਸਿੰਘ ਸਰਾਭਾ, ਕਾਰਜਕਾਰੀ ਜਨਰਲ ਸਕੱਤਰ ਪ੍ਰਵੀਨ ਕੁਮਾਰ ਲੁਧਿਆਣਾ ਤੇ ਜਿੰਦਰ ਪਾਇਲਟ, ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਖ਼ਾਨਪੁਰ, ਵਿੱਤ ਸਕੱਤਰ ਨਵੀਨ ਸਚਦੇਵਾ ਜ਼ੀਰਾ, ਸਲਾਹਕਾਰ ਪ੍ਰੇਮ ਚਾਵਲਾ, ਗੁਰਪ੍ਰੀਤ ਸਿੰਘ ਮਾੜੀਮੇਘਾ, ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ ਤੇ ਪਰਮਿੰਦਰਪਾਲ ਸਿੰਘ ਕਾਲੀਆ ਆਗੂਆਂ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਬਹੁਤ ਸਾਰੇ ਸਕੂਲਾਂ ਨੂੰ ਹਾਲੇ ਤੱਕ ਲੋੜੀਂਦਾ ਬਜਟ ਜਾਰੀ ਨਹੀਂ ਕੀਤਾ ਗਿਆ, ਜਿਸ ਕਾਰਨ ਆਧਿਆਪਕਾਂ ਤੇ ਮੁਲਾਜ਼ਮਾਂ ਦੀ ਫ਼ਰਵਰੀ ਮਹੀਨੇ ਦੀ ਤਨਖ਼ਾਹ ਹਾਲੇ ਤੱਕ ਮਿਲਣੀ ਨਸੀਬ ਨਹੀਂ ਹੋਈ।ਆਗੂਆਂ ਵੱਲੋਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਫਰਵਰੀ ਮਹੀਨੇ ਦਾ ਬਜਟ ਜਾਰੀ ਕੀਤਾ ਜਾਵੇ, ਕਿਉਂਕਿ ਕਰਮਚਾਰੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਆਪਣੀਆਂ ਵਿੱਤੀ ਲੋੜਾਂ ਹਨ।ਆਗੂਆਂ ਨੇ ਰੋਸ ਪ੍ਰਗਟ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਅਤੇ ਉਚ ਅਧਿਕਾਰੀਆਂ ਦੀਆਂ ਗਲਤੀਆਂ ਦਾ ਖਮੀਆਜ਼ਾ ਮੁਲਾਜ਼ਮਾਂ ਨੂੰ ਭੁਗਤਣਾ ਪੈਂਦਾ ਹੈ, ਜਦਕਿ ਮੁਲਾਜ਼ਮ ਵਿਭਾਗਾਂ ਵਿੱਚ ਤਨਦੇਹੀ ਨਾਲ ਸੇਵਾ ਨਿਭਾ ਰਹੇ ਹਨ।ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਾ ਕਰਨ, ਪੇ ਕਮਿਸ਼ਨ ਦੇ ਬਣਦੇ ਬਕਾਏ ਜਾਰੀ ਨਾ ਕਰਨ, ਪੇਂਡੂ ਏਰੀਆ ਭੱਤਾ ਤੇ ਬਾਰਡਰ ਏਰੀਆ ਭੱਤਾ ਲਾਗੂ ਨਾ ਕਰਨ, ਏ ਸੀ ਪੀ ਸਕੀਮ ਨਾ ਕਰਨ ਕਰਕੇ ਵੀ ਪੰਜਾਬ ਸਰਕਾਰ ਤੋਂ ਨਿਰਾਸ਼ ਚੱਲ ਰਹੇ ਹਨ, ਜਿਸ ਦਾ ਖਮਿਆਜ਼ਾ ਪੰਜਾਬ ਸਰਕਾਰ ਨੂੰ ਮੁਲਾਜ਼ਮਾਂ ਦੇ ਰੋਸ ਦੇ ਰੂਪ ਵਿੱਚ ਭੁਗਤਣਾ ਪਵੇਗਾ।ਇਸ ਸਮੇਂ ਧਰਮ ਸਿੰਘ ਮਲੌਦ ਪ੍ਰਧਾਨ, ਕੁਲਦੀਪ ਸਿੰਘ ਪੱਖੋਵਾਲ ਪ੍ਰਧਾਨ ਹਾਜ਼ਰ ਸਨ।

ਖੁੱਲ੍ਹੀ ਜ਼ਮੀਨ 'ਤੇ ਇੱਟ ਭੱਠੇ ਦਾ ਮਾਲਕ ਚਲਾ ਰਿਹੈ ਸੱਟੇ ਦਾ ਕਾਰੋਬਾਰ!

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਸਰਹੱਦੀ ਹਲਕੇ ਗੁਰੂ ਹਰਸਹਾਏ ਵਿੱਚ ਸੱਟੇ ਦਾ ਧੰਦਾ ਬਿਨਾਂ ਕਿਸੇ ਖੌਫ ਦੇ ਸ਼ਰੇਆਮ ਚੱਲ ਰਿਹਾ ਹੈ।ਹੈਰਾਨੀ ਦੀ ਗੱਲ ਹੈ ਕਿ ਸ਼ਰੇਆਮ ਚੱਲ ਰਹੀ ਇਹ ਸੱਟੇ ਦੀ ਦੁਕਾਨ ਆਖਰ ਕਿਸ ਦੀ ਸ਼ਹਿ ਨਾਲ ਚੱਲ ਰਹੀ ਹੈ? ਆਮ ਲੋਕਾਂ ਮੁਤਾਬਿਕ ਗੱਲ ਕਰੀਏ ਤਾਂ ਇਹ ਗੈਰ-ਕਾਨੂੰਨੀ ਧੰਦਾ ਜਾਂ ਤਾਂ ਕਥਿਤ ਤੌਰ 'ਤੇ ਪੁਲਸ ਨਾਲ ਗੱਲਬਾਤ ਕਰਕੇ ਚੱਲਦਾ ਹੈ ਜਾਂ ਸਿਆਸੀ ਪਹੁੰਚ ਰੱਖਣ

ਵਾਲਿਆਂ ਨਾਲ ਭਾਈਵਾਲੀ ਕਰਕੇ ਚਲਦਾ ਹੈ।ਜਦੋਂ ਪੱਤਰਕਾਰਾਂ ਵੱਲੋਂ ਸ਼ਰੇਆਮ ਚੱਲ ਰਹੀ ਇਸ ਦੜੇ ਸੱਟੇ ਦੀ ਦੁਕਾਨ ਦਾ ਦੌਰਾ ਕੀਤਾ ਗਿਆ ਤਾਂ ਪੱਤਰਕਾਰਾਂ ਦੇ ਕੈਮਰੇ ਸਟਾਰਟ ਹੁੰਦੇ ਹੀ ਸੱਟਾ ਲਾਉਣ ਪਹੁੰਚੇ ਗਾਹਕ ਕੈਮਰੇ ਵਿੱਚ ਕੈਦ ਹੋਣ ਦੇ ਡਰ ਤੋਂ ਭੱਜ ਗਏ।ਪੱਤਰਕਾਰਾਂ ਨੇ ਮੌਕੇ 'ਤੇ ਜਾ ਕੇ ਦੇਖਿਆ ਕਿ ਕਾਊਂਟਰ ਕੁਰਸੀ ਲਗਾ ਕੇ ਸ਼ਰੇਆਮ ਇਹ ਸੱਟੇ ਦੀ ਦੁਕਾਨ ਚਲਾਈ ਜਾ ਰਹੀ ਸੀ।ਦੜੇ ਸੱਟੇ ਦੇ ਪਿਛਲੇ ਰਿਜ਼ਲਟ ਵਾਲਾ ਚਾਰਟ ਵੀ ਉੱਥੇ ਲੱਗਿਆ ਹੋਇਆ ਸੀ।

ਦੁਕਾਨ ਚਲਾ ਰਹੇ ਮੌਕੇ 'ਤੇ ਬੈਠੇ ਨੌਜਵਾਨ ਨੇ ਦੱਸਿਆ ਕਿ ਇਹ ਸੱਟੇ ਦੀ ਦੁਕਾਨ ਹੀ ਹੈ, ਪਰ ਉਹ ਇੱਥੇ ਮੁਲਾਜ਼ਮ ਲੱਗਾ ਹੋਇਆ ਹੈ ਤੇ ਇਸ ਦੁਕਾਨ 'ਤੇ ਉਸ ਨੂੰ ਪੰਜ ਸੌ ਪ੍ਰਤੀ ਦਿਨ ਦਿਹਾੜੀ ਮਿਲਦੀ ਹੈ।ਜਦੋਂ ਉਸ ਤੋਂ ਦੁਕਾਨ ਦੇ ਮਾਲਕ ਦਾ ਨਾਮ ਪੁੱਛਿਆ ਗਿਆ ਤਾਂ ਉਸ ਨੇ ਕਿਹਾ ਕਿ ਇਹ ਕਾਰੋਬਾਰ ਭੱਠੇ ਦਾ ਮਾਲਕ ਨਿਸ਼ੂ ਰੁਕਣਾ ਬਸਤੀ ਦਾ ਹੈ, ਜੋ ਮੈਨੂੰ ਪੰਜ ਸੌ ਰੁਪਏ ਦਿਹਾੜੀ ਦੇ ਰਿਹਾ ਹੈ।ਜਦੋਂ ਇਸ ਸੰਬਧੀ ਪੱਤਰਕਾਰਾਂ ਦੀ ਟੀਮ ਵੱਲੋਂ ਕਥਿਤ ਦੋਸ਼ਾਂ ਵਿੱਚ ਘਿਰੇ ਨਿਸ਼ੂ ਰੁਕਣਾ ਬਸਤੀ ਨਾਲ ਗੱਲ ਕੀਤੀ ਤਾਂ ਉਹ ਗੋਲ ਮਟੋਲ ਜਵਾਬ ਦੇਂਦੇ ਰਹੇ, ਜਦਕਿ ਦੁਕਾਨ 'ਤੇ ਪਰਚੀ ਲਿਖਣ ਵਾਲੇ ਨੌਜਵਾਨ ਨੇ ਖੁਲਾਸਾ ਕਰ ਦਿੱਤਾ, ਪਰ ਨਿਸ਼ੂ ਆਪਣੇ 'ਤੇ ਲੱਗੇ ਦੋਸ਼ਾਂ ਨੂੰ ਨਿਕਾਰਦਾ ਰਿਹਾ।

ਕਾਮਰੇਡ ਕਰਤਾਰ ਸਿੰਘ ਰੌੜਕੀ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ

ਸਰਦੂਲਗੜ੍ਹ (ਆਤਮਾ ਸਿੰਘ ਪਮਾਰ)-ਲੋਕ ਪੱਖੀ ਲਹਿਰਾਂ ਨੂੰ ਆਪਣਾ ਜੀਵਨ ਸਮਰਪਤ ਕਰਨ ਵਾਲੇ ਸੀ ਪੀ ਆਈ ਦੇ ਸਿਰਕੱਢ ਆਗੂ ਤੇ ਸੱਚੇ ਸਿਪਾਹੀ ਕਾ. ਕਰਤਾਰ ਸਿੰਘ ਰੌੜਕੀ ਸਾਡੇ ਵਿੱਚ ਨਹੀ ਰਹੇ, ਉਹ ਬੀਤੀ ਰਾਤ 98 ਸਾਲਾਂ ਦੀ ਉਮਰ ਭੋਗ ਕੇ ਇਸ ਫਾਨੀ ਸੰਸਾਰ ਤੋਂ ਰੁਖ਼ਸਤ ਹੋ ਗਏ।ਅੱਜ ਉਨ੍ਹਾਂ ਦੀ ਇੱਛਾ ਮੁਤਾਬਕ ਉਨ੍ਹਾ ਦੀ ਮ੍ਰਿਤਕ ਦੇਹ ਏਮਜ਼ ਬਠਿੰਡਾ ਨੂੰ ਮੈਡੀਕਲ ਖੋਜਾਂ ਲਈ ਦਾਨ ਕੀਤੀ ਗਈ।ਇਸ ਸਮੇਂ ਉਨ੍ਹਾ ਨੂੰ ਚਾਹੁੰਣ ਵਾਲੇ ਲੋਕਾਂ, ਰਿਸ਼ਤੇਦਾਰਾਂ, ਪਿੰਡ ਵਾਸੀਆਂ ਤੇ ਵੱਖ-ਵੱਖ ਰਾਜਨੀਤਕ, ਸਮਾਜਿਕ ਤੇ ਧਾਰਮਿਕ ਸੰਗਠਨਾਂ ਦੇ ਆਗੂਆ ਨੇ ਨਮ ਅੱਖਾਂ ਨਾਲ ਕਾ. ਰੌੜਕੀ ਨੂੰ ਅੰਤਿਮ ਵਿਦਾਇਗੀ ਦਿੱਤੀ।

ਇਸ ਸਮੇਂ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕ੍ਰਿਸ਼ਨ ਚੌਹਾਨ, ਸੀਨੀਅਰ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਕਾ. ਦਲਜੀਤ ਸਿੰਘ ਮਾਨਸ਼ਾਹੀਆ, ਸੀਨੀਅਰ ਆਗੂ ਕਾ. ਸੱਤਪਾਲ ਚੋਪੜਾ, ਪੂਰਨ ਸਿੰਘ ਸਰਦੂਲਗੜ੍ਹ, ਆਰ.ਐੱਮ.ਪੀ.ਆਈ. ਦੇ ਜ਼ਿਲ੍ਹਾ ਸਕੱਤਰ ਕਾ. ਲਾਲ ਚੰਦ ਸਰਦੂਲਗੜ੍ਹ, ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਪ੍ਰੋ. ਜੀਵਨ ਦਾਸ ਬਾਵਾ, ਚਰਨਜੀਤ ਸਿੰਘ ਸਰਦੂਲਗੜ੍ਹ, ਖੱਬੇ ਪੱਖੀ ਆਗੂ ਮਾਸਟਰ ਸੀਤਾਰਾਮ ਖੈਰਾ, ਡੇਰਾ ਬਾਬਾ ਹੱਕਤਾਲਾ ਸਰਦੂਲਗੜ੍ਹ ਦੇ ਮੁੱਖੀ ਬਾਬਾ ਕੇਵਲ ਦਾਸ, ਡੇਰਾ ਖਿਆਲੀ ਚਹਿਲਾਂਵਾਲੀ ਦੇ ਮੁੱਖੀ ਬਾਬਾ ਲਛਮਣ ਦਾਸ, ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂ ਕਾ. ਗੁਰਪਿਆਰ ਸਿੰਘ ਫੱਤਾ, ਏਟਕ ਦੇ ਆਗੂ ਸੁਰਿੰਦਰ ਕੁਮਾਰ ਸਰਦੂਲਗੜ੍ਹ , ਪੱਤਰਕਾਰ ਗੁਰਪ੍ਰੀਤ ਸਿੰਘ ਹੀਰਕੇ ਆਦਿ ਹਾਜ਼ਰ ਸਨ।ਆਗੂਆਂ ਨੇ ਕਿਹਾ ਕਿ ਕਾ. ਕਰਤਾਰ ਸਿੰਘ ਰੌੜਕੀ ਨੇ ਆਪਣਾ ਪੂਰਾ ਜੀਵਨ ਮਨੁੱਖਤਾ ਦੇ ਭਲੇ ਲਈ ਸਮਰਪਤ ਕੀਤਾ ਤੇ ਮੌਤ ਤੋਂ ਬਾਅਦ ਵੀ ਆਪਣਾ ਸਰੀਰ ਮੈਡੀਕਲ ਖੋਜਾਂ ਲਈ ਦਾਨ ਕਰਨ ਦੀ ਵਸੀਅਤ ਕਰਕੇ ਆਪਣਾ ਮਰਨ ਵੀ ਲੋਕਾਂ ਨੂੰ ਸਮਰਪਤ ਕਰ ਗਏ।

ਡੀ ਐੱਨ ਚੈਰੀਟੇਬਲ ਹਸਪਤਾਲ ਵਿਖੇ ਖ਼ੂਨਦਾਨ ਕੈਂਪ ਲਗਾਇਆ

ਲੁਧਿਆਣਾ (ਐੱਮ ਐੱਸ ਭਾਟੀਆ)-ਭਾਰਤੀ ਕਮਿਊਨਿਸਟ ਪਾਰਟੀ ਦੀ ਸਲੇਮ ਟਾਬਰੀ ਬ੍ਰਾਂਚ ਨੇ ਸ਼ਹੀਦ ਭਗਤ ਸਿੰਘ ਯਾਦਗਾਰ ਕਮੇਟੀ, ਭਗਤ ਸਿੰਘ ਨਗਰ ਦੇ ਸਹਿਯੋਗ ਨਾਲ ਡਾਕਟਰ ਦਇਆਨੰਦ ਦੀ ਰਹਿਨੁਮਾਈ ਹੇਠ ਡੀ ਐਨ ਚੈਰੀਟੇਬਲ ਹਸਪਤਾਲ, ਜੱਸੀਆਂ ਰੋਡ ਵਿਖੇ ਖ਼ੂਨ ਦਾਨ ਕੈਂਪ ਲਗਾਇਆ। ਇਸ ਕੈਂਪ ਦੌਰਾਨ 40 ਯੂਨਿਟ ਖ਼ੂਨ ਦੇ ਇਕੱਠੇ ਕੀਤੇ ਗਏ।ਭਾਰਤੀ ਕਮਿਊਨਿਸਟ ਪਾਰਟੀ ਲੁਧਿਆਣਾ ਸ਼ਹਿਰੀ ਦੇ ਸਹਾਇਕ ਸਕੱਤਰ ਕਾਮਰੇਡ ਵਿਨੋਦ ਕੁਮਾਰ ਦੀ ਅਗਵਾਈ ਵਿੱਚ ਸਾਥੀਆਂ ਨੇ ਜਿਨ੍ਹਾਂ ਵਿੱਚ ਮੁਹੰਮਦ ਰਫੀਕ, ਸੰਜੇ, ਅਮਰਜੀਤ ਸਿੰਘ, ਭੈਣ ਸਰਬਜੀਤ ਕੌਰ, ਗਗਨਦੀਪ ਕੌਰ ਪਹਿਲਾਂ ਜਗਰਾਉਂ ਪੁਲਸ ਸਥਿਤ ਸ਼ਹੀਦਾਂ ਦੇ ਬੁੱਤ ਤੇ ਜਾ ਕੇ ਸ਼ਰਧਾਂਜਲੀ ਅਰਪਣ ਕੀਤੀ ਅਤੇ ਉਸ ਤੋਂ ਬਾਅਦ ਸਲੇਮ ਟਾਬਰੀ ਵਿਖੇ ਲਗਾਏ ਗਏ ਖ਼ੂਨਦਾਨ ਕੈਂਪ ਲਈ ਹਸਪਤਾਲ ਪਹੁੰਚੇ।ਖ਼ੂਨਦਾਨ ਕੈਂਪ ਵਿੱਚ ਸਭ ਤੋਂ ਪਹਿਲਾਂ ਡਾਕਟਰ ਦਇਆਨੰਦ, ਡਾਕਟਰ ਰਾਮਾਨੰਦ ਧਰਮਸ਼ੀਲ, ਡਾਕਟਰ ਵਿਨੋਦ ਕੁਮਾਰ, ਜਸਵੰਤ ਸਿੰਘ, ਸੰਜੇ ਕੁਮਾਰ, ਵਿਸ਼ਾਲ ਸੰਗਮ ਆਦਿ ਸਟਾਫ ਨੇ ਖ਼ੂਨ ਦਾਨ ਕੀਤਾ।ਉਨ੍ਹਾਂ ਤੋਂ ਇਲਾਵਾ ਮੁਕੇਸ਼ ਕੁਮਾਰ, ਕੀਰਤੀ, ਮੋਹਿਤ, ਰਾਮ ਸਰੂਪ, ਰਮਨ, ਸ਼ਿਵ ਬਹਾਦਰ ਯਾਦਵ ਤੇ ਉਨ੍ਹਾਂ ਦੇ ਸਾਥੀ ਖਿਡਾਰੀਆਂ ਨੇ ਖ਼ੂਨ ਦਾਨ ਕੀਤਾ।ਸਾਰੇ ਲੋਕਾਂ ਵਿੱਚ ਇਸ ਖ਼ੂਨਦਾਨ ਕੈਂਪ ਲਈ ਬਹੁਤ ਉਤਸ਼ਾਹ ਸੀ।ਇਸ ਮੌਕੇ ਗੱਲਬਾਤ ਕਰਦਿਆਂ ਡਾਕਟਰ ਵਿਨੋਦ ਕੁਮਾਰ ਨੇ ਕਿਹਾ ਕਿ ਸ਼ਹੀਦਾਂ ਦੇ ਪਾਏ ਹੋਏ ਪੂਰਨਿਆਂ 'ਤੇ ਚੱਲਿਆ ਜਾਏਗਾ ਤੇ ਸਮਾਜ ਵਿੱਚ ਨਾ-ਬਰਾਬਰੀ ਦੇ ਖਿਲਾਫ ਸੰਘਰਸ਼ ਜਾਰੀ ਰਹੇਗਾ।

ਛੋਟੇ ਬੱਚਿਆਂ 'ਚ ਪੋਸ਼ਣ ਤੇ ਪੜ੍ਹਾਈ ਨੂੰ ਲੈ ਕੇ ਆਂਗਣਵਾੜੀ ਵਰਕਰਾਂ ਦੀ ਟ੍ਰੇਨਿੰਗ

ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਸਮੂਹ ਪੰਜਾਬ ਦੇ ਵਿੱਚ ਪੋਸ਼ਣ ਤੇ ਪੜ੍ਹਾਈ ਦੇ ਤਹਿਤ ਆਂਗਣਵਾੜੀ ਵਰਕਰਾਂ ਨੂੰ ਟ੍ਰੇਨਿੰਗ ਕਰਵਾਈਆਂ ਜਾ ਰਹੀਆਂ ਹਨ।ਇਸ ਟ੍ਰੇਨਿੰਗ ਦੀ ਲੜੀ ਦੇ ਵਿੱਚ ਸੁਨਾਮ 1 ਦੇ ਵਿੱਚ ਬਾਲ ਵਿਕਾਸ ਪ੍ਰੋਜੈਕਟ ਅਫਸਰ ਮੈਡਮ ਰੇਖਾ ਰਾਣੀ ਜੀ ਦੀ ਅਗਵਾਈ ਹੇਠ ਪੋਸ਼ਣ ਵੀ ਪੜ੍ਹਾਈ ਵੀ ਦੇ ਵੱਖ-ਵੱਖ ਪਿੰਡਾਂ ਦੀਆਂ ਟ੍ਰੇਨਿੰਗਾਂ ਸ਼ਹੀਦ ਊਧਮ ਸਿੰਘ ਕਾਲਜ ਸੁਨਾਮ ਵਿਖੇ ਕਰਵਾਈਆਂ ਜਾ ਰਹੀਆਂ ਹਨ, ਜਿਸ ਵਿੱਚ ਆਂਗਣਵਾੜੀ ਵਰਕਰਾਂ ਨੂੰ ਟ੍ਰੇਨਿੰਗ ਦੇਣ ਸਬੰਧੀ ਸਿੱਖਿਆ ਵਿਭਾਗ ਤੇ ਸਿਹਤ ਵਿਭਾਗ ਵੱਲੋਂ ਰਿਸੋਰਸ ਪਰਸਨਜ਼ ਆਉਂਦੇ ਹਨ ਤੇ ਨਾਲ ਹੀ ਸੀਡੀਪੀਓ ਮੈਡਮ ਵੱਲੋਂ ਆਪ ਵੀ ਲੈਕਚਰ ਦਿੱਤੇ ਜਾਂਦੇ ਹਨ, ਜਿਸ ਵਿੱਚ ਉਨ੍ਹਾਂ ਸਾਰੇ ਵਿਸ਼ਿਆਂ ਨੂੰ ਲਿਆ ਗਿਆ ਹੈ, ਜਿਸ ਨਾਲ ਬੱਚਿਆਂ ਦਾ ਸਰਬਪੱਖੀ ਵਿਕਾਸ ਹੋ ਸਕੇ, ਜਿਵੇਂ 0 ਤੋਂ 6 ਸਾਲ ਦੇ ਬੱਚਿਆਂ ਦਾ ਗਰੋਥ ਮੋਨੀਟਰਿੰਗ ਕਰਨਾ, ਵਰਕਰਾਂ ਨੂੰ ਰੋਲ ਮਾਡਲ ਬਣਾ ਕੇ ਦੱਸਣਾ ਕਿ ਉਹ ਕਿਸ ਤਰ੍ਹਾਂ ਅੱਗੇ ਚੱਲ ਕੇ ਆਂਗਣਵਾੜੀ ਸੈਂਟਰਾਂ ਨੂੰ ਸੁਚਾਰੂ ਢੰਗ ਨਾਲ ਚਲਾ ਕੇ ਆਪਣੀਆਂ ਆਂਗਣਵਾੜੀਆਂ ਨੂੰ ਹਰ ਤਰ੍ਹਾਂ ਨਾਲ ਸਮਰਥ ਬਣਾ ਸਕਣ।

ਕਾਤਰਾਂ

'ਇਤਿਹਾਸ ਬੋਲਦਾ ਹੈ' 'ਤੇ ਗੋਸ਼ਟੀ 30 ਨੂੰ

ਸੰਗਰੂਰ (ਪ੍ਰਵੀਨ ਸਿੰਘ)-ਮਾਲਵਾ ਲਿਖਾਰੀ ਸਭਾ ਸੰਗਰੂਰ ਵੱਲੋਂ 30 ਮਾਰਚ ਨੂੰ ਸਵੇਰੇ 10:00 ਵਜੇ ਲੇਖਕ ਭਵਨ ਸੰਗਰੂਰ ਵਿਖੇ ਮਹੀਨਾਵਰ ਸਾਹਿਤਕ ਸਮਾਗਮ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਸਿਰਮੌਰ ਪੰਜਾਬੀ ਸਾਹਿਤਕਾਰ ਗੁਰਨਾਮ ਸਿੰਘ ਪ੍ਰਭਾਤ ਦੇ ਇਕਾਗੀ-ਸੰਗ੍ਰਹਿ 'ਇਤਿਹਾਸ ਬੋਲਦਾ ਹੈ' ਉਪਰ ਗੋਸ਼ਟੀ ਹੋਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਭਾ ਦੇ ਪ੍ਰੈੱਸ ਸਕੱਤਰ ਪਵਨ ਕੁਮਾਰ ਹੋਸ਼ੀ ਨੇ ਦੱਸਿਆ ਕਿ ਸਮਾਗਮ ਦੀ ਪ੍ਰਧਾਨਗੀ ਡਾ: ਮੀਤ ਖਟੜਾ ਕਰਨਗੇ ਤੇ ਇਸ ਦੌਰਾਨ ਮੁੱਖ ਮਹਿਮਾਨ ਦੇ ਤੌਰ 'ਤੇ ਡਾ: ਜਸਪ੍ਰੀਤ ਕੌਰ ਹਾਜ਼ਰੀ ਲਵਾਉਣਗੇ। ਇਸ ਮੌਕੇ ਉਘੇ ਲੇਖਕ ਤੇ ਆਲੋਚਕ ਨਿਰੰਜਣ ਬੋਹਾ ਪੁਸਤਕ ਸਬੰਧੀ ਪਰਚਾ ਪੜ੍ਹਨਗੇ। ਇਸ ਮੌਕੇ ਵਿਸਾਖੀ ਨੂੰ ਸਮਰਪਤ ਕਵੀ ਦਰਬਾਰ ਵੀ ਹੋਵੇਗਾ।

ਗੁਰਸੇਵਕ ਸੇਕੀ ਫਿਰ ਬਣੇ ਤਰਕਸ਼ੀਲ ਸੁਸਾਇਟੀ ਭੁੱਚੋ ਦੇ ਜਥੇਬੰਦਕ ਮੁਖੀ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਭੁੱਚੋ ਦੀ ਮੀਟਿੰਗ ਜਥੇਬੰਦਕ ਮੁਖੀ ਗੁਰਸੇਵਕ ਸੇਕੀ ਦੀ ਅਗਵਾਈ ਵਿੱਚ ਹੋਈ। ਇਸ ਦੌਰਾਨ ਸੁਸਾਇਟੀ ਦੀਆਂ ਪਿਛਲੇ ਸਮੇਂ ਦੀਆਂ ਗਤੀਵਿਧੀਆਂ ਬਾਰੇ ਵਿਚਾਰ ਵਟਾਂਦਰਾ ਹੋਇਆ ਤੇ ਹਾਜ਼ਰ ਮੈਂਬਰਾਂ ਨੇ ਸੁਸਾਇਟੀ ਦੇ ਸੰਵਿਧਾਨ ਸਬੰਧੀ ਪ੍ਰਣ ਪੱਤਰ ਭਰੇ। ਇਸ ਮੌਕੇ ਸੁਸਾਇਟੀ ਦੀ ਅਗਲੇ ਦੋ ਸਾਲਾਂ ਲਈ ਚੋਣ ਕੀਤੀ ਗਈ, ਜਿਸ ਵਿੱਚ ਗੁਰਸੇਵਕ ਸੇਕੀ ਨੂੰ ਫਿਰ ਤੋਂ ਜਥੇਬੰਦਕ ਮੁਖੀ ਚੁਣਿਆ ਗਿਆ। ਇਸ ਤੋਂ ਇਲਾਵਾ ਹੋਰਨਾਂ ਅਹੁਦੇਦਾਰਾਂ 'ਚ ਪ੍ਰਮੇਸ਼ਵਰ ਸਿੰਘ ਸਿੱਧੂ ਨੂੰ ਵਿੱਤ ਮੁਖੀ ਤੇ ਮੈਗਜ਼ੀਨ, ਕਰਮਜੀਤ ਨੂੰ ਮਨੋਰੋਗ ਵਿਭਾਗ ਮੁਖੀ, ਤਸਵੀਰ ਸਿੰਘ ਨੂੰ ਸਹਾਇਕ ਜਥੇਬੰਦਕ ਮੁਖੀ, ਕੁਲਵੰਤ ਸਿੰਘ ਨੂੰ ਸਹਾਇਕ ਮਨੋਰੋਗ ਵਿਭਾਗ ਮੁਖੀ, ਦਰਸ਼ਨ ਸਿੰਘ ਨੂੰ ਸਹਾਇਕ ਵਿੱਤ ਮੁਖੀ, ਹਰਮੇਲ ਸਿੰਘ ਨੂੰ ਸੱਭਿਆਚਾਰਕ ਮੁਖੀ, ਪਰਵਿੰਦਰ ਸਿੰਘ ਜੌੜਾ ਨੂੰ ਮੀਡੀਆ ਵਿਭਾਗ ਮੁਖੀ, ਅਮਨਦੀਪ ਸਿੰਘ ਨੂੰ ਡੈਲੀਗੇਟ ਤੇ ਅੰਮ੍ਰਿਤਪਾਲ ਸਿੰਘ ਤੇ ਗੁਰਮੇਲ ਸਿੰਘ ਨੂੰ ਮੈਂਬਰ ਚੁਣਿਆ ਗਿਆ। ਨਵੀਂ ਚੁਣੀ ਗਈ ਟੀਮ ਵੱਲੋਂ ਆਉਣ ਵਾਲੇ ਸਮੇਂ ਵਿੱਚ ਸੁਸਾਇਟੀ ਵੱਲੋਂ ਕੀਤੇ ਜਾਣ ਵਾਲੇ ਕਾਰਜਾਂ ਦੀ ਵਿਉਂਤਬੰਦੀ ਕੀਤੀ ਗਈ।

ਦੇਰ ਰਾਤ ਪਟਿਆਲ਼ਾ ਜੇਲ੍ਹ ਤੋਂ 132 ਕਿਸਾਨ ਰਿਹਾਅ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਬੀਤੇ ਦਿਨੀਂ ਪੰਜਾਬ ਪੁਲਸ ਵੱਲੋਂ ਹਿਰਾਸਤ ਵਿੱਚ ਲਏ ਗਏ ਕਿਸਾਨਾਂ ਨੂੰ ਬੀਤੇ ਦੇਰ ਰਾਤ ਰਿਹਾਅ ਕਰ ਦਿੱਤਾ ਹੈ।ਪਟਿਆਲਾ ਦੀ ਜੇਲ

26- March - Page - 6.qxd 3/25/2025 10:58 PM Page 1

ਆਮ ਸੂਚਨਾ

ਮੈਂ, ਗਗਨਦੀਪ ਸਿੰਘ ਪੁੱਤਰ ਸ. ਸਵਰਨ ਸਿੰਘ, ਨਿਵਾਸੀ 84, ਰਾਣੀ ਕਾ ਬਾਗ਼ਾ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰੇ ਇਕ ਖਰੀਦ ਕੀਤੇ ਪਲਾਟ ਜਿਸਦਾ ਕੁਲ ਰਕਬਾ 1316.66 ਵਰਗ ਗਜ਼ ਵਾਕਿਆ ਵੱਲਾ, ਮਾਡਲ ਇੰਡਸਟਰੀਅਲ ਪਾਰਕ, ਮਹਿਤਾ ਰੋਡ, ਅੰਮ੍ਰਿਤਸਰ, ਜਿਸ (ਪਲਾਟ)ਦਾ ਨੰਬਰ 1004, ਖਸਰਾ ਨੰਬਰ:83/3 ਅਤੇ 83/4 ਮਿਨ ਹਦਬਸਤ ਨੰਬਰ 280, ਵਸੀਕਾ ਨੰਬਰ 224, ਕਿਤਾਬ ਨੰਬਰ 1, ਜਿਲਦ ਨੰਬਰ 14773, ਪੰਨਾ ਨੰਬਰ 914 ਜੋ ਸਬ ਰਜਿਸਟਰਾਰ ਅੰਮ੍ਰਿਤਸਰ ਕੋਲ ਰਜਿਸਟਰਡ ਹੈ ਅਤੇ ਜੋ ਇਕ ਪੋਲੀਥੀਨ ਦੇ ਲਿਫਾਫੇ ਵਿਚ ਹਨ ਮਿਤੀ 20.3.25 ਨੂੰ ਅਦਾਲਤ ਕੰਪਲੈਕਸ ਵਿਖੇ ਕਿਧਰੇ ਗੁੰਮ ਹੋ ਗਿਆ ਹੈ। ਇਹ ਜਿਸ ਨੂੰ ਮਿਲਿਆ ਹੋਵੇ ਮੈਨੂੰ 99157-54908 ਜਾਂ 98159-61422 ਤੇ ਸੂਚਿਤ ਕਰੇ।

Lost and Found

It is notified for the information that my original Registry document No.1797 Date 22-03-2006 purchased by Sukhdev Singh Lakhwinder Singh S/O Puran Singh brought by Nirmal Singh S/o Buta Singh, Rakba 0-6 Marle, Khasra No. 73/1 Village Sarai, Tehsil/Distt. Gurdaspur my Registry actually lost at Village Hayat Nagar, Lost date 20-03-2025, G.D. No. 026, G.D. date 24-03-2025. If anybody found my below address Manjinder Singh S/o Tej Ram S/O Mangal Dass. R/o Village Sarawa, PO. Chor Sidhwan, Tehsil/Distt. Gurdaspur.

ਪਬਲਿਕ ਨੋਟਿਸ

ਬਾ-ਅਦਾਲਤ ਜੁਆਇੰਟ ਸਬ ਰਜਿਸਟਰਾਰ, ਤਲਵੰਡੀ ਚੌਧਰੀਆਂ।

ਵਿਸ਼ਾ : ਗੈਰ ਮੁਸਦਕਾ ਵਸੀਅਤ ਰਜਿਸਟਰਡ ਕਰਨ ਬਾਰੇ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਲਖਵਿੰਦਰ ਸਿੰਘ ਪੁੱਤਰ ਲੇਟ ਸ੍ਰੀ ਬਲਵੰਤ ਸਿੰਘ ਵਾਸੀ ਕਟੜਾ ਬਾਜ਼ਾਰ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਵੱਲੋਂ ਇੱਕ ਦਰਖਾਸਤ ਮਿਤੀ 05.03.2025 ਨੂੰ ਇੱਕ ਗੈਰ ਮੁਸਦਕਾ ਵਸੀਅਤ ਰਜਿਸਟਰਡ ਕਰਵਾਉਣ ਬਾਬਤ ਦਿੱਤੀ ਹੈ। ਦਰਖਾਸਤ ਰਾਹੀਂ ਉਸ ਵੱਲੋਂ ਬੋਨਤੀ ਕੀਤੀ ਗਈ ਹੈ ਕਿ ਉਸ ਦੇ ਪਿਤਾ ਬਲਵੰਤ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਮੁਹੱਲਾ ਕੱਟੜਾ ਬਾਜ਼ਾਰ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਨੇ ਆਪਣੀ ਵਾਕਿਆ ਪਿੰਡ ਤਲਵੰਡੀ ਚੌਧਰੀਆਂ ਵਾ ਪਿੰਡ ਮਿਰਜ਼ਾਪੁਰ ਵਿੱਚ ਮੌਜੂਦਾ ਜਾਇਦਾਦ ਮਨਕੂਲਾ ਵਾ ਗੈਰ ਮਨਕੂਲਾ ਦੀ ਵਸੀਅਤ ਗੈਰ ਮੁਸਦਕਾ ਮਿਤੀ 10.05.2022 ਨੂੰ ਆਪਣੇ ਦੋਨਾਂ ਲੜਕਿਆਂ ਜਸਵਿੰਦਰ ਸਿੰਘ ਅਤੇ ਲਖਵਿੰਦਰ ਸਿੰਘ ਦੇ ਹੱਕ ਵਿੱਚ ਕੀਤੀ ਸੀ, ਜੋ ਦਰਖਾਸਤ ਨਾਲ ਪੇਸ਼ ਕੀਤੀ ਹੈ। ਉਸ ਦੇ ਪਿਤਾ ਬਲਵੰਤ ਸਿੰਘ ਦੀ ਮੌਤ ਮਿਤੀ 13.07.2022 ਨੂੰ ਹੋ ਚੁੱਕੀ ਹੈ।ਮੱਤ ਸਰਟੀਫਿਕੇਟ ਦੀ ਕਾਪੀ ਵੀ ਦਰਖਾਸਤ ਨਾਲ ਸ਼ਾਮਲ ਹੈ।ਇਹ ਗੈਰ ਮੁਸਦਕਾ ਵਸੀਅਤ ਹੁਣ ਉਹ ਰਜਿਸਟਰਡ ਕਰਵਾਉਣਾ ਚਾਹੁੰਦੇ ਹਨ ਅਤੇ ਇਹ ਗੈਰ ਮੁਸਦਕਾ ਵਸੀਅਤ ਰਜਿਸਟਰਡ ਕਰਵਾਉਣ ਲਈ ਬੇਨਤੀ ਕੀਤੀ ਗਈ ਹੈ।

ਇਸ ਲਈ ਇਹ ਵਸੀਅਤ ਜ਼ੇਰ ਧਾਰਾ 40/41 ਅਧੀਨ ਰਜਿਸਟਰਡ ਕੀਤੀ ਜਾਣੀ ਹੈ।ਇਹ ਵਸੀਅਤ ਰਜਿਸਟਰਡ ਕਰਨ ਸੰਬੰਧੀ ਜੇ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣਾ ਇਤਰਾਜ਼ ਅਸਾਲਤਨ/ਵਕਾਲਤਨ ਮੇਰੀ ਅਦਾਲਤ ਵਿੱਚ ਇਸ਼ਤਿਹਾਰ ਅਖਬਾਰ ਵਿੱਚ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਕਰ ਸਕਦਾ ਹੈ।ਬਾਅਦ ਗੁਜ਼ਰਨੇ ਮਿਆਦ ਹਸਬ ਜ਼ਾਬਤਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਇਸ਼ਤਿਹਾਰ ਅੱਜ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਅਧੀਨ ਜਾਰੀ ਕੀਤਾ ਗਿਆ।

ਸਹੀ/-ਜੁਆਇੰਟ ਸਬ ਰਜਿਸਟਰਾਰ, ਤਲਵੰਡੀ ਚੌਧਰੀਆਂ
ਨੰਬਰ : 94/ਆਰ. ਸੀ ਮਿਤੀ : 07.3.2025

ਪਬਲਿਕ ਨੋਟਿਸ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ
ਤਹਿਸੀਲਦਾਰ, ਮਾਨਸਾ

ਵਿਸ਼ਾ:- ਦਰਖਾਸਤ ਵੱਲੋਂ ਗੁਰਸੇਵਕ ਸਿੰਘ ਉਰਫ ਸੇਵਕ ਸਿੰਘ ਪੁੱਤਰ ਬਹਾਲ ਸਿੰਘ ਪਿੰਡ ਤਲਵੰਡੀ ਅਕਲੀਆ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਬਾਬਤ ਮਾਲ ਰਿਕਾਰਡ ਵਿੱਚ ਉਸ ਦਾ ਨਾਂਅ ਦਰੁਸਤ ਕਰਨ ਬਾਰੇ।

ਬਨਾਮ ਆਮ ਜਨਤਾ

ਇਸ ਨੋਟਿਸ ਰਾਹੀਂ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਅਦਾਲਤ ਵਿੱਚ ਗੁਰਸੇਵਕ ਸਿੰਘ ਉਰਫ ਸੇਵਕ ਸਿੰਘ ਪੁੱਤਰ ਬਹਾਲ ਸਿੰਘ ਪਿੰਡ ਤਲਵੰਡੀ ਅਕਲੀਆ ਤਹਿਸੀਲ ਵਾ ਜ਼ਿਲ੍ਹਾ ਮਾਨਸਾ ਵੱਲੋਂ ਇਕ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਗਈ ਹੈ ਕਿ ਵਾਕਾ ਰਕਬਾ ਤਲਵੰਡੀ ਅਕਲੀਆ ਦੇ ਮਾਲ ਰਿਕਾਰਡ ਵਿੱਚ ਮੇਰਾ ਨਾਂਅ ਸੇਵਕ ਸਿੰਘ ਹੈ, ਜਦੋਂ ਕਿ ਮੇਰੇ ਅਧਾਰ ਕਾਰਡ ਅਤੇ ਵੋਟਰ ਕਾਰਡ 'ਤੇ ਮੇਰਾ ਨਾਂਅ ਗੁਰਸੇਵਕ ਸਿੰਘ ਦਰਜ ਹੈ।ਇਸ ਤਰ੍ਹਾਂ ਮੈਨੂੰ ਦੋਵੇਂ ਨਾਂਅ ਸੇਵਕ ਸਿੰਘ ਉਰਫ ਗੁਰਸੇਵਕ ਸਿੰਘ ਦੇ ਨਾਂਅ ਨਾਲ ਜਾਣਿਆ ਜਾਂਦਾ ਹੈ। ਜਦੋਂ ਕਿ ਦੋਵੇਂ ਨਾਂਅ ਇੱਕ ਹੀ ਵਿਅਕਤੀ ਦੇ ਹਨ। ਇਸ ਲਈ ਮੇਰਾ ਨਾਂਅ ਮਾਲ ਰਿਕਾਰਡ ਵਿੱਚ ਸੇਵਕ ਸਿੰਘ ਉਰਫ ਗੁਰਸੇਵਕ ਸਿੰਘ ਪੁੱਤਰ ਬਹਾਲ ਸਿੰਘ ਵਾਸੀ ਤਲਵੰਡੀ ਅਕਲੀਆ ਦਰੁਸਤ ਕੀਤਾ ਜਾਵੇ।

ਉਕਤ ਮੇਰੇ ਨਾਂਅ ਨੂੰ ਦਰੁਸਤ ਕਰਨ ਵਿੱਚ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਦੇ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਅਸਾਲਤਨ ਜਾਂ ਵਕਾਲਤਨ ਆਪਣਾ ਉਜ਼ਰ ਇਸ ਅਦਾਲਤ ਵਿੱਚ ਪੇਸ਼ ਕਰ ਸਕਦਾ ਹੈ।ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਕਾਬਲੇ ਸਮਾਇਤ ਨਹੀਂ ਹੋਵੇਗਾ ਅਤੇ ਨਿਯਮਾਂ ਅਨੁਸਾਰ ਨਾਂਅ ਦੀ ਦਰੁਸਤੀ ਕਰ ਦਿੱਤੀ ਜਾਵੇਗੀ।

ਅੱਜ ਮਿਤੀ 24.03.2025 ਨੂੰ ਮੇਰੀ ਮੋਹਰ ਅਦਾਲਤ ਅਤੇ ਦਸਤਖਤਾਂ ਹੇਠ ਜਾਰੀ ਕੀਤਾ ਗਿਆ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ,
ਤਹਿਸੀਲਦਾਰ, ਮਾਨਸਾ।

COURT NOTICE

(U/o 5 Rule 20 CPC)
In The Court of
Sh. Gurkiran Singh
Civil Judge Junior Division - 3, Patiala
CNR No. PBPT02-003246-2022
Next Date:- 23-04-2025
Bhagwan Singh
Vs..
Jabarjang Singh
Publication Issued To:
Jabarjang Singh
:- Bhagwan Singh
H.no. 80, Sanjay Colony, Patiala 2nd Address C/o Jagsir Singh S/o Jai Singh R/o Vill. Kapuri P.O. Devigarh Distt. Patiala..

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 23-04-2025 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division - 3, Patiala
Dated, this day of 24-03-2025

COURT NOTICE

(U/o 5 Rule 20 CPC)
In The Court of
Sh. Sandeep Kumar Singla
Matrimonial Cases Special Courts, Patiala
CNR No. PBPT01-009609-2024
Next Date: 30-04-2025
Loveveer Kaur
Vs.
Arshdeep Singh
Publication Issued To:
Arshdeep Singh Son of Davinder Singh
Resident of Village Kotli Wasawa Singh Post Office, Rattoke, Patti, District Tarn Taran

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 30-04-2025 at 10:00 a.m.

For details logon to https://highcourtchd.gov.in/?mod=district_notice&district=patiala

Matrimonial Cases Special Courts, Patiala
Dated, this day of 21-03-2025

COURT NOTICE

(U/o 5 Rule 20 CPC)
In The Court Of
Sh. Sandeep Kumar Singla
Principal Judge, Family Court, Rajpura
DMC/2023/2023
CNR No. PBPTF2-000356-2023
Next Date:- 16-05-2025
Jagtar Singh Vs. Karamjit Kaur
Petition For Restitution of Conjugal Rights
Publication Issued To:
Karamjit Kaur
:- W/O Jagtar Singh D/O Jodha Singh R/O Village Khanpur Barring, Tehsil Rajpura District Patiala At Present R/O Village Sarsini, Tehsil Dera Bassi Distt. Mohali

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 16-05-2025 at 10:00 a.m.

For details logon to https://highcourtchd.gov.in/?mod=district_notice&district=patiala

Principal Judge, Family Court Rajpura
Dated, this day of 19-03-2025

COURT NOTICE

In The Court of
Sh. Palwinder Singh
Judicial Magistrate - Ist Class - 5 Patiala
CNR No.:- PBPT03-015761-2022
Next Date:- 09-04-2025
Amrik Singh
Vs.
Gagandeep Singh
Detail of offence:-
Notice To:
Gagandeep Singh
S/o Ram Lubhaya, R/o Vill. Jadla, Teh. and Distt. Shaheed Bhagat Singh Nagar, Nawanshahar.

In above titled case, the accused could not be served. It is ordered that accused should appear in person or through counsel on 09-04-2025 at 10.00 a.m.

For details logon to https://highcourtchd.gov.in/?mod=district_notice&district=patiala

Judicial Magistrate - Ist Class - 5 Patiala
Dated, this day of 24-03-2025

ਪਬਲਿਕ ਨੋਟਿਸ

ਬਾ ਅਦਾਲਤ ਤਹਿਸੀਲਦਾਰ -ਕਮ- ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੂਜਾ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ

ਤਕਸੀਮ ਕੇਸ ਵੱਲੋਂ ਪਰਮਿੰਦਰ ਕੌਰ ਪਤਨੀ ਪਰਗਟ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਸੈਦੋਕੇ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਖੇਵਟ ਨੰਬਰ 958/977 ਖਤੌਨੀ ਨੰਬਰ 1426 ਤੋਂ 1422 ਜਮ੍ਹਾਂਬੰਦੀ ਸਾਲ 2017-2018 ਵਾਕਿਆ ਰਕਬਾ ਪਿੰਡ ਧੂੜਕੋਟ ਰਣਸੀਂਹ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਉਪਰੋਕਤ ਅਨੁਵਾਨ ਕੇਸ ਦੀ ਤਾਰੀਖ ਪੇਸ਼ੀ ਮਿਤੀ 02-04-2025 ਮੁਕੱਰਰ ਹੈ। ਉਪਰੋਕਤ ਕੇਸ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਸਧਾਰਨ ਤਾਰੀਕੇ ਨਾਲ ਤਲਬੀ ਨਹੀਂ ਕੀਤੀ ਜਾ ਸਕੀ ਹੈ। ਇਸ ਲਈ ਉਨ੍ਹਾਂ ਦੇ ਪਿਕਾਫ਼ ਆਰਡਰ 5 ਰੂਲ 20 ਸੀ.ਪੀ.ਸੀ. ਦੀ ਕਾਰਵਾਈ ਆਰੰਭੀ ਜਾ ਰਹੀ ਹੈ ਅਤੇ ਹੇਠ ਲਿਖੇ ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਸਾਲਤਨ ਜਾਂ ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋਣ ਅਤੇ ਆਪਣਾ ਪੱਖ ਪੇਸ਼ ਕਰਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

1) ਜਗਮੋਹਣ ਸਿੰਘ (2) ਪਰਮਜੀਤ ਸਿੰਘ ਪੁੱਤਰਾਨ ਬੱਗਾ ਸਿੰਘ ਪੁੱਤਰ ਜੰਗੀਰ ਸਿੰਘ (3) ਦਰਸ਼ਨ ਸਿੰਘ (4) ਜਗਰਾਜ ਸਿੰਘ (5) ਕਰਮ ਸਿੰਘ (6) ਗੁਰਭਜਨ ਸਿੰਘ ਪੁੱਤਰਾਨ ਬਸੰਤ ਸਿੰਘ ਪੁੱਤਰ ਜੰਗੀਰ ਸਿੰਘ (7) ਬਲਵਿੰਦਰ ਕੌਰ ਪੁੱਤਰੀ ਰੂਪ ਸਿੰਘ ਪੁੱਤਰ ਜੰਗੀਰ ਸਿੰਘ (8) ਨਿਰਮਲ ਸਿੰਘ ਪੁੱਤਰ ਬਾਬੂ ਸਿੰਘ ਪੁੱਤਰ ਲਾਲ ਸਿੰਘ (9) ਧਰਮ ਸਿੰਘ (10) ਆਤਮਾ ਸਿੰਘ ਪੁੱਤਰਾਨ ਪਾਲ ਸਿੰਘ ਪੁੱਤਰ ਮੇਹਰ ਸਿੰਘ (11) ਹਰਜਿੰਦਰ ਸਿੰਘ ਪੁੱਤਰ ਗੁਰਮੇਲ ਸਿੰਘ ਪੁੱਤਰ ਭਾਗ ਸਿੰਘ (12) ਗੁਰਮੇਲ ਸਿੰਘ ਪੁੱਤਰ ਭਾਗ ਸਿੰਘ ਪੁੱਤਰ ਨਿਧਾਨ ਸਿੰਘ (13) ਗੁਰਪ੍ਰੀਤ ਸਿੰਘ (14) ਗੁਰਮੀਤ ਸਿੰਘ ਪੁੱਤਰਾਨ ਦਰਸ਼ਨ ਸਿੰਘ ਪੁੱਤਰ ਜੋਗਿੰਦਰ ਸਿੰਘ (15) ਮਨਵੀਰ ਸਿੰਘ ਪੁੱਤਰ ਝਿੱਕਰ ਸਿੰਘ ਪੁੱਤਰ ਚੰਦ ਸਿੰਘ (16) ਕਰਨੈਲ ਸਿੰਘ ਪੁੱਤਰ ਭਾਗ ਸਿੰਘ ਪੁੱਤਰ ਨਿਧਾਨ ਸਿੰਘ (17) ਸਤਨਾਮ ਸਿੰਘ ਪੁੱਤਰ (18) ਮਨਜੀਤ ਕੌਰ ਪੁੱਤਰੀ ਬੂਟਾ ਸਿੰਘ ਪੁੱਤਰ ਟਹਿਲ ਸਿੰਘ (19) ਮੈਨੇਜਰ ਦੀ ਮੋਗਾ ਕੋਆਪਰੇਟਿਵ ਬੈਂਕ ਲਿਮ. ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ (20) ਮੈਨੇਜਰ ਐੱਚ. ਡੀ.ਐੱਫ. ਸੀ. ਨਿਹਾਲ ਸਿੰਘ ਵਾਲਾ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਸਹਾਇਕ ਕੁਲੈਕਟਰ ਦਰਜਾ ਪਹਿਲਾ ਕਮ-ਤਹਿਸੀਲਦਾਰ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ

ਪੰਜਾਬ ਨੈਸ਼ਨਲ ਬੈਂਕ punjab national bank

ਬਰਾਂਚ : ਬਸਤੀ ਨੌਂ (ਬਰਾਂਚ ਕੋਡ : 070300), ਜਲੰਧਰ-144001

ਸਾਡੀ ਬਰਾਂਚ ਵਿਖੇ ਲਾਕਰਾਂ ਦੇ ਕਿਰਾਏ 'ਚ ਬਕਾਇਆਂ ਲਈ ਨੋਟਿਸ

ਪੰਜਾਬ ਨੈਸ਼ਨਲ ਬੈਂਕ, ਬਰਾਂਚ ਦਫਤਰ ਬਸਤੀ ਨੌਂ (ਬਰਾਂਚ ਕੋਡ : 070300), ਜਲੰਧਰ ਨੇ ਹੇਠਾਂ ਸਾਰਣੀ 'ਚ ਦਰਸਾਏ ਲਾਕਰ ਕਿਰਾਏ 'ਤੇ ਲੈਣ ਵਾਲਿਆਂ ਨੂੰ ਸੋਫ ਡਿਪਾਜ਼ਟ ਵੈਲਟਸ (ਲਾਕਰਜ਼) ਕਿਰਾਏ 'ਤੇ ਦਿੱਤੇ ਸਨ। ਲਾਕਰ ਧਾਰਕਾਂ ਨੇ 3 ਸਾਲ ਤੋਂ ਵੱਧ ਸਮੇਂ ਤੋਂ ਲਾਕਰਾਂ ਦਾ ਕਿਰਾਇਆ ਅਦਾ ਨਹੀਂ ਕੀਤਾ ਅਤੇ ਉਨ੍ਹਾਂ ਦੇ ਕਿਰਾਏ ਦਾ ਬਕਾਇਆ ਹੇਠਾਂ ਦਰਸਾਈ ਸਾਰਣੀ 'ਚ ਦਰਸਾਇਆ ਗਿਆ ਹੈ। ਬੈਂਕ ਨੇ ਲਾਕਰ ਕਿਰਾਏ 'ਤੇ ਲੈਣ ਵਾਲੇ ਸੰਬੰਧਤਾਂ ਨੂੰ ਲਾਕਰਾਂ ਦੇ ਬਕਾਇਆ ਕਿਰਾਏ ਲਈ ਤਿੰਨ ਨੋਟਿਸ ਜਾਰੀ ਕੀਤੇ ਸਨ, ਪਰ ਅਜੇ ਤੱਕ ਕੋਈ ਕਿਰਾਇਆ ਜਮ੍ਹਾਂ ਨਹੀਂ ਹੋਇਆ।

SR NO.	LOCKER NO.	ਨਾਂਅ	ਬਰਾਂਚ
1.	AD00279	ਵਰਿੰਦਰ ਪਾਲ ਸੋਨੀ	ਬਸਤੀ ਨੌਂ, ਜਲੰਧਰ

ਉਪਰੋਕਤ ਦਰਸਾਏ ਲਾਕਰ ਧਾਰਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇਕਰ ਬੈਂਕ ਨੂੰ ਉਨ੍ਹਾਂ ਦੇ ਕਿਰਾਏ ਤਿੰਨ ਮਹੀਨਿਆਂ ਦੇ ਵਿੱਚ ਪ੍ਰਾਪਤ ਨਹੀਂ ਹੁੰਦੇ ਤਾਂ ਕਿਰਾਇਆ ਡੀਡ ਦੀ ਕਲਾਜ਼ ਨੰ. 9 ਤਹਿਤ ਬੈਂਕ ਸੰਬੰਧਤ ਲਾਕਰ ਧਾਰਕਾਂ ਦੇ ਲਾਕਰ ਉਨ੍ਹਾਂ ਦੇ ਜੋਖਮ ਅਤੇ ਲਾਗਤ ਦੇ ਖੋਲ੍ਹ ਦਿੱਤੇ ਜਾਣਗੇ ਅਤੇ ਬੈਂਕ ਇਸ ਦੇ ਕਿਸੇ ਇੱਕ ਹਿੱਸੇ ਜਾਂ ਸਮੁੱਚੀ ਸਮੱਗਰੀ ਦੀ ਜਨਤਕ ਜਾਂ ਨਿੱਜੀ ਵਿਕਰੀ ਦੁਆਰਾ ਇਸ ਦੀ ਅਦਾਇਗੀ ਨੂੰ ਪ੍ਰਾਪਤ ਕਰ ਸਕਦਾ ਹੈ। ਬੈਂਕ ਦੇ ਬਕਾਏ ਦੇ ਸੰਤੁਸ਼ਟ ਕਰਨ ਤੋਂ ਬਾਅਦ ਲਾਕਰ ਦੀ ਕੋਈ ਵੀ ਰਕਮ ਅਤੇ ਸਮੱਗਰੀ ਜੋ ਬਾਕੀ ਬਚੀ ਹੈ, ਸੰਬੰਧਤ ਲਾਕਰ ਧਾਰਕ ਪੂਰੇ ਜੋਖਮ 'ਤੇ ਪੂਰੀ ਜ਼ਿੰਮੇਵਾਰੀ ਅਤੇ ਲਾਗਤ 'ਤੇ ਬੈਂਕ ਦੁਆਰਾ ਰੱਖੀ ਜਾਵੇਗੀ। ਜੇਕਰ ਬੈਂਕ ਨੂੰ ਅਜਿਹੀ ਵਿਕਰੀ ਕਰਨ 'ਤੇ ਅਦਾਇਗੀ ਨਾਕਾਫੀ ਹੋਵੇਗੀ ਤਾਂ ਲਾਕਰ ਧਾਰਕ ਇਸ ਘਾਟ ਲਈ ਜ਼ਿੰਮੇਵਾਰ ਹੋਵੇਗਾ।

ਮਿਤੀ : 25-03-2025, ਸਥਾਨ : ਜਲੰਧਰ — ਪੰਜਾਬ ਨੈਸ਼ਨਲ ਬੈਂਕ

ਦੀ ਪੰਜਾਬ ਲੋਕ ਸੇਵਕ ਸਹਿਕਾਰੀ ਮਾਰਕੀਟਿੰਗ ਕਮ-ਪ੍ਰੋਸੈਸਿੰਗ ਸਭਾ ਲਿਮਟਿਡ ਦਿਲਾ ਰਾਮ (ਗੁਰੂਹਰਸਹਾਏ) ਦੇ ਸਮੂਹ ਮੈਂਬਰਾਨ, ਸ਼ਖਸੀ ਅਤੇ ਸਭਾਵਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਮਿਤੀ 7-04-2025 ਤੋਂ 11-04-25 ਨੂੰ ਸਭਾ ਦੇ ਦਫਤਰ ਵਿਖੇ ਹੋ ਰਹੀ ਹੈ। ਚੋਣ ਪ੍ਰੋਗਰਾਮ ਹੇਠ ਲਿਖੇ ਅਨੁਸਾਰ ਹੈ:-

ਲੜੀ ਨੰ.	ਵੇਰਵਾ	ਮਿਤੀ	ਸਮਾਂ	ਸਥਾਨ
1.	ਚੋਣ ਨੋਟਿਸ			
2.	ਮੈਂਬਰ ਸਭਾਵਾਂ ਵੱਲੋਂ ਤਸਦੀਕਸ਼ੁਦਾ ਅਤੇ ਮੈਨੇਜਰ ਪਾਸ ਜਮ੍ਹਾਂ ਕਰਵਾਉਣ ਦੀ ਮਿਤੀ, ਸਮਾਂ, ਸਥਾਨ	7.04.2025	ਸਵੇਰੇ 10.00 ਵਜੇ ਤੋਂ ਦੁਪਹਿਰ 1.00 ਵਜੇ ਤੱਕ	ਸਭਾ ਦੇ ਦਫਤਰ ਪਿੰਡ ਦਿਲਾਰਾਮ (ਗੁਰੂਹਰਸਹਾਏ)
3.	ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਮਿਤੀ, ਸਮਾਂ, ਸਥਾਨ	9.04.2025	ਸਵੇਰੇ 9.00 ਵਜੇ ਤੋਂ ਸਵੇਰੇ 11.00 ਵਜੇ ਤੱਕ	ਉਕਤ
4.	ਨਾਮਜ਼ਦਗੀ ਪੱਤਰਾਂ 'ਤੇ ਸਭਾਵਾਂ ਦੇ ਨੁਮਾਇੰਦਿਆਂ ਅਤੇ ਮੈਂਬਰਾਂ ਵੱਲੋਂ ਇਤਰਾਜ਼ ਦਾਖਲ ਕਰਨ ਦੀ ਮਿਤੀ, ਸਮਾਂ, ਸਥਾਨ	ਉਕਤ	ਸਵੇਰੇ 11.00 ਵਜੇ ਤੋਂ ਦੁਪਹਿਰ 12.00 ਵਜੇ ਤੱਕ	ਉਕਤ
5.	ਦਾਖਲ ਕੀਤੇ ਇਤਰਾਜ਼ਾਂ ਦੀ ਰਿਟਰਨਿੰਗ ਅਫਸਰ ਵੱਲੋਂ ਸੁਣਵਾਈ ਦੀ ਮਿਤੀ, ਸਮਾਂ, ਸਥਾਨ	ਉਕਤ	ਦੁਪਹਿਰ 12.00 ਵਜੇ ਤੋਂ 2 ਵਜੇ ਤੱਕ	ਉਕਤ
6.	ਪੜਤਾਲ ਤੋਂ ਬਾਅਦ ਸਹੀ ਪਾਏ ਗਏ ਨਾਮਜ਼ਦਗੀ ਪੱਤਰਾਂ ਦੀ ਸੂਚੀ ਪ੍ਰਕਾਸ਼ਿਤ ਕਰਨ ਦੀ ਮਿਤੀ, ਸਮਾਂ, ਸਥਾਨ	ਉਕਤ	ਦੁਪਹਿਰ 2.00 ਵਜੇ	ਉਕਤ
7.	ਨਾਮਜ਼ਦਗੀ ਪੱਤਰਾਂ ਦੀ ਵਾਪਸ	ਉਕਤ	ਦੁਪਹਿਰ 2.00 ਵਜੇ ਤੋਂ 3 ਵਜੇ ਤੱਕ	ਉਕਤ
8.	ਬਿਨਾਂ ਮੁਕਾਬਲਾ ਜੇਤੂ ਉਮੀਦਵਾਰਾਂ ਦੀ ਸੂਚੀ ਪ੍ਰਕਾਸ਼ਿਤ ਕਰਨ ਦੀ ਮਿਤੀ, ਸਮਾਂ, ਸਥਾਨ	ਉਕਤ	ਦੁਪਹਿਰ 3 ਵਜੇ ਤੋਂ 3.30 ਵਜੇ ਤੱਕ	ਉਕਤ
9.	ਨਿਸ਼ਾਨ ਅਲਾਟ ਕਰਨ ਦੀ ਮਿਤੀ, ਸਮਾਂ, ਸਥਾਨ	ਉਕਤ	ਦੁਪਹਿਰ 3.30 ਵਜੇ ਤੋਂ 4.00 ਵਜੇ ਤੱਕ	ਉਕਤ
10.	ਚੋਣ ਲੜ ਰਹੇ ਉਮੀਦਵ

ਇਨਕਲਾਬੀ ਦੇਸ਼ ਭਗਤਾਂ ਦੇ ਸੁਪਨੇ ਅਜ਼ਾਦੀ ਦੀ ਪੌਣੀ ਸਦੀ ਬੀਤ ਜਾਣ ਬਾਅਦ ਵੀ ਅਧੂਰੇ : ਕੌਸ਼ਲ

■ ਸੀ ਪੀ ਆਈ ਵੱਲੋਂ 23 ਮਾਰਚ ਦੇ ਸ਼ਹੀਦਾਂ ਦੀ ਯਾਦ 'ਚ ਸਮਾਗਮ

ਕੋਟਕਪੂਰਾ (ਰਛਪਾਲ ਭੁੱਲਰ)-'ਦੇਸ਼ ਨੂੰ ਅਜ਼ਾਦੀ ਮਿਲਣ ਦੇ ਪੌਣੀ ਸਦੀ ਬੀਤ ਜਾਣ ਦੇ ਬਾਵਜੂਦ ਦੇਸ਼ ਲਈ ਫਾਂਸੀ ਦੇ ਰੱਸੇ ਚੁੰਮ ਕੇ ਗਲੇ ਵਿੱਚ ਪਾਉਣ ਵਾਲੇ ਇਨਕਲਾਬੀ ਦੇਸ਼ ਭਗਤਾਂ ਸ੍ਰ. ਭਗਤ ਸਿੰਘ, ਰਾਜ ਗੁਰੂ, ਸੁਖਦੇਵ ਅਤੇ ਉਨ੍ਹਾਂ ਦੇ ਅਨੇਕਾਂ ਹੋਰ ਸਾਥੀਆਂ ਦੇ ਸੁਪਨੇ ਅਜੇ ਵੀ ਅਧੂਰੇ ਹਨ, ਜਿਨ੍ਹਾਂ ਨੂੰ ਪੂਰੇ ਕਰਨ ਦੀ ਜ਼ਿੰਮੇਵਾਰੀ ਨੌਜਵਾਨ ਪੀੜ੍ਹੀ ਦੇ ਸਿਰ ਹੈ।' ਇਹ ਸ਼ਬਦ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਅਸ਼ੋਕ ਕੌਸ਼ਲ ਨੇ ਨੇੜਲੇ ਪਿੰਡ ਔਲਖ ਵਿੱਚ 23 ਮਾਰਚ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਕਹੇ।ਉਨ੍ਹਾ ਕਿਹਾ ਕਿ ਸ੍ਰ. ਭਗਤ ਸਿੰਘ ਮਿਹਨਤਕਸ਼ ਜਮਾਤ ਦੀ ਸਦਰਾਰੀ ਵਾਲਾ ਰਾਜ ਪ੍ਰਬੰਧ ਚਾਹੁੰਦਾ ਸੀ, ਜਿੱਥੇ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਨਾ ਹੋਵੇ ਤੇ ਸਭ ਨੂੰ ਚੰਗੀ ਜ਼ਿੰਦਗੀ ਜਿਉਣ ਲਈ ਬਰਾਬਰ ਸਹੂਲਤਾਂ ਨਸੀਬ ਹੋਣ।ਸੁਖਦਰਸ਼ਨ ਰਾਮ ਸ਼ਰਮਾ ਤੇ ਬੋਹੜ ਸਿੰਘ ਦੀ ਪ੍ਰਧਾਨਗੀ ਹੇਠ ਕਾਮਰੇਡ ਅਮੋਲਕ ਸਿੰਘ ਦੀ ਯਾਦਗਾਰ 'ਤੇ ਹੋਏ ਇਸ ਸਮਾਗਮ ਨੂੰ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਗੁਰਨਾਮ ਸਿੰਘ ਮਾਨੀ ਵਾਲਾ, ਮਾਸਟਰ ਗੁਰਚਰਨ ਸਿੰਘ ਮਾਨ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਮੋਹਨ ਸਿੰਘ, ਬੂਟਾ ਸਿੰਘ, ਬਲਵੀਰ ਸਿੰਘ ਰੰਗਾ, ਸੂਖਮ ਸਿੰਘ, ਕੁਲਵੰਤ ਸਿੰਘ, ਗੁਰਚਰਨ ਸਿੰਘ ਗੁਰਾ ਤੇ ਬੀਬੀ ਜਸਪ੍ਰੀਤ ਕੌਰ ਦੇ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਆਮ ਲੋਕ ਹਾਜ਼ਰ ਸਨ।

ਇਸੇ ਦੌਰਾਨ ਚੰਦਭਾਨ ਬ੍ਰਾਂਚ ਦੀ ਜਨਰਲ ਬਾਡੀ ਮੀਟਿੰਗ ਕਾਮਰੇਡ ਮਲਕੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਦੀ ਸ਼ੁਰੂਆਤ 23 ਮਾਰਚ ਦੇ ਸ਼ਹੀਦਾਂ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਦੇਣ ਨਾਲ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦੇ ਜ਼ਿਲ੍ਹਾ ਸਕੱਤਰ ਅਸ਼ੋਕ ਕੌਸ਼ਲ, ਕਾਮਰੇਡ ਗੁਰਨਾਮ ਸਿੰਘ, ਕਾਮਰੇਡ ਗੋਰਾ ਪਿਪਲੀ ਤੇ ਮਾਸਟਰ ਗੁਰਚਰਨ ਸਿੰਘ ਮਾਨ ਨੇ ਦੱਸਿਆ ਕਿ ਜਿਨ੍ਹਾਂ ਸਾਮਰਾਜੀ ਲੁਟੇਰਿਆਂ ਨੂੰ ਦੇਸ਼ ਵਿੱਚੋਂ ਬਾਹਰ ਕਰਨ ਲਈ ਭਗਤ ਸਿੰਘ ਤੇ ਉਸ ਦੇ ਸਾਥੀਆਂ ਨੇ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਸਨ, ਸਾਡੇ ਹਾਕਮਾਂ ਦੀਆਂ ਮਾੜੀਆਂ ਨੀਤੀਆਂ ਕਾਰਨ ਸਾਡੇ ਨੌਜਵਾਨ, ਅੱਜ ਉਨ੍ਹਾਂ ਸਾਮਰਾਜੀ ਦੇਸ਼ਾਂ ਵਲ ਹੀ ਜਾਇਜ਼-ਨਜਾਇਜ਼ ਤਰੀਕੇ ਅਪਣਾ ਕੇ ਪ੍ਰਵਾਸ ਕਰਨ ਲਈ ਮਜਬੂਰ ਹਨ, ਜਿਸ ਦਾ ਸਬੂਤ ਹੈ ਕਿ ਸਿਰਫ਼ ਇਕ ਸਾਲ ਵਿੱਚ ਹੀ ਅੰਸਤ 90 ਹਜ਼ਾਰ ਭਾਰਤੀ ਨੌਜਵਾਨ ਨਜਾਇਜ਼ ਅਮਰੀਕਾ ਦਾ ਬਾਰਡਰ ਪਾਰ ਕਰਨ ਦੇ ਯਤਨ ਵਿੱਚ ਫੜੇ ਜਾਂਦੇ ਹਨ।ਜੇ ਸਰਕਾਰਾਂ ਨੇ ਸਭ ਲਈ ਯੋਗਤਾ ਮੁਤਾਬਕ ਰੁਜ਼ਗਾਰ ਦਾ ਪ੍ਰਬੰਧ ਕੀਤਾ ਹੁੰਦਾ ਤਾਂ ਸਾਡੇ ਨੌਜਵਾਨ ਹੱਥਕੜੀਆਂ-ਬੇੜੀਆਂ ਵਿੱਚ ਜਕੜ ਕੇ ਅਮਰੀਕੀ ਫੌਜੀ ਜਹਾਜ਼ ਵਿੱਚ ਜ਼ਲੀਲ ਕਰਨ ਵਾਲੇ ਢੰਗ ਨਾਲ ਡਿਪੋਰਟ ਨਾ ਕੀਤੇ ਜਾਂਦੇ।ਪਾਰਟੀ ਆਗੂਆਂ ਨੇ ਡਾ. ਭੀਮ ਰਾਓ ਅੰਬੇਡਕਰ ਦੇ ਜਨਮ 14 ਅਪ੍ਰੈਲ ਤੱਕ ਹਰ ਬ੍ਰਾਂਚ ਤੱਕ ਪਹੁੰਚ ਕੇ ਪਾਰਟੀ ਦਾ ਸੁਨੇਹਾ ਪਹੁੰਚਾਉਣ ਤੇ ਮਿਹਨਤਕਸ਼ ਜਮਾਤ ਦੇ ਹੱਕਾਂ ਲਈ ਸੰਘਰਸ਼ ਤੇਜ਼ ਕਰਨ ਦਾ ਪ੍ਰਣ ਦੁਹਰਾਇਆ।ਇਸ ਮੌਕੇ ਕਾਮਰੇਡ ਰਾਮ ਸਰੂਪ, ਗੁਰਮੀਤ ਸਿੰਘ, ਗੁਰਮੇਲ ਸਿੰਘ, ਕਸ਼ਮੀਰ ਸਿੰਘ, ਬਲਰਾਜ ਸਿੰਘ, ਰਾਜੂ ਸਿੰਘ, ਗੁਰਮੀਤ ਕੌਰ, ਗੁਰਪ੍ਰੀਤ ਕੌਰ, ਬਲਦੇਵ ਸਿੰਘ, ਅਵਤਾਰ ਸਿੰਘ, ਜਗਾ ਸਿੰਘ ਤੇ ਬਿੱਟੂ ਸਿੰਘ ਹਾਜ਼ਰ ਸਨ।

ਪਾਬੰਦੀਸ਼ੁਦਾ ਕੈਪਸੂਲਾਂ ਦੇ ਪੱਤੇ ਖੋਲ੍ਹ ਕੇ ਵੇਚਣ ਵਾਲਾ ਮੈਡੀਕਲ ਸਟੋਰ ਸੀਲ

■ 150 ਪਾਬੰਦੀਸ਼ੁਦਾ ਕੈਪਸੂਲ ਤੇ 125 ਖਾਲੀ ਪੱਤੇ ਬਰਾਮਦ

ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਸਰਕਾਰ ਵੱਲੋਂ ਨਸ਼ਾ ਤਸਕਰਾਂ ਖਿਲਾਫ ਚਲਾਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਮੋਗਾ ਪੁਲਸ ਵੱਲੋਂ ਕਾਰਵਾਈਆਂ ਲਗਾਤਾਰ ਜਾਰੀ ਹਨ। ਇਸ ਮੁਹਿੰਮ ਤਹਿਤ ਵੱਧ ਤੋਂ ਵੱਧ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਲਈ ਨਿੱਤ ਦਿਨ ਗਤੀਵਿਧੀਆਂ ਕੀਤੀਆ ਜਾ ਰਹੀਆਂ ਹਨ।ਇਨ੍ਹਾਂ ਕਾਰਵਾਈਆਂ ਦੀ ਲਗਾਤਾਰਤਾ ਵਿੱਚ ਅਜੇ ਗਾਂਧੀ ਐਸ.ਐਸ.ਪੀ. ਮੋਗਾ ਦੀ ਯੋਗ ਅਗਵਾਈ ਤਹਿਤ ਅਨਵਰ ਅਲੀ ਉਪ ਕਪਤਾਨ ਪੁਲਸ ਨਿਹਾਲ ਸਿੰਘ ਵਾਲਾ ਮੋਗਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੰਸਪੈਕਟਰ ਗੁਰਮੇਲ ਸਿੰਘ ਮੁੱਖ ਅਫ਼ਸਰ ਥਾਣਾ ਬੱਧਨੀ ਕਲਾਂ ਸਮੇਤ ਪੁਲਸ ਪਾਰਟੀ ਸਮੇਤ ਰਵੀ ਗੁਪਤਾ ਡਰੱਗ ਇੰਸਪੈਕਟਰ ਮੋਗਾ ਵੱਲੋਂ ਹੈਰੀ ਮੈਡੀਕੋਜ ਨੇੜੇ ਬੱਸ ਸਟੈਂਡ ਬੁੱਟਰ ਕਲਾਂ ਦੀ ਚੈਕਿੰਗ ਕੀਤੀ ਗਈ।ਇਸ ਚੈਕਿੰਗ ਦੌਰਾਨ ਪਤਾ ਲੱਗਾ ਕਿ ਮੈਡੀਕਲ ਸਟੋਰ ਚਾਲਕ ਅਮਰਜੀਤ ਸਿੰਘ ਪੁੱਤਰ ਸੁਰਿੰਦਰਪਾਲ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਮਕਾਨ ਨੰਬਰ 813, ਵਾਰਡ ਨੰਬਰ 9, ਨਾਨਕ ਨਗਰੀ ਮੋਗਾ ਪੈਰਾਗਬਲਿਨ ਕੈਪਸੂਲ 300 ਐਮ.ਜੀ. ਸਾਲਟ ਦੇ ਪੱਤਿਆਂ ਨੂੰ ਖੋਲ ਕੇ ਇਸ ਨੂੰ ਸੇਲ ਕਰ ਰਿਹਾ ਸੀ। ਮੈਡੀਕਲ ਸਟੋਰ ਦੇ ਲਾਇਸੰਸਦਾਰ ਹਰਵਿੰਦਰ ਸਿੰਘ ਪੁੱਤਰ ਦਵਿੰਦਰਪਾਲ ਸਿੰਘ ਵਾਸੀ ਨਾਨਕ ਨਗਰੀ ਮੋਗਾ ਤੇ ਅਮਰਜੀਤ ਸਿੰਘ ਉਕਤ ਖਿਲਾਫ ਮੁਕੱਦਮਾ ਦਰਜ ਕਰ ਦਿੱਤਾ ਗਿਆ ਹੈ।ਮੈਡੀਕਲ ਸਟੋਰ ਦੇ ਮਾਲਕ ਵੱਲੋਂ ਲਾਇਸੰਸ ਦੀਆਂ ਹਦਾਇਤਾਂ ਦੀ ਉਲੰਘਣਾ ਕੀਤੇ ਜਾਣ ਕਾਰਨ ਮੈਡੀਕਲ ਸਟੋਰ ਨੂੰ ਡਰੱਗ ਇੰਸਪੈਕਟਰ ਰਵੀ ਗੁਪਤਾ ਵੱਲੋਂ ਸੀਲ ਕਰ ਦਿੱਤਾ ਗਿਆ ਹੈ।

ਡਰੱਗ ਇੰਸਪੈਕਟਰ ਰਵੀ ਗੁਪਤਾ ਨੇ ਦੱਸਿਆ ਕਿ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਮੋਗਾ ਵੱਲੋਂ ਨਸ਼ਿਆਂ ਰੋਕਣ ਦੀਆਂ ਸਖਤ ਹਦਾਇਤਾਂ ਪ੍ਰਾਪਤ ਹੋਈਆਂ ਹਨ, ਇਸ ਲਈ ਇਸ ਖੇਤਰ ਨਾਲ ਜੁੜੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।

ਸੰਯੁਕਤ ਕਿਸਾਨ ਮੋਰਚੇ ਵੱਲੋਂ 28 ਮਾਰਚ ਦੇ ਧਰਨੇ ਸਬੰਧੀ ਮੀਟਿੰਗ

ਸਮਰਾਲਾ (ਸੁਰਜੀਤ ਸਿੰਘ)-ਸਰਕਾਰਾਂ ਵੱਲੋਂ ਕਿਸਾਨਾਂ 'ਤੇ ਜਬਰ ਦਾ ਕੁਹਾੜਾ ਚਲਾਉਣ ਤੇ ਲਮੇਂ ਸਮੇਂ ਲਮਕਦੀਆਂ ਕਿਸਾਨੀ ਮੰਗਾਂ ਨੂੰ ਲੈ ਕੇ ਦੇਸ਼ ਭਰ ਵਿੱਚ ਜ਼ਿਲ੍ਹਾ ਹੈੱਡ ਕੁਆਰਟਰਾਂ 'ਤੇ 28 ਮਾਰਚ ਨੂੰ ਦਿੱਤੇ ਜਾਣ ਵਾਲੇ ਧਰਨੇ ਦੀ ਤਿਆਰੀ ਸਬੰਧੀ ਸੰਯੁਕਤ ਕਿਸਾਨ ਮੋਰਚੇ ਦੇ ਵੱਖ ਵੱਖ ਧੜਿਆਂ ਦੀ ਇੱਕ ਹੰਗਾਮੀ ਮੀਟਿੰਗ ਬੀ ਕੇ ਯੂ (ਲੱਖੋਵਾਲ) ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਦੀ ਪ੍ਰਧਾਨਗੀ ਹੇਠ ਹੋਈ।ਮਨਜੀਤ ਸਿੰਘ ਢੀਂਡਸਾ ਨੇ ਪੱਤਰਕਾਰ ਨੂੰ ਦੱਸਿਆ ਕਿ ਕੇਂਦਰ ਤੇ ਸੂਬਾ ਸਰਕਾਰਾਂ ਨੇ ਕਿਸਾਨੀ ਮੰਗਾਂ 'ਤੇ ਗੌਰ ਕਰਨ ਦੀ ਬਜਾਏ ਉਨ੍ਹਾਂ 'ਤੇ ਜਬਰ ਦਾ ਕੁਹਾੜਾ ਚਲਾਇਆ ਹੋਇਆ ਹੈ।ਕਿਸਾਨ ਦੀ ਵਾਹੀ ਯੋਗ ਜ਼ਮੀਨ ਘਟਦੀ ਜਾ ਰਹੀ ਹੈ।ਕੁੱਝ ਜ਼ਮੀਨ ਸ਼ਹਿਰੀ ਵਿਸਥਾਰ ਨੇ ਹੜੱਪ ਲਈ ਤੇ ਰਹਿੰਦੀ ਭਾਰਤ ਮਾਲਾ ਸੜਕ ਯੋਜਨਾ ਨੇ ਨਿਗਲ ਲੈਣੀ ਹੈ, ਜਿਸ ਕਾਰਨ ਦੇਸ਼ ਭਰ ਦਾ ਕਿਸਾਨ ਅੱਜ ਮੁਫਲਿਸੀ ਦੀ ਜ਼ਿੰਦਗੀ ਜਿਉਣ ਨੂੰ ਮਜਬੂਰ ਹੈ।ਮਨਜੀਤ ਸਿੰਘ ਨੇ ਕਿਹਾ ਕਿ ਕਿਸਾਨੀ ਨੂੰ ਬਚਾਉਣ ਲਈ 28 ਮਾਰਚ ਨੂੰ ਦੇਸ਼ ਭਰ ਵਿੱਚ ਦਿੱਤੇ ਜਾਣ ਵਾਲੇ ਧਰਨਿਆਂ ਦੇ ਸਿਲਸਿਲੇ ਵਿੱਚ ਹੋਈ ਮੀਟਿੰਗ ਵਿੱਚ ਸਰਵ ਸਾਂਝੀ ਰਾਏ ਮੁਤਾਬਕ ਫੈਸਲਾ ਕੀਤਾ ਗਿਆ ਕਿ ਡਿਪਟੀ ਕਮਿਸ਼ਨਰ ਲੁਧਿਆਣਾ ਦੇ ਦਫਤਰ ਮੂਹਰੇ ਵਿਸ਼ਾਲ ਧਰਨਾ ਦੇ ਕੇ ਡਿਪਟੀ ਕਮਿਸ਼ਨਰ ਦਫ਼ਤਰ ਦਾ 11 ਤੋਂ 3 ਵਜੇ ਤਕ ਘੇਰਾਓ ਕੀਤਾ ਜਾਵੇਗਾ ਤੇ ਸਰਕਾਰ ਨੂੰ ਮੰਗ ਪੱਤਰ ਦਿੱਤਾ ਜਾਵੇਗਾ।ਉਨ੍ਹਾਂ ਇਲਾਕੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਵਜੂਦ ਬਚਾਉਣ ਲਈ ਇੱਕ ਜੁੱਟ ਹੋ ਜਾਣ ਤੇ ਹੁੰਮਹੁਮਾ ਕੇ ਧਰਨੇ ਵਿੱਚ ਸ਼ਾਮਲ ਹੋਣ।ਸਥਾਨਕ ਦਾਣਾ ਮੰਡੀ ਵਿੱਚ ਹੋਈ ਮੀਟਿੰਗ ਵਿੱਚ ਮੁੱਖ ਤੌਰ 'ਤੇ ਭਾਕਿਯੂ (ਲੱਖੋਵਾਲ) ਦੇ ਸਰਪ੍ਰਸਤ ਅਵਤਾਰ ਸਿੰਘ ਮੇਹਲੋਂ, ਪਰਮਿੰਦਰ ਸਿੰਘ ਪਾਲ ਮਾਜਰਾ ਸੂਬਾ ਜਨਰਲ ਸਕੱਤਰ, ਬੀ. ਕੇ. ਯੂ. (ਰਾਜੇਵਾਲ) ਦੇ ਸੂਬਾ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਭੱਟੀਆਂ, ਹਰਦੀਪ ਸਿੰਘ ਗਿਆਸਪੁਰਾ ਤੇ ਮੋਹਨ ਸਿੰਘ ਬਲਿਓਂ ਬੀ ਕੇ ਯੂ (ਕਾਦੀਆਂ) ਵਿਸ਼ੇਸ਼ ਤੌਰ 'ਤੇ ਪੁੱਜੇ।ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਮੀਟਿੰਗ ਵਿੱਚ ਹਾਜ਼ਰ ਰਹੇ।

ਸੋਧ

ਰੋਜ਼ਾਨਾ 'ਨਵਾਂ ਜ਼ਮਾਨਾ' 'ਚ 25 ਮਾਰਚ 2025 ਨੂੰ ਸਫਾ ਨੰ. 7 'ਤੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਸ੍ਰੀਮਤੀ ਕੰਵਲਜੀਤ ਕੌਰ ਪਤਨੀ ਸ੍ਰੀ ਅਮਰੀਕ ਸਿੰਘ ਨਾਲ ਸੰਬੰਧਤ ਜਾਇਦਾਦ ਵਿੱਕਰੀ ਨੋਟਿਸ ਸੰਬੰਧੀ ਪ੍ਰਕਾਸ਼ਿਤ ਇਸ਼ਤਿਹਾਰ 'ਚ ਟੈਂਡਰ ਪ੍ਰਾਪਤ ਕਰਨ ਦੀ ਅੰਤਿਮ ਮਿਤੀ ਗਲਤੀ ਨਾਲ 24.04.2025 ਛਪ ਗਈ ਹੈ, ਇਸ ਨੂੰ 29.04.2025 ਪੜ੍ਹਿਆ ਜਾਵੇ। ਬਾਕੀ ਸਭ ਕੁਝ ਪਹਿਲਾਂ ਵਾਂਗ ਹੀ ਹੈ।

LOVELY PROFESSIONAL UNIVERSITY

Jalandhar-Delhi G.T. Road, Phagwara, Distt. Kapurthala, Punjab (India)-144411

PUBLIC NOTICE

It is hereby informed to all the concerned and general public that the process of weeding out of records in the year 2024-25 has been started including without limitation records of staff who are relieved/left/discontinued/resigned/terminated/did not join within stipulated period/whose name has been stuck off due to long continuous absence/ non- reporting without obtaining leave etc. as per the respective policy of the University in/by the year 2024-25 also including without limitation the record like staff/candidates files, attendance records, staff/candidate profile, eligibility documents, disciplinary record, record of receipts of fee, funds, charges, security/caution money, penalty & other receipts, service and other record and related correspondence, projects, assignments, thesis, selection records/result and correspondence in respect of such candidates/staff, and also including the records of those staff/candidates who applied/expressed their interest for any post or service or sought any information in/by the year 2024-25 subject to the respective record retention schedule. Further, such record includes all the data, information, records etc. maintained in physical mode and/or electronic mode and/or digital mode and/or online mode and/or on UMS/Website or otherwise in any manner whatsoever.

Request, in writing, to seek any specific record and/or claim for any outstanding amount payable by this University or any of its wings, divisions, departments, faculties, schools, institutes, offices or other constituents/units whatever it may be called in respect of such staff/candidates, individuals etc. can be made to the Office of the Registrar of this University at Campus address mentioned above within 15 days of publication of this notice. No request or claim of any kind whatsoever pertaining to the above shall be considered in future after expiry of this stipulated time limit.

Registrar

Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

(ਅਚੱਲ ਜਾਇਦਾਦ ਵਾਸਤੇ) ਕਬਜ਼ਾ ਨੋਟਿਸ

[ਸਕਿਊਰਿਟੀ ਇਂਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 8 (1) ਅਧੀਨ]

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਊਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਂਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇਂਟਰੈਸਟ ਐਕਟ, 2002 ਅਧੀਨ ਅਤੇ ਸਕਿਊਰਿਟੀ ਇਂਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ ਸ੍ਰੀ ਦੀਪਕ ਕੁਮਾਰ ਅਰੋੜਾ ਪੁੱਤਰ ਸ੍ਰੀ ਅੰਮ੍ਰਿਤ ਲਾਲ, ਸ੍ਰੀਮਤੀ ਤਨਵੀ ਅਰੋੜਾ ਪਤਨੀ ਦੀਪਕ ਕੁਮਾਰ ਅਰੋੜਾ ਅਤੇ ਗਰੰਟਰ ਸ੍ਰੀ ਚੇਤਨ ਪੁੱਤਰ ਦਰਸ਼ਨ ਲਾਲ ਨੂੰ ਨੋਟਿਸ 'ਚ ਦਰਸਾਈ ਰਕਮ ਰੁਪਏ 25,70,223.20 (ਪੱਚੀ ਲੱਖ ਸੱਤਰ ਹਜ਼ਾਰ ਦੋ ਸੌ ਤੇਈ ਰੁਪਏ ਅਤੇ ਵੀਹ ਪੈਸੇ ਕੇਵਲ) ਸਮੇਤ 01.10.2023 ਤੋਂ ਭਵਿੱਖੀ ਵਿਆਜ ਅਦਾ ਕਰਨ ਲਈ ਮਿਤੀ 06-10-2023 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਰੂਲ ਦੇ ਨਿਯਮ 8 ਅਤੇ 9 ਨਾਲ ਪੜ੍ਹੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਮਿਤੀ 24 ਮਾਰਚ 2025 ਨੂੰ ਕਬਜ਼ਾ ਲੈ ਲਿਆ ਹੈ।

ਖਾਸ ਤੌਰ 'ਤੇ ਕਰਜ਼ਦਾਰ/ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਰੁਪਏ 25,70,223.20 (ਪੱਚੀ ਲੱਖ ਸੱਤਰ ਹਜ਼ਾਰ ਦੋ ਸੌ ਤੇਈ ਰੁਪਏ ਅਤੇ ਵੀਹ ਪੈਸੇ ਕੇਵਲ) ਸਮੇਤ 01.10.2023 ਤੋਂ ਭਵਿੱਖੀ ਵਿਆਜ (ਮਨਫੀ ਵਸੂਲੀ ਜੇਕਰ ਕੋਈ ਹੈ) ਦੇਣਦਾਰੀ ਦਾ ਵਿਸ਼ਾ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਓਰਡ ਐਂਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਅਚੱਲ ਜਾਇਦਾਦ ਦਾ ਵੇਰਵਾ

ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਨੰ. 3161 ਮਿਤੀ 09-02-2016 ਅਨੁਸਾਰ ਸ੍ਰੀ ਦੀਪਕ ਕੁਮਾਰ ਪੁੱਤਰ ਸ੍ਰੀ ਅੰਮ੍ਰਿਤ ਲਾਲ ਦੀ ਮਲਕੀਅਤ ਜਾਇਦਾਦ ਰਕਬਾ 1 ਕਨਾਲ 16.75 ਮਰਲੇ, ਪਿੰਡ ਇੱਬਣ, ਤਹਿਸੀਲ ਅਤੇ ਜ਼ਿਲ੍ਹਾ ਕਪੂਰਥਲਾ ਨਾਲ ਸੰਬੰਧਤ ਸਭ ਕੁਝ।

ਮਿਤੀ 24.03.2025, ਸਥਾਨ : ਜਲੰਧਰ (ਅਧਿਕਾਰਤ ਅਫ਼ਸਰ)

ਨਸ਼ੇ ਨੂੰ ਜੜ੍ਹੋਂ ਖਤਮ ਕਰਨ ਲਈ ਸਿੱਖਿਆ ਵਿਭਾਗ ਅਹਿਮ ਭੂਮਿਕਾ ਨਿਭਾਉਣ ਦੇ ਸਮਰੱਥ : ਸਾਗਰ ਸੇਤੀਆ

ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਲਈ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਸ੍ਰੀ ਸਾਗਰ ਸੇਤੀਆ ਵੱਲੋਂ ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਸਮੂਹ ਕਲੱਸਟਰ ਹੈੱਡ ਟੀਚਰਜ਼ ਨਾਲ ਮੀਟਿੰਗ ਕੀਤੀ ਗਈ ਅਤੇ ਹਦਾਇਤਾਂ ਜਾਰੀ ਕੀਤੀਆਂ ਗਈਆਂ। ਮੀਟਿੰਗ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ (ਐ

26-March-PAGE--8.qxd 3/25/2025 11:06 PM Page 1

ਚੱਬੇਵਾਲ ਦੇ ਹਰ ਬੱਚੇ ਨੂੰ ਮਿਲੇਗੀ ਮਿਆਰੀ ਸਿੱਖਿਆ : ਡਾ. ਇਸ਼ਾਂਕ ਕੁਮਾਰ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)

ਹਲਕਾ ਚੱਬੇਵਾਲ ਦੇ ਹਰ ਬੱਚੇ ਨੂੰ ਮਿਆਰੀ ਸਿੱਖਿਆ ਉਪਲੱਬਧ ਹੋਵੇ, ਇਸ ਦੇ ਲਈ ਮੈਂ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲੇ ਨੂੰ ਆਪਣੇ ਹਲਕਾ ਵਾਸੀਆਂ ਤੱਕ ਪਹੁੰਚਾਉਣ ਲਈ ਕੰਮ ਕਰ ਰਿਹਾ ਹਾਂ, ਇਹ ਵਿਚਾਰ ਵਿਧਾਇਕ ਚੱਬੇਵਾਲ ਡਾ. ਇਸ਼ਾਂਕ ਕੁਮਾਰ ਨੇ ਸਾਂਝੇ ਕੀਤੇ ਜਿਸ ਵਕਤ ਉਹ ਵਿਧਾਨ ਸਭਾ ਖੇਤਰ ਚੱਬੇਵਾਲ ਵਿੱਚ ਸਰਕਾਰੀ ਸਕੂਲਾਂ ਵਿੱਚ ਵਿੱਦਿਅਕ ਸਾਲ 2025-26 ਦੀ ਦਾਖਲਾ ਮੁਹਿੰਮ ਸੰਬੰਧੀ ਵਿਚਾਰ-ਵਟਾਂਦਰਾ ਕਰ ਰਹੇ ਸਨ।ਦਾਖਲਾ ਮੁਹਿੰਮ ਨੂੰ ਹੋਰ ਤੇਜ਼ੀ ਦੇਣ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਜਿਆਣ ਚੱਬੇਵਾਲ ਤੋਂ ਸਿੱਖਿਆ ਵਿਭਾਗ ਦੇ ਪ੍ਰਚਾਰ ਰੱਥ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਸ ਦੌਰਾਨ ਡਾ. ਇਸ਼ਾਂਕ ਨੇ ਸਰਕਾਰੀ ਸਕੂਲਾਂ ਵਿੱਚ ਦਾਖਲੇ ਦੀ ਮਹੱਤਤਾ ਉੱਤੇ ਚਾਨਣ ਪਾਇਆ ਅਤੇ ਮਾਪਿਆਂ ਨੂੰ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਦੀ ਅਪੀਲ ਕੀਤੀ।ਡਾ. ਇਸ਼ਾਂਕ ਨੇ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਦੀ ਗੁਣਵੱਤਾ ਨੂੰ ਬਿਹਤਰ ਬਣਾਉਣ ਲਈ ਨਿੱਤ ਨਵੇਂ ਉਪਰਾਲੇ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਹੁਣ ਆਧੁਨਿਕ ਸਿੱਖਿਆ ਪ੍ਰਣਾਲੀ ਉਪਲੱਬਧ ਹੈ, ਜੋ ਬੱਚਿਆਂ ਦੇ ਭਵਿੱਖ ਨੂੰ ਨਿਖਾਰਨ ਵਿੱਚ ਮਦਦਗਾਰ ਸਾਬਤ ਹੋਵੇਗੀ।ਉਨ੍ਹਾਂ ਇਹ ਵੀ ਦੱਸਿਆ ਕਿ ਸੂਬੇ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਲਈ ਦਾਖਲਾ ਮੁਹਿੰਮ ਤਹਿਤ ਘਰ-ਘਰ ਤੱਕ ਪਹੁੰਚ ਬਣਾਈ ਜਾ ਰਹੀ ਹੈ। ਇਸ ਮੌਕੇ 'ਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਭਾਰੀ

ਗਿਣਤੀ ਵਿੱਚ ਸ਼ਿਰਕਤ ਕੀਤੀ। ਵਿਧਾਇਕ ਨੇ ਪ੍ਰਚਾਰ ਰੱਥ ਨੂੰ ਰਵਾਨਾ ਕਰਦੇ ਹੋਏ ਉਮੀਦ ਜਤਾਈ ਕਿ ਇਹ ਮੁਹਿੰਮ ਵਿਦਿਆਰਥੀਆਂ ਅਤੇ ਮਾਪਿਆਂ ਵਿੱਚ ਜਾਗਰੂਕਤਾ ਪੈਦਾ ਕਰੇਗੀ ਅਤੇ ਵਧੇਰੇ ਤੋਂ ਵਧੇਰੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਹੋਣਗੇ।ਇਸ ਦੌਰਾਨ, ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੇ ਵੀ ਸਰਕਾਰੀ ਸਕੂਲਾਂ ਵਿੱਚ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਹੁਣ ਆਧੁਨਿਕ ਲੈਬਾਂ, ਵਧੀਆ ਵਾਤਾਵਰਣ ਅਤੇ ਯੋਗ ਅਧਿਆਪਕ ਮੌਜੂਦ ਹਨ, ਜੋ ਬੱਚਿਆਂ ਨੂੰ ਗੁਣਵੱਤਾ ਭਰੀ ਸਿੱਖਿਆ ਪ੍ਰਦਾਨ ਕਰ ਰਹੇ ਹਨ।ਇਸ ਮੁਹਿੰਮ ਰਾਹੀਂ ਵਿਦਿਆਰਥੀਆਂ ਦੀ ਗਿਣਤੀ ਵਿੱਚ ਵਾਧੂ ਹੋਣ ਦੀ ਸੰਭਾਵਨਾ ਹੈ।ਡਾ. ਇਸ਼ਾਂਕ ਨੇ ਮਾਪਿਆਂ ਨੂੰ ਭਰੋਸਾ ਦਿਵਾਇਆ ਕਿ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਸ਼ਖਸੀਅਤ ਵਿਕਾਸ ਅਤੇ ਅੱਗੇ ਵਧਣ ਲਈ ਸਭ ਤਰੀਕੇ ਦੀਆਂ ਸਹੂਲਤਾਂ ਉਪਲਬਧ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਨਵੀਂ ਤਰ੍ਹਾਂ ਦੀ ਸਿੱਖਿਆ ਨੀਤੀ ਅਧੁਨਿਕ ਸਮੇਂ ਦੇ ਮਿਆਰਾਂ @ਤੇ ਖਰੀ ਉਤਰੇਗੀ ਅਤੇ ਵਿਦਿਆਰਥੀਆਂ ਨੂੰ ਉਚੀ ਪੱਧਰੀ ਸਿੱਖਿਆ ਪ੍ਰਦਾਨ ਕਰੇਗੀ। ਅਖੀਰ ਵਿੱਚ, ਵਿਧਾਇਕ ਨੇ ਦਾਖਲਾ ਮੁਹਿੰਮ ਦੀ ਸਫਲਤਾ ਲਈ ਸਿੱਖਿਆ ਵਿਭਾਗ ਅਤੇ ਸਕੂਲ ਪ੍ਰਬੰਧਨ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਇਹ ਉਪਰਾਲਾ ਪੰਜਾਬ ਵਿੱਚ ਸਰਕਾਰੀ ਸਿੱਖਿਆ ਪ੍ਰਣਾਲੀ ਨੂੰ ਹੋਰ ਮਜਬੂਤ ਬਣਾਉਣ ਵਿੱਚ ਯੋਗਦਾਨ ਪਾਏਗਾ। ਇਸ ਮੌਕੇ ਪ੍ਰਿੰਸੀਪਲ ਭਰਤ ਭੂਸ਼ਣ, ਸਾਬਕਾ ਸਰਪੰਚ ਸ਼ਿਵਰੰਜਨ ਸਿੰਘ, ਸਰਪੰਚ ਚਰਨਜੀਤ ਸਿੰਘ,ਓਂਕਾਰ ਨਾਥ ਚੱਬੇਵਾਲ, ਸ਼ਿੰਧਰਪਾਲ ਸਰਪੰਚ ਪੱਟੀ, ਸਰਪੰਚ ਮਹਿਨਾ, ਪ੍ਰਿੰਸੀਪਲ ਜਤਿੰਦਰ ਸਿੰਘ ਜਿਲ੍ਹਾ ਸਮਾਰਟ ਕਲਾਸਰੂਮ ਕੋਆਰਡੀਨੇਟਰ, ਪ੍ਰਿੰਸੀਪਲ ਮਰਿਦੁਲਾ ਸ਼ਰਮਾ, ਪ੍ਰਿੰਸੀਪਲ ਰਾਕੇਸ਼ ਕੁਮਾਰ, ਕੋਆਰਡੀਨੇਟਰ ਸਤੀਸ਼ ਕੁਮਾਰ, ਰਜਨੀਸ਼ ਕੁਮਾਰ ਗੁਲਿਆਨੀ, ਮੈਡਮ ਰਵਿੰਦਰ ਕੌਰ, ਮੈਡਮ ਮੇਨਕਾ ਭੱਟੀ ,ਰਣਜੀਤ ਸਿੰਘ, ਅਮਰਜੀਤ ਕੌਰ, ਸੁਖਵੰਤ ਕੌਰ, ਸੁੱਖਵਿੰਦਰ ਕੌਰ ਅਤੇ ਭਾਰੀ ਗਿਣਤੀ ਵਿੱਚ ਇਲਾਕੇ ਦੇ ਲੋਕ ਸ਼ਾਮਲ ਸਨ।

ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦਾ ਨਤੀਜਾ 100 ਫੀਸਦੀ

ਸੁਲਤਾਨਪੁਰ ਲੋਧੀ, (ਹਨੀ)- ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਸ਼ੈਸ਼ਨ 2024-25 ਦੀਆਂ ਸਾਲਾਨਾ ਪ੍ਰੀਖਿਆਵਾਂ ਦਾ ਨਤੀਜਾ ਸੌ ਫੀਸਦੀ ਰਿਹਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਪੂਰਾ ਸਾਲ ਮਿਹਨਤ ਦੇ ਨਾਲ ਪੜ੍ਹਾਈ ਕੀਤੀ ਅਤੇ ਸਲਾਨਾ ਪ੍ਰੀਖਿਆਵਾਂ ਵਿੱਚ ਵਧੀਆ ਨੰਬਰਾਂ ਨਾਲ ਪਾਸ ਹੋਏ।ਅਧਿਆਪਕਾਂ ਨੇ ਵਿਦਿਆਰਥੀਆਂ ਦੀਆਂ ਪ੍ਰੀਖਿਆਵਾਂ ਦੇ ਨਤੀਜਿਆਂ ਨੂੰ ਮਾਪਿਆਂ ਦੇ ਨਾਲ ਸਾਂਝਾ ਕੀਤਾ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਸ਼੍ਰੋਮਣੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਅਤੇ ਸਕੂਲ ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਨੇ ਸਟਾਫ ਮੈਂਬਰਾਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਇਸ ਚੰਗੀ ਕਾਰਗੁਜ਼ਾਰੀ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਨਵੀਆਂ ਜਮਾਤਾਂ ਵਿੱਚ ਹੋਰ ਵੀ ਮਿਹਨਤ ਤੇ ਲਗਨ ਨਾਲ ਪੜ੍ਹਨ ਲਈ ਪ੍ਰੇਰਿਤ ਕੀਤਾ।

ਲਾਈਫ ਸਾਇੰਸਜ਼ ਵਿਭਾਗ ਨੇ ਸਿਰਜਣਾਤਮਕ ਮੁਕਾਬਲੇ ਕਰਵਾਏ

ਮਾਹਿਲਪੁਰ (ਸਫ਼ਰੀ)-ਇਥੋਂ ਦੇ ਸ਼੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਲਾਈਫ ਸਾਇੰਸਜ਼ ਵਿਭਾਗ ਵੱਲੋਂ ਵਿਸ਼ਵ ਜਲ ਦਿਵਸ ਮੌਕੇ ਵਿਦਿਆਰਥੀਆਂ ਵਿੱਚ ਪਾਣੀ ਦੀ ਸਾਂਭ ਸੰਭਾਲ ਦੇ ਥੀਮ ਨੂੰ ਲੈ ਕੇ ਵੱਖ ਵੱਖ ਸਿਰਜਣਾਤਮਕ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਸਾਇੰਸ ਵਿਭਾਗ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਸਮਰੋਹ ਦੇ ਆਰੰਭ ਮੌਕੇ ਲਾਈਵ ਸਾਇੰਸਜ਼ ਵਿਭਾਗ ਦੇ ਮੁਖੀ

ਪ੍ਰੋਫੈਸਰ ਨਵਦੀਪ ਕੌਰ ਨੇ ਵਿਦਿਆਰਥੀਆਂ ਨੂੰ ਵਿਸ਼ਵ ਜਲ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਅਤੇ ਪਾਣੀ ਦੇ ਵੱਖ-ਵੱਖ ਸੋਮਿਆਂ ਦੀ ਸਾਂਭ ਸੰਭਾਲ ਦਾ ਸੱਦਾ ਦਿੱਤਾ। ਵਿਦਿਆਰਥੀਆਂ ਨੇ ਗਲੇਸ਼ੀਅਰ ਬਚਾਉਣ ਦੇ ਥੀਮ ਅਤੇ ਪਾਣੀ ਦੀ ਸਾਂਭ ਸੰਭਾਲ ਲਈ ਕੀਤੇ ਜਾਣ ਵਾਲੇ ਯਤਨਾਂ ਨੂੰ ਪ੍ਰੇਰਿਤ ਕਰਦੇ ਪੋਸਟਰ ਸਿਰਜਣ, ਭਾਸ਼ਣ ਅਤੇ ਕਵਿਤਾ ਉਚਾਰਨ ਦੇ ਵੱਖ ਵੱਖ ਮੁਕਾਬਲਿਆਂ ਵਿੱਚ ਹਿੱਸਾ ਲਿਆ। ਸਮਾਰੋਹ ਮੌਕੇ ਪ੍ਰੋਫੈਸਰ ਬਬੀਤਾ ਨੇ ਪੀਪੀਟੀ ਦੀ ਪੇਸ਼ਕਾਰੀ ਦੁਆਰਾ ਮਨੁੱਖੀ ਜੀਵਨ ਵਿੱਚ ਪਾਣੀ ਦੀ ਮਹੱਤਤਾ ਅਤੇ ਪਾਣੀ ਦੇ ਸੋਮਿਆਂ ਨੂੰ ਸੰਭਾਲ ਕੇ ਮਨੁੱਖਤਾ ਦਾ ਭਵਿੱਖ ਬਚਾਉਣ ਦਾ ਸੱਦਾ ਦਿੱਤਾ। ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਅਕਾਦਮਿਕ ਸਿੱਖਿਆ ਦੇ ਨਾਲ ਨਾਲ ਸਮਾਜ ਵਿੱਚ ਇੱਕ ਜਾਗਰੂਕ ਨਾਗਰਿਕ ਵਜੋਂ ਪਾਣੀ, ਮਿੱਟੀ ਅਤੇ ਹਵਾ ਨੂੰ ਦੂਸ਼ਿਤ ਹੋਣ ਤੋਂ ਬਚਾਣ ਲਈ ਹਮੇਸ਼ਾ ਉੱਦਮਸ਼ੀਲ ਰਹਿਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਿਰਜਣਾਤਮਕ ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਕਿਤਾਬਾਂ ਦੇ ਸੈਟ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਰੋਹ ਮੌਕੇ ਵਿਭਾਗ ਦੇ ਮੁਖੀ ਪ੍ਰੋ. ਨਵਦੀਪ ਕੌਰ, ਡਾ ਰਾਜਕੁਮਾਰ ਪ੍ਰੋ. ਅਪੂਰਵਾ, ਪ੍ਰੋ. ਅਮ੍ਰਿਤਾ, ਪ੍ਰੋ. ਬਬੀਤਾ, ਪ੍ਰੋ. ਹਰੀਪ੍ਰੀਆ, ਪ੍ਰੋ. ਸ਼ੀਤਲ ਸਮੇਤ ਵਿਦਿਆਰਥੀ ਹਾਜ਼ਰ ਸਨ।

ਪਾਂਸ਼ਟਾ ਵਿਖੇ ਲਗਾਇਆ ਅੱਖਾਂ ਦਾ ਫਰੀ ਕੈਂਪ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅੱਖਾਂ ਦਾ ਫਰੀ ਜਾਂਚ ਅਤੇ ਆਪ੍ਰੇਸ਼ਨ ਕੈਂਪ ਡਾ. ਰਾਜਨ ਆਈ ਕੇਅਰ ਹਸਪਤਾਲ ਫਗਵਾੜਾ ਦੇ ਸਹਿਯੋਗ ਨਾਲ ਪਿੰਡ ਪਾਂਸ਼ਟਾ ਦੇ ਸ਼੍ਰੀ ਗੁਰੂ ਹਰਗੋਬਿੰਦ ਸਿੱਖ ਮਿਸ਼ਨਰੀ ਪਬਲਿਕ ਸਕੂਲ ਵਿਖੇ ਲਗਾਇਆ

ਗਿਆ। ਇਸ ਕੈਂਪ ਵਿੱਚ 704 ਲੋੜਵੰਦਾਂ ਦੀ ਜਾਂਚ ਕੀਤੀ ਗਈ ਅਤੇ 46 ਲੋੜਵੰਦ ਮਰੀਜਾਂ ਦੀਆਂ ਅੱਖਾਂ ਦੀ ਫਰੀ ਸਰਜਰੀ ਕਰਕੇ ਫੋਲਡੇਬਲ ਲੈਨਜ ਪਾਏ ਗਏ।ਇਸ ਤੋਂ ਇਲਾਵਾ 360 ਲੋੜਵੰਦਾਂ ਨੂੰ ਫਰੀ ਐਨਕਾਂ ਅਤੇ 480 ਮਰੀਜਾਂ ਨੂੰ ਦਵਾਈਆਂ ਦਿੱਤੀਆਂ ਗਈਆਂ। ਡਾ. ਰਾਜਨ ਆਈ ਕੇਅਰ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਡਾ. ਐਸ. ਰਾਜਨ ਨੇ ਮਰੀਜ਼ਾਂ ਨੂੰ ਅੱਖਾਂ ਦੀ ਦੇਖਭਾਲ ਬਾਰੇ ਜਾਣਕਾਰੀ ਦਿੱਤੀ ਅਤੇ ਸਰਜਰੀ ਕਰਵਾਉਣ ਵਾਲੇ ਮਰੀਜ਼ਾਂ ਨੂੰ ਆਪ੍ਰੇਸ਼ਨ ਤੋਂ ਬਾਅਦ ਵਰਤੋਂ ਵਿਚ ਲਿਆਇਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਜਾਗਰੂਕ ਕੀਤਾ।

ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਇਲਾਕਾ ਪੱਧਰੀ ਅਜਲਾਸ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)

ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਇਲਾਕਾ ਨਕੋਦਰ ਦਾ ਇਜਲਾਸ ਕੀਤਾ ਗਿਆ। ਜਿਸ ਵਿੱਚ ਇਲਾਕੇ ਦੀ ਰੀਵਿਊ ਪੇਸ਼ ਕਰਨ ਉਪਰੰਤ ਚਰਚਾ ਕੀਤੀ ਗਈ। ਇਸ ਮੌਕੇ ਨਵੀਂ ਚੁਣੀ ਗਈ ਕਮੇਟੀ ਦਾ ਪ੍ਰਧਾਨ ਰਮਨਦੀਪ ਕੌਰ, ਮੀਤ ਪ੍ਰਧਾਨ ਮੀਨਾਕਸ਼ੀ,ਸਕੱਤਰ ਜੁਲੇਖਾ, ਪ੍ਰੈੱਸ ਸਕੱਤਰ ਦਿਲਪ੍ਰੀਤ ਸਿੰਘ, ਵਿੱਤ ਸਕੱਤਰ ਤਮੰਨਾ ਨੂੰ ਚੁਣਿਆ ਗਿਆ। ਇਸ ਤੋਂ ਇਲਾਵਾ ਹਰਸ ਪੰਡੋਰੀ, ਕੋਮਲ, ਅਮਰਪ੍ਰੀਤ, ਪੂਜਾ ਨੂੰ ਕਮੇਟੀ ਮੈਂਬਰ ਚੁਣਿਆ ਗਿਆ। ਇਸ ਮੌਕੇ ਸੂਬੇ ਦੇ ਪ੍ਰਧਾਨ ਰਣਵੀਰ ਸਿੰਘ ਕੁਰੜ ਅਤੇ ਸੂਬਾ ਆਗੂ ਰਵੀ ਮੁਕਤਸਰ ਅਬਜਰਵਰ ਵਜੋਂ ਸ਼ਾਮਿਲ ਹੋਏ। ਉਹਨਾਂ ਸੰਬੋਧਨ ਕਰਦਿਆਂ ਕਿਹਾ ਕਿ ਮੌਜੂਦਾ ਹਾਲਾਤ ਮੰਗ ਕਰਦੇ ਹਨ ਕਿ ਵਿਦਿਆਰਥੀ ਜਥੇਬੰਦੀ ਮਜਬੂਤ ਕਰਨ ਬੇਹੱਦ ਜਰੂਰੀ ਹੈ ਤੇ ਵਿਦਿਆਰਥੀ ਮੰਗਾਂ ਦੇ ਉੱਪਰ ਸੰਘਰਸ਼ ਨੂੰ ਵਿਕਸਿਤ ਕਰਨਾ ਸਮੇਂ ਦੀ ਜਰੂਰਤ ਹੈ। ਕੇਂਦਰ ਸਰਕਾਰ ਵਲੋਂ ਨਵੀਂ ਸਿੱਖਿਆ ਨੀਤੀ ਰਾਜਾਂ ਦੇ ਅਧਿਕਾਰਾਂ ਨੂੰ ਉਲੰਘ ਕੇ ਬਣਾਈ ਗਈ ਹੈ ਜਿਸ ਨਾਲ ਉੱਚ ਸਿੱਖਿਆ ਵਿੱਚੋਂ ਸਰਕਾਰਾਂ ਬਾਹਰ ਹੋ ਰਹੀਆਂ ਹਨ। ਵਿਦਿਆਰਥੀਆਂ ਦੀ ਅੰਨੀ ਆਰਥਿਕ ਲੁੱਟ ਕਰਨ ਲਈ ਨਿੱਜੀ ਅਦਾਰਿਆਂ ਨੂੰ ਹੋਰ ਪ੍ਰਫੁੱਲਤ ਕੀਤਾ ਗਿਆ ਹੈ । ਇਹ ਨੀਤੀ ਰੱਦ ਹੋਣੀ ਚਾਹੀਦੀ ਹੈ। ਅਗਲੇਰੇ ਕਾਰਜਾਂ ਵਜੋਂ ਇਲਾਕੇ ਅੰਦਰ ਪੀਐੱਸਯੂ ਦੇ ਕੰਮ ਦਾ ਵਿਸਥਾਰ ਕਰਨ ਦਾ ਫੈਸਲਾ ਕੀਤਾ ਗਿਆ ਅਤੇ ਨੂਰਮਹਿਲ ਦੇ ਬੰਦ ਪਏ ਸੀਨੀਅਰ ਸੈਕੰਡਰੀ ਸਕੂਲ ਨੂੰ ਖੋਲਣ ਲਈ ਵੱਖ ਵੱਖ ਜਥੇਬੰਦੀਆਂ ਨਾਲ ਮਿਲ ਕੇ ਸੰਘਰਸ਼ ਵਿੱਢਿਆ ਜਾਵੇਗਾ। ਇਸ ਮੌਕੇ ਪੀਐੱਸਯੂ ਦੇ ਸੂਬਾ ਆਗੂ ਮੰਗਲਜੀਤ ਪੰਡੋਰੀ ਅਤੇ ਨੌਜਵਾਨ ਭਾਰਤ ਸਭਾ ਦੇ ਆਗੂ ਨਵਜੋਤ ਸਿਆਣੀਵਾਲ ਹਾਜਰ ਸਨ।

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਡਿਪਟੀ ਕਮਿਸ਼ਨਰ ਦਫਤਰ ਅੱਗੇ ਰੋਸ ਪ੍ਰਦਰਸ਼ਨ 28 ਨੂੰ

ਨਵਾਂਸਹਿਰ (ਮਨੋਜ ਲਾਡੀ)—ਸੰਯੁਕਤ ਕਿਸਾਨ ਮੋਰਚੇ ਦੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਅਹੁਦੇਦਾਰਾਂ ਦੀ ਮੀਟਿੰਗ ਬਾਰਾਦਰੀ ਬਾਗ ਨਵਾਂਸ਼ਹਿਰ ਵਿਖੇ ਹੋਈ। ਮੀਟਿੰਗ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਸੁਰਿੰਦਰ ਸਿੰਘ ਬੈਂਸ , ਤਰਸੇਮ ਸਿੰਘ ਬੈਂਸ , ਬੀ ਕੇ ਯੂ (ਕਾਦੀਆਂ) ਦੇ ਸੁਖਵਿੰਦਰ ਸਿੰਘ , ਗੁਰਸੇਵ ਸਿੰਘ , ਬੀ ਕੇ ਯੂ (ਲੱਖੋਵਾਲ) ਦੇ ਰਾਵਲ ਸਿੰਘ ਅਤੇ ਕੌਮੀ ਕਿਸਾਨ ਯੂਨੀਅਨ ਦੇ ਨਿਰਮਲ ਸਿੰਘ ਔਜਲਾ , ਹਰਵਿੰਦਰ ਸਿੰਘ ਚਾਹਲ ਨੇ ਵਿਚਾਰ ਚਰਚਾ ਵਿੱਚ ਹਿੱਸਾ ਲਿਆ । ਇਸ ਮੌਕੇ ਬੁਲਾਰਿਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਜੋਰਦਾਰ ਸਬਦਾਂ ਵਿੱਚ ਨਿੰਦਾ ਕਰਦਿਆਂ ਗ੍ਰਿਫਤਾਰ ਕਿਸਾਨਾਂ ਨੂੰ ਫੌਰੀ ਰਿਹਾ ਕਰਨ ਦੀ ਮੰਗ ਕੀਤੀ। ਉਹਨਾਂ ਕਿਹਾ ਕਿ ਕਿਸਾਨਾਂ ਦੇ ਸਮਾਨ ਦੇ ਨੁਕਸਾਨ ਦੀ ਭਰਪਾਈ ਕੀਤੀ ਜਾਵੇ । ਪੰਜਾਬ ਦੇ ਅੰਦਰ ਸਰਕਾਰ ਨਾ ਦਾ ਕੋਈ ਵੀ ਕਾਨੂੰਨ ਨਹੀਂ ਹੈ । ਪੁਲਸ ਜਿਹਨੂੰ ਚਾਹੇ ਮਾਰ ਕੁੱਟ ਕਰ ਦੇਵੇ , ਬਿਨਾਂ ਕਿਸੇ ਕਾਰਨ ਥਾਣੇ ਡੱਕ ਦੇਵੇ, ਇਹ ਪੁਲਸ ਰਾਜ ਦੇ ਹੀ ਲੱਛਣ ਹਨ। ਇਸ ਮੌਕੇ ਉਪਰੋਕਤ ਤੋਂ ਇਲਾਵਾ ਸੁਰਿੰਦਰ ਸਿੰਘ ਮਹਿਰਮ ਪੁਰ , ਜੀਵਨ ਬੇਗੋਵਾਲ , ਜੋਬਨ, ਸੁਰਜੀਤ ਕੌਰ ਉਟਾਲ ਜਿਲਾ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ ਇਸਤਰੀ ਵਿੰਗ, ਪ੍ਰਮਜੀਤ ਸਿੰਘ ਸਹਾਬਪੁਰ , ਜੀਵਨ ਬੇਗੋਵਾਲ , ਜੋਗਾ ਸਿੰਘ ਹੰਸਰੋ , ਗਿਆਨ ਸਿੰਘ ਮੁਬਾਰਕ ਪੁਰ , ਕਿਰਪਾਲ ਸਿੰਘ, ਰਾਮ ਜੀ ਦਾਸ ,ਕਰਨੈਲ ਸਿੰਘ ਉੜਾਪੜ , ਮੇਜਰ ਸਿੰਘ , ਰਾਮਜੀ ਦਾਸ ਸਨਾਵਾ, ਅਵਤਾਰ ਸਿੰਘ ਉੜਾਪੜ , ਗੁਰਦੇਵ ਸਿੰਘ ਚੌਹੜ , ਅਵਤਾਰ ਕੱਟ , ਜਗਤਾਰ ਸਿੰਘ ਜਾਡਲਾ , ਬਹਾਦਰ ਸਿੰਘ ਧਰਮਕੋਟ, ਮੋਹਣ ਸਿੰਘ ਲੰਗੜੋਆ , ਨਿਰਮਲ ਸਿੰਘ ਮੱਲਪੁਰ ਅੜਕਾਂ , ਅਮਨਦੀਪ ਸਿੰਘ , ਸੰਦੀਪ ਸਿੰਘ , ਮੱਖਣ ਸਿੰਘ ਭਾਨਮਜਾਰਾ ਵੀ ਹਾਜਰ ਸਨ।

ਥਰਮਲ ਪਲਾਂਟ ਘਨੌਲੀ ਲ

26-March-PAGE-9.qxd 3/25/2025 11:05 PM Page 1

ਸਨੈਚਿੰਗ ਮਾਮਲੇ 'ਚ ਤਿੰਨ ਗ੍ਰਿਫ਼ਤਾਰ

ਜਲੰਧਰ (ਸ਼ੈਲੀ ਐਲਬਰਟ) ਪੁਲਸ ਨੇ ਸਥਾਨਕ ਜਨਤਾ ਕਲੋਨੀ ਵਿੱਚ ਇੱਕ ਆਈਸਕ੍ਰੀਮ ਵਿਕਰੇਤਾ ਨੂੰ ਨਿਸ਼ਾਨਾ ਬਣਾ ਕੇ ਕੀਤੀ ਗਈ ਸਨੈਚਿੰਗ ਦੀ ਘਟਨਾ ਵਿੱਚ ਸ਼ਾਮਲ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਤੇ ਮੁਲਜ਼ਮਾਂ ਤੋਂ ਬਿਨਾਂ ਨੰਬਰ ਪਲੇਟ ਵਾਲਾ ਇੱਕ ਸਪਲੈਂਡਰ ਮੋਟਰਸਾਈਕਲ, ਇੱਕ ਮੋਬਾਈਲ ਫੋਨ, ਇੱਕ ਕਲੀਵਰ ਅਤੇ 1,400 ਰੁਪਏ ਬਰਾਮਦ ਕੀਤੇ ਹਨ। ਸੀ ਪੀ ਧਨਪ੍ਰੀਤ ਕੌਰ ਨੇ ਦੱਸਿਆ ਕਿ ਆਈਸਕ੍ਰੀਮ ਵਿਕਰੇਤਾ ਵਿਸ਼ਾਲ ਨਾਇਕ ਦੀ ਸ਼ਿਕਾਇਤ ਤੋਂ ਬਾਅਦ, ਐਫਆਈਆਰ ਨੰਬਰ 31 ਧਾਰਾ 309(4) ਅਤੇ 3(5) ਬੀਐਨਐਸ ਦੇ ਤਹਿਤ ਥਾਣਾ ਡਿਵੀਜ਼ਨ ਨੰਬਰ 1, ਜਲੰਧਰ ਵਿੱਚ ਦਰਜ ਕੀਤੀ ਗਈ ਸੀ।ਉਸ ਨੇ ਦੱਸਿਆ ਕਿ ਖਾਣਾ ਪਰੋਸਦੇ ਸਮੇਂ, ਤਿੰਨ ਵਿਅਕਤੀ ਇੱਕ ਮੋਟਰਸਾਈਕਲ 'ਤੇ ਉਸ ਕੋਲ ਆਏ ਜਦੋਂ ਭੁਗਤਾਨ ਮੰਗਿਆ ਗਿਆ ਤਾਂ ਉਨ੍ਹਾਂ ਨੇ ਇੱਕ ਦਾਤਰ ਦਿਖਾਇਆ, ਉਸ ਨੂੰ ਧਮਕੀ ਦਿੱਤੀ ਅਤੇ 2,000 ਰੁਪਏ ਦੇ ਨਾਲ ਉਸਦਾ ਮੋਬਾਈਲ ਫੋਨ ਜ਼ਬਰਦਸਤੀ ਖੋਹ ਲਿਆ। ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਪਲਸ ਨੇ ਮੁਲਜ਼ਮਾਂ ਲਵਪ੍ਰੀਤ ਸਿੰਘ ਉਰਫ਼ ਲਵ ਪੁੱਤਰ ਹਰਭਜਨ ਸਿੰਘ , ਅਮਨਪ੍ਰੀਤ ਸਿੰਘ ਉਰਫ਼ ਵਿਸ਼ਾਲ ਪੁੱਤਰ ਹਰਜੀਤ ਸਿੰਘ ਅਤੇ ਰਿਆਸ ਕਲਿਆਣ ਉਰਫ਼ ਨਾਨੂ ਪੁੱਤਰ ਬਲਵਿੰਦਰ ਨੂੰ ਗ੍ਰਿਫ਼ਤਾਰ ਕਰ ਲਿਆ। ਇਹ ਸਾਰੇ ਕਪੂਰਥਲਾ ਦੇ ਰਹਿਣ ਵਾਲੇ ਹਨ। ਪੁਲਸ ਨੇ ਹਥਿਆਰ, ਚੋਰੀ ਕੀਤੀ ਨਕਦੀ, ਮੋਬਾਈਲ ਫੋਨ ਅਤੇ ਅਪਰਾਧ ਵਿੱਚ ਵਰਤਿਆ ਗਿਆ ਮੋਟਰਸਾਈਕਲ ਬਰਾਮਦ ਕਰ ਲਿਆ ਹੈ।

ਬਾਰ ਐਸੋਸੀਏਸ਼ਨ ਨੇ ਖ਼ੂਨਦਾਨ ਕੈਂਪ ਲਗਾਇਆ

ਫਿਲੌਰ (ਹਰਜਿੰਦਰ ਕੌਰ)— ਬਾਰ ਐਸੋਸੀਏਸ਼ਨ ਫ਼ਿਲੌਰ ਵੱਲੋਂ ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਵਕੀਲਾਂ, ਕਲਰਕਾਂ ਅਤੇ ਆਮ ਪਬਲਿਕ ਨੇ ਖ਼ੂਨਦਾਨ ਵਿੱਚ ਵੱਧ ਚੜ ਕੇ ਹਿੱਸਾ ਲਿਆ। ਪ੍ਰਧਾਨ ਅਮਰਿੰਦਰ ਸਿੰਘ ਨੇ ਕਿਹਾ ਕਿ ਸਾਨੂੰ ਆਪਣੇ ਆਜ਼ਾਦੀ ਦੇ ਘੁਲਾਟੀਆਂ ਨੂੰ ਹਮੇਸ਼ਾ ਸਿਜਦਾ ਕਰਦੇ ਰਹਿਣਾ ਚਾਹੀਦਾ ਹੈ ਅਤੇ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਉਪਰਾਲੇ ਲਗਾਤਾਰ ਕਰਨੇ ਚਾਹੀਦੇ ਹਨ ਤਾਂ ਕਿ ਇੱਕ ਚੰਗਾ ਸਮਾਜ ਸਿਰਜਿਆ ਜਾਵੇ । ਇਸ ਮੌਕੇ 'ਤੇ ਗੌਰਵ ਸਾਗਰ ਮੀਤ ਪ੍ਰਧਾਨ ,ਪੰਕਜ ਸ਼ਰਮਾ ਜੁਆਇੰਟ ਸਕੱਤਰ, ਨਵਜੋਤ ਸਿੰਘ ਖਹਿਰਾ, ਅਜੇ ਫਿਲੌਰ, ਅਕਾਸ਼ਦੀਪ ਅਗਨੀਹੋਤਰੀ, ਗੌਰਵ ਕੌਸ਼ਲ ਦਿਨੇਸ਼ ਲੱਖਣਪਾਲ, ਗੁਰਦੀਪ ਸਿੰਘ, ਹਰਮਿੰਦਰ ਸਿੰਘ ਸੈਣੀ ਬਬਲੀਨ ਸਰਾਂ, ਅਸ਼ਵਨੀ ਕੁਮਾਰ ਬੋਪਾਰਾਏ, ਮੈਡਮ ਸੁਧਾ ਵਿਜ, ਰਿਸ਼ੂ ਗੁਪਤਾ, ਵਿਸ਼ਾਲ ਗੁਪਤਾ, ਬਲਦੀਪ ਅਪਰਾ, ਪ੍ਰਭਜੋਤ ਸਿੱਧੂ, ਰੋਹਿਤ, ਰਜੇਸ਼ ਕੁਮਾਰ, ਅਮਿਤ ਭਾਰਦਵਾਜ, ਚੰਦਨ ਗੁਪਤਾ, ਗੁਰਜੰਟ ਸਿੰਘ, ਅਮਰਦੀਪ, ਨਿਤੀਸ਼ ਕਪਿਲਾ ਆਦਿ ਮੈਂਬਰਾਨ ਅਤੇ ਕਲਰਕ ਵੱਲੋਂ ਸ਼ਮੂਲੀਅਤ ਕੀਤੀ ਗਈ।

ਬੋੜਾ 'ਚ 24ਵਾਂ ਜਾਗਰਣ 5 ਨੂੰ : ਕੁਲਦੀਪ ਸ਼ਰਮਾ

ਗੜ੍ਹਸ਼ੰਕਰ (ਫੁਲਾ ਸਿੰਘ ਬੀਰਮਪੁਰ) ਪਿੰਡ ਬੋੜਾ ਵਿਖੇ ਮਾਂ ਭਗਵਤੀ ਯੰਗ ਸਪੋਰਟਸ ਕਲੱਬ ਬੋੜਾ ਵੱਲੋਂ 24ਵਾਂ ਵਿਸ਼ਾਲ ਜਾਗਰਣ 5 ਅਪ੍ਰੈਲ ਨੂੰ ਇਲਾਕੇ ਦੀਆਂ ਸੰਗਤਾਂ ਅਤੇ ਐਨ.ਆਰ.ਆਈ ਵੀਰਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ।ਸਾਬਕਾ ਸਰਪੰਚ ਕੁਲਦੀਪ ਕੁਮਾਰ ਸ਼ਰਮਾ ਨੇ ਦੱਸਿਆ ਕਿ ਆਸ਼ੂ ਸਿੰਘ ਮਿਊਜਿਕਲ ਗਰੁੱਪ ਅਤੇ ਮੈਡਮ ਸੁਮਨ ਵਰਮਾ ਮਿਊਜਿਕਲ ਗਰੁੱਪ ਦਰਬਾਰ 'ਤੇ ਹਾਜ਼ਰੀ ਲਗਵਾਉਣਗੇ। ਹਲਕਾ ਵਿਧਾਇਕ ਅਤੇ ਡਿਪਟੀ ਸਪੀਕਰ ਪੰਜਾਬ ਜੈ ਕਿਸ਼ਨ ਸਿੰਘ ਰੋੜੀ ਅਤੇ ਡੇਰਾ ਟੇਢਾ ਪੀਰ ਤੋਂ ਮੌਜੂਦਾ ਗੱਦੀ ਨਸ਼ੀਨ ਪ੍ਰੀਤੀ ਮਾਈ ਵਿਸ਼ੇਸ਼ ਤੌਰ 'ਤੇ ਪਹੁੰਚਣਗੇ।

ਖਿਸੀ ਗੋਤਰ ਜਠੇਰਿਆਂ ਦਾ ਮੇਲਾ 28 ਨੂੰ

ਬਲਾਚੌਰ (ਜਸਵਿੰਦਰ ਬੈਂਸ) - ਖਿਸੀ ਗੋਤ ਦੇ ਜਠੇਰਿਆਂ ਦਾ ਮੇਲਾ 28 ਮਾਰਚ ਨੂੰ ਕੰਗਨਾ ਪੁਲ, ਬਲਾਚੌਰ ਵਿਖੇ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ।ਸੇਵਾਦਾਰ ਤੇਜ ਪ੍ਰਕਾਸ਼ ਖਾਸਾ ਨੇ ਦੱਸਿਆ ਕਿ ਇਸ ਮੌਕੇ 8.30 ਵਜੇ ਹਵਨ, ਝੰਡਾ ਚੜਾਉਣ ਦੀ ਰਸਮ 9 ਵਜੇ,12 ਵਜੇ ਕੰਜਕ ਪੂਜਨ ਕਰਨ ਉਪਰੰਤ ਬਾਅਦ ਦੁਪਹਿਰ ਸੰਗਤਾਂ ਨੂੰ ਅਤੁੱਟ ਲੰਗਰ ਵਰਤਾਏ ਜਾਣਗੇ।

10ਵੀਂ ਵਾਰ ਖ਼ੂਨ ਦਾਨ ਕੀਤਾ

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ) ਸ਼ਹੀਦ-ਏ- ਆਜ਼ਮ ਭਗਤ ਸਿੰਘ ਦੇ ਸ਼ਹੀਦੀ ਦਿਵਸ ਦੇ ਸਬੰਧ ਵਿੱਚ ਬਲੱਡ ਬੈਂਕ ਫਗਵਾੜਾ ਵਲੋਂ ਖ਼ੂਨਦਾਨ ਕੈਂਪ ਲਗਾਇਆ ਗਿਆ। ਜਿਸ ਵਿਚ ਸਰਪੰਚ ਬਲਵਿੰਦਰ ਕੁਮਾਰ ਬਘਾਣਾ ਨੇ 10ਵੀਂ ਵਾਰ ਖ਼ੂਨ ਦਾਨ ਕੀਤਾ ਤੇ ਕਿਹਾ ਕਿ ਭਗਤ ਸਿੰਘ ਦੀ ਕੁਰਬਾਨੀ ਨੂੰ ਪੰਜਾਬ ਹਮੇਸ਼ਾ ਯਾਦ ਰੱਖਦਾ ਹੈ ਜਿਸ ਨੇ ਆਪਣਾ ਆਪ ਵਾਰ ਕੇ ਦੇਸ਼ ਨੂੰ ਗੁਲਾਮੀ ਦੀਆਂ ਜੰਜੀਰਾਂ ਵਿੱਚੋਂ ਕੱਢਿਆ। ਮੈਂ ਉਹਨਾਂ ਦੇ ਜਜਬੇ ਨੂੰ ਸਲਾਮ ਕਰਦਾ ਹਾਂ ਅਤੇ ਪੰਜਾਬ ਸਰਕਾਰ ਤੋਂ ਮੰਗ ਕਰਦਾ ਹਾਂ ਕਿ ਸ਼ਹੀਦ ਭਗਤ ਸਿੰਘ ਦੇ ਨਾਂਅ 'ਤੇ ਯੂਨੀਵਰਸਿਟੀ ਬਣਾਈ ਜਾਵੇ।

ਪ੍ਰਧਾਨ ਮੰਤਰੀ ਯੋਜਾਨਾਵਾਂ ਸੰਬੰਧੀ ਕੈਂਪ ਲਗਾਏ ਜਾਣਗੇ : ਲੱਕੀ

ਬਲਾਚੌਰ (ਜਸਵਿੰਦਰ ਬੈਂਸ)— ਭਾਰਤੀ ਜਨਤਾ ਪਾਰਟੀ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਵਲੋਂ ਜ਼ਿਲ੍ਹਾ ਭਾਜਪਾ ਦਫ਼ਤਰ ਬਲਾਚੌਰ ਵਿੱਖੇ ਇਕ ਪ੍ਰੈਸ ਕਾਨਫਰੰਸ ਵਿੱਚ ਦੱਸਿਆ ਗਿਆ ਕਿ ਵਿਧਾਨ ਸਭਾ ਹਲਕਾ ਬਲਾਚੌਰ ਦੇ ਵੱਖ ਵੱਖ ਪਿੰਡਾਂ ਵਿੱਚ ਪ੍ਰਧਾਨ ਮੰਤਰੀ ਆਵਾਸ ਯੋਜਨਾ, ਭਾਰਤ ਆਯੂਸ਼ਮਾਨ ਯੋਜਨਾ, ਕਿਸਾਨ ਸਨਮਾਨ ਨਿਧੀ ਸਮੇਤ ਕੇਂਦਰ ਸਰਕਾਰ ਵੱਲੋਂ ਆਮ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਅਨੇਕਾਂ ਯੋਜਨਾ ਦਾ ਲਾਭ ਆਮ ਲੋਕਾਂ ਤੱਕ ਪਹੁੰਚਾਉਣ ਲਈ ਕੈਂਪ ਲਗਾਏ ਜਾਣਗੇ। ਪ੍ਰਧਾਨ ਮੰਤਰੀ ਆਵਾਸ ਯੋਜਨਾ ਦੇ ਫਾਰਮ ਭਰੇ ਜਾ ਰਹੇ ਹਨ। ਇਸ ਮੌਕੇ ਨਰਿੰਦਰ ਨਾਥ ਸੂਦਨ, ਪੰਕਜ ਕੁਮਾਰ ਜ਼ਿਲ੍ਹਾ ਪ੍ਰਧਾਨ ਯੁਵਾ ਮੋਰਚਾ, ਦਿਨੇਸ਼ ਭਾਰਦਵਾਜ਼ ਐਡਵੋਕੇਟ, ਅਮਨ ਰਾਣਾ ਐਡਵੋਕੇਟ ਦੋਵੇਂ ਜ਼ਿਲ੍ਹਾ ਜਰਨਲ ਸਕੱਤਰ ਨੰਦ ਕਿਸ਼ੋਰ ਸ਼ਰਮਾ ,ਰਾਜ ਕੁਮਾਰ ਸੜੋਆ, ਦੋਵੇਂ ਮੰਡਲ ਪ੍ਰਧਾਨ, ਸੁਮੀਤ ਮੇਹਰਾ ਮੰਡਲ ਪ੍ਰਧਾਨ ਯੁਵਾ ਮੋਰਚਾ, ਰਵੀ ਕੁਮਾਰ ਵੀ ਸ਼ਾਮਿਲ ਹੋਏ।

ਐੱਮ ਏ ਹਿੰਦੀ ਦੇ ਪਹਿਲੇ ਸਮੈਸਟਰ ਦਾ ਨਤੀਜਾ ਸ਼ਾਨਦਾਰ

ਮਾਹਿਲਪੁਰ (ਸਫਰੀ) ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਨਤੀਜਿਆਂ 'ਚ ਖੇਤਰ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ 'ਚ ਚਲਦੇ ਕੋਰਸ ਐਮ ਏ ਹਿੰਦੀ ਦੇ ਸਮੈਸਟਰ ਪਹਿਲਾ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਇਸ ਬਾਰੇ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਅਤੇ ਹਿੰਦੀ ਵਿਭਾਗ ਦੇ ਮੁੱਖੀ ਲੈਫਟੀਨੈਂਟ ਡਾ. ਦੀਪਕ ਨੇ ਦੱਸਿਆ ਕਿ ਐਮ ਏ ਹਿੰਦੀ ਪਹਿਲਾ ਸਮੈਸਟਰ ਦੇ ਨਤੀਜੇ ਵਿੱਚ ਵਿਦਿਆਰਥੀ ਸਾਗਰ ਧਰੋਚ ਨੇ 79.7 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਉਨ੍ਹਾਂ ਦੱਸਿਆ ਕਿ ਵਿਦਿਆਰਥਣ ਸੁਮਿਤਾ ਕੁਮਾਰੀ ਨੇ 71.5 ਫੀਸਦੀ ਅੰਕਾਂ ਨਾਲ ਦੂਜਾ ਅਤੇ ਵਿਦਿਆਰਥਣ ਕਾਜਲ ਨੇ 66.5 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਹਿੰਦੀ ਵਿਭਾਗ ਦੇ ਹੋਰ ਅਧਿਆਪਕਾਂ ਡਾ. ਪਰਵਿੰਦਰ ਕੌਰ ਅਤੇ ਪ੍ਰੋਫੈਸਰ ਨੈਨਸੀ ਨੇ ਵੀ ਇਨ੍ਹਾਂ ਵਿਦਿਆਰਥੀਆਂ ਨੂੰ ਚੰਗੇ ਨਤੀਜੇ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

ਵਿਸ਼ਵ ਤਪਦਿਕ ਦਿਵਸ ਮਨਾਇਆ

ਫਿਲੌਰ (ਨਿਰਮਲ)- ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋਂ ਵਿਸ਼ਵ ਤਪਦਿਕ ਦਿਵਸ ਬੜਾ ਬਲਾਕ ਅਧੀਨ ਵੱਖ-ਵੱਖ ਸਿਹਤ ਸੰਸਥਾਵਾਂ ਵਿੱਚ ਮਨਾਇਆ ਗਿਆ। ਸੀਨੀਅਰ ਮੈਡੀਕਲ ਅਫਸਰ ਡਾ. ਅਮਿਤਾ ਲੂਨਾ ਨੇ ਦੱਸਿਆ ਕਿ ਲੋਕਾਂ ਨੂੰ ਜਾਗਰੂਕ ਕਰਨ ਦੀ ਲੋੜ ਹੈ ਕਿ ਟੀ ਬੀ ਲਾਇਲਾਜ ਬਿਮਾਰੀ ਨਹੀਂ ਹੈ ਅਤੇ ਇਸ ਦਾ ਇਲਾਜ ਜ਼ਿਲ੍ਹੇ ਦੇ ਹਰ ਸਿਹਤ ਕੇਂਦਰ ਵਿੱਚ ਸਰਕਾਰ ਵੱਲੋਂ ਮੁਫਤ ਕੀਤਾ ਜਾਦਾ ਹੈ ।ਉਨ੍ਹਾ ਦੱਸਿਆ ਕਿ ਤਪਦਿਕ ਦੇ ਖਾਤਮੇ ਲਈ ਸਰਕਾਰ ਵੱਲੋ ਦੇਸ਼ ਨੂੰ ਟੀ ਬੀ ਮੁੱਕਤ ਕਰਨ ਦਾ ਟੀਚਾ ਰੱਖਿਆ ਹੈ ਅਤੇ ਇਸ ਨੂੰ ਹਾਸਿਲ ਕਰਨ ਲਈ ਇਕ ਜਨ ਅੰਦੋਲਨ ਦੀ ਜਰੂਰਤ ਹੈ ਜਿਸ ਵਿੱਚ ਸਰਕਾਰ ਦੇ ਨਾਲ ਨਾਲ ਆਮ ਲੋਕਾਂ ਦਾ ਸਹਿਯੋਗ ਵੀ ਬਹੁਤ ਜਰੂਰੀ ਹੈ । ਹਰ ਇਕ ਟੀ ਬੀ ਮਰੀਜ ਨੂੰ ਜੋ ਸਰਕਾਰੀ ਸੰਸਥਾ 'ਤੇ ਰਜਿਸਟਰਡ ਹਨ ਨੂੰ ਸਰਕਾਰ ਵੱਲਂ ਇਲਾਜ ਦੌਰਾਨ ਪੌਸ਼ਟਿਕ ਖੁਰਾਕ ਲਈ ਮਾਲੀ ਸਹਾਇਤਾ ਦਿੱਤੀ ਜਾ ਰਹੀ ਹੈ। ਤਪਦਿਕ ਦੇ ਸਹੀ ਅਤੇ ਜਲਦੀ ਜਾਂਚ ਲਈ ਪੰਜਾਬ ਦੇ ਸਾਰੇ ਜ਼ਿਲ੍ਹਾ ਹਸਪਤਾਲਾਂ ਵਿੱਚ ਬਲਗਮ ਦੀ ਜਾਂਚ, ਛਾਤੀ ਦਾ ਐਕਸਰੇ ਅਤੇ ਟਰੂਨੋਟ ਮਸ਼ੀਨਾਂ ਰਾਹੀਂ ਟੀ ਬੀ ਬਿਮਾਰੀ ਦੇ ਟੈਸਟ ਅਤੇ ਇਲਾਜ ਉਪਲਬਧ ਹੈ ।

ਸਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਲੋਹੀਆਂ ਖਾਸ ਦੇ ਸ਼ਹੀਦ ਭਗਤ ਸਿੰਘ ਚੌਂਕ 'ਚ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਤੇ ਸ਼ਰਧਾਂਜਲੀ ਦਿੰਦੇ ਹੋਏ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਰਵਜੋਤ ਸਿੰਘ, ਰਾਜ ਸਭਾ ਮੈਂਬਰ ਸੰਤ ਬਲਵੀਰ ਸਿੰਘ ਸੀਚੇਵਾਲ, ਬਾਲ ਮੁਕੰਦ ਸ਼ਰਮਾ ਚੇਅਰਮੈਨ ਪੰਜਾਬ ਫੂਡ ਕਮਿਸਨਰ ਪੰਜਾਬ, ਆਪ ਆਗੂ ਮੰਗਲ ਸਿੰਘ ਬਾਸੀ, ਬੀਬੀ ਰਣਜੀਤ ਕੌਰ, ਹਲਕਾ ਇੰਚਾਰਜ ਸ਼ਾਹਕੋਟ ਆਪ ਪਿੰਦਰ ਪੰਡੋਰੀ, ਐੱਸ ਡੀ ਐੱਮ ਸ਼ਾਹਕੋਟ ਮੈਡਮ ਸੁਭੀ ਅੰਗਰਾ, ਡੀ ਐਸ ਪੀ ਸਾਹਕੋਟ ਓਂਕਾਰ ਸਿੰਘ ਬਰਾੜ, ਜਸਵੀਰ ਸਿੰਘ, ਹਰਬੰਸ ਸਿੰਘ ਚੰਦੀ, ਮਾ: ਸੁਭਾਸ ਸ਼ਰਮਾ, ਕਰਮ ਚੰਦਰ ਸ਼ਰਮਾ ਤੇ ਹੋਰ ਹਜ਼ਰ ਸਨ।

(ਤਸਵੀਰ ਅਤੇ ਵੇਰਵਾ : ਯੋਗੇਸ਼ਵਰ)

ਫੈਡਰਲਿਜ਼ਮ 'ਤੇ ਹਮਲਿਆਂ ਖ਼ਿਲਾਫ਼ ਸਾਂਝਾ ਯੁੱਧ ਵਿੱਢਣ ਲਈ ਆਰ ਐੱਮ ਪੀ ਆਈ ਨੇ ਸੱਦੀ ਮੀਟਿੰਗ

ਜਲੰਧਰ (ਕੇਸਰ, ਰਾਜੇਸ਼ ਥਾਪਾ) ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਵੱਲੋਂ ਦੇਸ਼ ਦੇ ਸੰਵਿਧਾਨ ਅਤੇ ਧਰਮ ਨਿਰਪੱਖ, ਜਮਹੂਰੀ, ਫੈਡਰਲ ਢਾਂਚੇ ਨੂੰ ਤਬਾਹ ਕਰਨ ਵਾਲੀਆਂ ਮੋਦੀ ਸਰਕਾਰ ਦੀਆਂ ਕੁਚਾਲਾਂ ਅਤੇ ਸੂਬਾਈ ਅਧਿਕਾਰਾਂ 'ਤੇ ਮਾਰੇ ਜਾ ਰਹੇ ਛਾਪਿਆਂ ਦਾ ਵਿਉਂਤਬੱਧ ਤੇ ਬੱਝਵਾਂ ਟਾਕਰਾ ਕਰਨ ਹਿੱਤ ਪ੍ਰਾਂਤ ਦੇ ਗੈਰ ਭਾਜਪਾ ਰਾਜਸੀ ਦਲਾਂ ਅਤੇ ਨਾਮਵਰ ਬੁੱਧੀਜੀਵੀਆਂ ਦੀ ਮੀਟਿੰਗ ਸੱਦੀ ਗਈ ਹੈ। 2 ਅਪ੍ਰੈਲ ਨੂੰ ਸਵੇਰੇ 11 ਵਜੇ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਹੋਣ ਜਾ ਰਹੀ ਇਸ ਮੀਟਿੰਗ ਵਿਚ ਸ਼ਾਮਲ ਹੋਣ ਲਈ ਕਾਂਗਰਸ, ਬਸਪਾ, ਸ਼੍ਰੋਮਣੀ ਅਕਾਲੀ ਦਲ ਦੇ ਦੋਨਾਂ ਧੜਿਆਂ, ਸੀ ਪੀ ਆਈ, ਸੀ ਪੀ ਆਈ (ਐਮ.), ਸੀ ਪੀ ਆਈ (ਐਮ.ਐਲ.) ਲਿਬ੍ਰੇਸ਼ਨ, ਸੀ ਪੀ ਆਈ (ਐਮ.ਐਲ.) ਨਿਊ ਡੈਮੋਕ੍ਰੇਸੀ ਅਤੇ ਲੋਕ ਹਿਤਾਂ ਲਈ ਡੱਟਣ ਵਾਲੇ ਉੱਘੇ ਦਾਨਿਸ਼ਵਰਾਂ ਨੂੰ ਸੱਦਾ ਪੱਤਰ ਭੇਜੇ ਜਾ ਚੁੱਕੇ ਹਨ। ਇਹ ਜਾਣਕਾਰੀ ਇੱਥੋਂ ਜਾਰੀ ਇਕ ਬਿਆਨ ਰਾਹੀਂ ਆਰ ਐਮ ਪੀ ਆਈ ਦੇ ਜਨਰਲ ਸਕੱਤਰ ਮੰਗਤ ਰਾਮ ਪਾਸਲਾ ਨੇ ਦੱਤੀ। ਸਾਥੀ ਪਾਸਲਾ ਨੇ ਦੱਸਿਆ ਹੈ ਕਿ ਉਕਤ ਮਸਲਿਆਂ ਤੋਂ ਇਲਾਵਾ ਕੇਂਦਰੀ ਹੁਕਮਰਾਨਾਂ ਵਲੋਂ ਪੰਜਾਬ ਨਾਲ ਕੀਤੇ ਜਾ ਰਹੇ ਧੱਕੇ-ਵਿਤਕਰੇ ਅਤੇ ਪੰਜਾਬ ਦੇ ਅਮਨ-ਚੈਨ ਨੂੰ ਲਾਂਬੂ ਲਾਉਣ ਦੀਆਂ ਏਜੰਸੀਆਂ ਦੇ ਹੱਥਠੋਕੇ ਪਿਛਾਖੜੀ ਤੱਤਾਂ ਅਤੇ ਸਮਾਜ ਵਿਰੋਧੀ ਅਨਸਰਾਂ ਦੀਆਂ ਸਾਜ਼ਿਸ਼ਾਂ ਅਤੇ ਫੈਡਰਲਿਜ਼ਮ ਨੂੰ ਖਤਮ ਕਰਨ ਦੇ ਇਸ ਹਕੂਮਤ ਦੇ ਤਬਾਹਕੁੰਨ ਮਨਸੂਬਿਆਂ ਦਾ ਹਰ ਪੱਧਰ 'ਤੇ ਡਟਵਾਂ ਵਿਰੋਧ ਕਰਨ ਦਾ ਸੱਦਾ ਦਿੱਤਾ।

ਦਿਲ ਤੇ ਹੱਡੀਆਂ ਦੀਆਂ ਸਮੱਸਿਆਵਾਂ ਦੀ ਮੁਫਤ ਜਾਂਚ ਲਈ ਫਰੀ ਮੈਡੀਕਲ ਕੈਂਪ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਲਿਵਾਸਾ ਹਸਪਤਾਲ ਹੁਸ਼ਿਆਰਪੁਰ ਦੁਆਰਾ ਦਿਲ ਅਤੇ ਹੱਡੀਆਂ ਦੀ ਸਮੱਸਿਆਵਾਂ ਦੀ ਮੁਫਤ ਜਾਂਚ ਲਈ ਦਾਦਰਾ ਹਸਪਤਾਲ ਪਿੰਡ ਭਾਮ ਦੇ ਸਹਿਯੋਗ ਨਾਲ ਫਰੀ ਮੈਡੀਕਲ ਕੈਂਪ ਲਗਾਇਆ ਗਿਆ। ਜਿਸ 'ਚ ਹੱਡੀਆਂ ਦੇ ਮਾਹਰ ਡਾ. ਹਰਪ੍ਰੀਤ ਸਿੰਘ ਭਾਟੀਆ, ਹਾਰਟ ਦੇ ਸਪੈਸਲਿਸਟ ਡਾ. ਯੋਗੇਸ ਚੰਦਰ ਅਤੇ ਡਾਕਟਰ ਸੰਦੀਪ ਦਾਦਰਾ ਵੱਲੋਂ ਮਰੀਜਾਂ ਦਾ ਚੈੱਕਅਪ ਕੀਤਾ ਗਿਆ। ਮਰੀਜਾਂ ਨੂੰ ਫਰੀ ਦਵਾਈਆਂ ਦਿੱਤੀਆਂ ਗਈਆਂ ਅਤੇ ਫਰੀ ਐਕਸਰੇ ਕੀਤੇ ਗਏ। ਡਾਕਟਰ ਹਰਪ੍ਰੀਤ ਸਿੰਘ ਭਾਟੀਆ ਨੇ ਦੱਸਿਆ ਕਿ ਅਸੀਂ ਅੱਗੇ ਵੀ ਦਾਦਰਾ ਹਸਪਤਾਲ ਨਾਲ ਮਿਲ ਕੇ ਇਸ ਏਰੀਏ ਨੂੰ ਫਰੀ ਸੇਵਾਵਾਂ ਦੇ ਰਹੇ ਹਾਂ। ਉਹਨਾਂ ਦੱਸਿਆ

25-MAR-PAGE-7.qxd 3/25/2025 10:47 PM Page 1

ਚੇਅਰਮੈਨ ਦੀਪਕ ਸੂਦ ਨੇ ਕੁਰਸੀ ਸੰਭਾਲਣ ਤੋਂ ਪਹਿਲਾਂ ਧਾਰਮਿਕ ਸਥਾਨਾਂ 'ਤੇ ਟੇਕਿਆ ਮੱਥਾ

ਰਾਜਪੁਰਾ (ਰਮੇਸ਼ ਕਟਾਰੀਆ)-ਮੰਡੀ ਬੋਰਡ ਰਾਜਪੁਰਾ ਦੇ ਨਵ-ਨਿਯੁਕਤ ਚੇਅਰਮੈਨ ਸ੍ਰੀ ਦੀਪਕ ਸੂਦ ਕੁਰਸੀ ਸੰਭਾਲਣ ਤੋਂ ਪਹਿਲਾਂ ਧਾਰਮਿਕ ਸਥਾਨਾਂ 'ਤੇ ਮੱਥਾ ਟੇਕਣ ਤੇ ਪ੍ਰਮਾਤਮਾ ਦਾ ਅਸ਼ੀਰਵਾਦ ਲੈਣ ਤੋਂ ਬਾਅਦ ਮੰਡੀ ਬੋਰਡ ਪੰਜਾਬ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਅਗਵਾਈ ਵਿੱਚ ਕੁਰਸੀ ਸੰਭਾਲੀ। ਚੇਅਰਮੈਨ ਦੀਪਕ ਸੂਦ ਨੂੰ ਮਾਰਕੀਟ ਕਮੇਟੀ ਰਾਜਪੁਰਾ ਦੇ ਪਦਭਾਰ ਸੰਭਾਲਣ 'ਤੇ ਮਾਰਕੀਟ ਕਮੇਟੀ ਦੇ ਸਕੱਤਰ ਨਰਿੰਦਰ ਸਿੰਘ ਤੇ ਸੁਪਰਡੈਂਟ ਜੁਝਾਰ ਸਿੰਘ ਸਣੇ ਸ਼ਹਿਰ ਦੀਆਂ ਵੱਖ ਵੱਖ ਸ਼ਖ਼ਸੀਅਤਾਂ ਨੇ ਮੁਬਾਰਕਬਾਦ ਦਿੱਤੀ।ਉਂਥੇ ਇਹ ਵੀ ਦੇਖਣ ਵਿੱਚ ਆਇਆ ਕਿ ਰਾਜਪੁਰਾ ਦੇ ਵਿਧਾਇਕ ਦੇ ਨਾ ਆਉਣ ਕਰਕੇ ਲੋਕਾਂ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਸੀ ਲੋਕਾਂ ਨੂੰ ਤਾਂ ਇਹ ਵੀ ਕਹਿੰਦਾ ਸੁਣਿਆ ਗਿਆ ਕਿ ਇਹ ਆਉਂਦੀਆ ਵਿਧਾਨ ਸਭਾ ਚੋਣਾਂ ਵਿੱਚ ਕਿਤੇ ਦੀਪਕ ਸੂਦ ਤਾਂ ਵਿਧਾਨ ਸਭਾ ਸੀਟ ਦੇ ਦਾਅਵੇਦਾਰ ਹੋਣਗੇ।

ਲਾਇਨਜ਼ ਕਲੱਬ ਗੁਰੂ ਹਰਸਹਾਏ ਦੇ ਮੈਂਬਰ ਸਨਮਾਨਤ

ਗੁਰੂ ਹਰਸਹਾਏ (ਫਕੀਰ ਚੰਦ ਸਿਕਰੀ)-ਲਾਇਨਜ਼ ਕਲੱਬ ਵੱਲੋਂ ਰਿਜਨ ਕਾਨਫਰੰਸ ਦਾ ਸਫਲ ਆਯੋਜਨ ਕੀਤਾ ਗਿਆ। ਇਸ ਕਾਨਫਰੰਸ ਵਿੱਚ 15 ਸ਼ਹਿਰਾਂ ਤੋਂ ਲਾਈਨ ਕਲੱਬ ਦੇ ਅਹੁਦੇਦਾਰ ਪਹੁੰਚੇ। ਇਸ ਮੌਕੇ ਸਾਰੇ ਕਲੱਬਾਂ ਵੱਲੋਂ ਕੀਤੇ ਗਏ ਲੋਕ ਭਲਾਈ ਦੇ ਕੰਮਾਂ ਦੀ ਰਿਜਨ ਚੇਅਰਪਰਸਨ ਵੱਲੋਂ ਸਹਾਰਨਾ ਕੀਤੀ ਗਈ। ਇਸ ਮੌਕੇ ਗੁਰੂ ਹਰਸਹਾਏ ਲਾਇੰਸ ਕਲੱਬ ਦੇ ਮੈਂਬਰਾਂ ਵੱਲੋਂ ਬੀਤੇ ਦਿਨ ਲਗਾਇਆ ਗਿਆ ਅੱਖਾਂ ਤੇ ਖ਼ੂਨਦਾਨ ਕੈਂਪ ਤੋਂ ਖੁਸ਼ ਹੁੰਦੇ ਹੋਏ ਰੀਜਨ ਚੇਅਰਪਰਸਨ ਸਹਿਜ਼ਾਦ ਦੀਵਾਨ ਵੱਲੋਂ ਸਾਰੇ ਹੀ ਕਲੱਬ ਮੈਂਬਰਾਂ ਵਰੁਣ ਗਾਵੜੀ, ਗੌਰਵ ਸਚਦੇਵਾ, ਪ੍ਰਸ਼ਾਂਤ ਖੇੜਾ, ਸਾਜਨ ਸਚਦੇਵਾ, ਰਾਜਨ ਮੋਂਗਾ, ਸ਼ੁਭਮ ਮੋਂਗਾ, ਅਮਿਤ ਅਰੋੜਾ, ਰਣਬੀਰ ਧਵਨ, ਰਜਤ ਸੁਚਦੇਵਾ, ਲਾਡੀ ਭੰਡਾਰੀ, ਸੰਦੀਪ ਧਵਨ, ਲੱਕੀ ਤਨੇਜਾ, ਰਿੰਕੂ ਸੁਚਦੇਵਾ, ਰਾਹੁਲ ਬਜਾਜ, ਮਨੀ ਸਚਦੇਵਾ ਆਦਿ ਮੈਂਬਰ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

ਆਸਾਂ ਦਾ ਘਰ ਸੇਵਾ ਸੁਸਾਇਟੀ ਨੇ ਗ਼ਰੀਬ ਪਰਵਾਰ ਦੀ ਲੜਕੀ ਦਾ ਵਿਆਹ ਕਰਾਇਆ

ਦੋਰਾਹਾ (ਹਰਮਿੰਦਰ ਸੇਠ)-ਪਿੰਡ ਜਟਾਣਾ ਵਿਖੇ ਆਸਾਂ ਦਾ ਘਰ ਸੇਵਾ ਸੁਸਾਇਟੀ ਵੱਲੋਂ ਇੱਕ ਗ਼ਰੀਬ ਪਰਵਾਰ ਦੀ ਲੜਕੀ ਦਾ ਵਿਆਹ ਕਰਾਇਆ ਗਿਆ। ਸੁਸਾਇਟੀ ਦੇ ਪ੍ਰਧਾਨ ਗੁਰਦੀਪ ਸਿੰਘ ਮਿੱਠੂ ਨੇ ਦੱਸਿਆ ਕਿ ਪਹਿਲਾਂ ਸੁਸਾਇਟੀ ਵੱਲੋਂ 22 ਫਰਵਰੀ 2025 ਨੂੰ 11 ਕੁੜੀਆਂ ਦੇ ਵਿਆਹ ਕਰਨ ਦਾ ਪ੍ਰੋਗਰਾਮ ਸੀ, ਜੋ ਕੁੜੀਆਂ ਨਾ ਮਿਲਣ ਕਾਰਨ ਰੱਦ ਕਰਨਾ ਪਿਆ, ਪਰ ਹੁਣ ਪਿੰਡ ਦੇ ਇੱਕ ਬਿਲਕੁਲ ਹੀ ਗ਼ਰੀਬ ਪਰਵਾਰ ਵੱਲੋਂ ਪਹੁੰਚ ਕਰਨ ਤੇ ਵਿਆਹ ਦਾ ਸਾਰਾ ਖਰਚ ਸੁਸਾਇਟੀ ਵੱਲੋਂ ਕੀਤਾ ਗਿਆ ਤੇ ਕੁੜੀ ਨੂੰ ਲੋੜੀਂਦਾ ਸਮਾਨ, ਜਿਵੇਂ ਕਿ ਬੈੱਡ, ਗੱਦੇ, ਸੋਫ਼ਾ ਸੈੱਟ, ਪੇਟੀ ਤੇ ਹੋਰ ਵੀ ਮਦਦ ਦਿੱਤੀ ਗਈ। ਇਸ ਸਮੇਂ ਜੋੜੀ ਨੂੰ ਅਸ਼ੀਰਵਾਦ ਦੇਣ ਮੈਡਮ ਨੀਤੂ ਸਿੰਘ (ਬੁਲਾਰੇ ਭਾਰਤੀ ਜਨਤਾ ਪਾਰਟੀ ਮਹਿਲਾ ਮੋਰਚਾ ਪੰਜਾਬ) ਵੀ ਪਹੁੰਚੇ। ਇਸ ਤੋਂ ਇਲਾਵਾ ਪਿੰਡ ਜਟਾਣੇ ਦੇ ਪੰਚਾਇਤ ਨੇ ਵਧ-ਚੜ੍ਹ ਕੇ ਸਾਥ ਦਿੱਤਾ, ਜਿਨ੍ਹਾਂ ਵਿੱਚ ਵਿਸ਼ੇਸ਼ ਤੌਰ 'ਤੇ ਸਰਪੰਚ ਕੁਲਵਿੰਦਰ ਕੌਰ, ਪੰਚ ਗੁਰਦੀਪ ਕੌਰ, ਪੰਚ ਗੁਰਦੀਪ ਸਿੰਘ ਲਾਡੀ, (ਵਿਸ਼ਵ ਹਿੰਦੂ ਪ੍ਰੀਸ਼ਦ ਦੇ ਜ਼ਿਲ੍ਹਾ ਪ੍ਰਧਾਨ) ਪੰਡਤ ਮਨੋਜ ਕੁਮਾਰ, ਕੀਮਤੀ ਲਾਲ ਸ਼ਰਮਾ, ਵਿਨੈ ਸੂਦ ਨੇ ਵੀ ਜੋੜੀ ਨੂੰ ਅਸ਼ੀਰਵਾਦ ਦਿੱਤਾ।

ਰਾਸ਼ਨ ਡਿੱਪੂ ਫੈਡਰੇਸ਼ਨ ਨੇ ਅਖੰਡ ਪਾਠ ਕਰਵਾਇਆ

ਧੂਰੀ (ਮੋਹਿਤ ਗਰਗ, ਬਿੰਨੀ ਗਰਗ)-ਰਾਸ਼ਨ ਡਿਪੂ ਹੋਲਡਰ ਫੈਡਰੇਸ਼ਨ ਆਫ਼ ਪੰਜਾਬ ਨੇ ਪੰਜਾਬ ਸਰਕਾਰ ਵੱਲੋਂ ਫੈਡਰੇਸ਼ਨ ਦੀਆਂ ਹੱਕੀ ਤੇ ਜਾਇਜ਼ ਮੰਗਾਂ ਮੰਨੇ ਜਾਣ 'ਤੇ ਅਕਾਲ ਪੁਰਖ ਦੇ ਸ਼ੁਕਰਾਨੇ ਤੇ ਇਲਾਕੇ ਦੀ ਸੁੱਖ ਸ਼ਾਂਤੀ ਲਈ ਬਾਬਾ ਜਗਤ ਸਿੰਘ ਤਪੋਵਨ ਸਥਾਨ ਪਿੰਡ ਕਾਂਝਲਾ ਵਿਖੇ 'ਧੁਰ ਕੀ ਬਾਣੀ' ਦੇ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਤੇ ਉਪਰੰਤ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਦੇ ਦੇਖ-ਰੇਖ ਹੇਠ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਾਇਆ ਗਿਆ।ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਸਾਬਕਾ ਸਰਪੰਚ ਹਰਦੀਪ ਸਿੰਘ ਦੌਲਤਪੁਰ ਤੇ ਪੰਜਾਬ ਯੂਥ ਕਾਂਗਰਸ ਦੇ ਸੂਬਾ ਜਨਰਲ ਸਕੱਤਰ ਸੁਭਮ ਸ਼ਰਮਾ ਸੁਭੀ ਨੇ ਉਚੇਚੇ ਤੌਰ 'ਤੇ ਹਾਜ਼ਰੀ ਲੁਆਈ। ਫੈਡਰੇਸ਼ਨ ਦੇ ਆਗੂ ਭਰਪੂਰ ਸਿੰਘ ਬੇਨੜਾ ਨੇ ਦੱਸਿਆ ਕਿ ਕੈਂਪ ਦੌਰਾਨ ਡਾ. ਰਮੇਸ਼ ਸ਼ਰਮਾ ਦੀ ਅਗਵਾਈ ਹੇਠ ਡਾਕਟਰਾਂ ਦੀ ਟੀਮ ਵੱਲੋਂ 400 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਮਰੀਜ਼ਾਂ ਨੂੰ ਐਨਕਾਂ ਅਤੇ ਦਵਾਈਆਂ ਮੁਫ਼ਤ ਮੁਹੱਈਆ ਕਾਰਵਾਈਆਂ ਗਈਆਂ।ਉਨ੍ਹਾਂ ਦੱਸਿਆ ਕਿ 27 ਮਾਰਚ ਨੂੰ ਲੋੜਮੰਦ 58 ਮਰੀਜ਼ਾਂ ਦੀਆਂ ਅੱਖਾਂ ਦੇ ਅਪ੍ਰੇਸ਼ਨ ਕਰਕੇ ਲੈਂਜ ਮੁਫ਼ਤ ਪਾਏ ਜਾਣਗੇ।ਹੋਰਨਾਂ 'ਚ ਸੰਤੋਖ ਸਿੰਘ ਬਠਿੰਡਾ, ਜਗਤਾਰ ਸਿੰਘ ਭੁੱਕਰ ਫ਼ਿਰੋਜ਼ਪੁਰ, ਵਿਸਾਖਾ ਸਿੰਘ ਫ਼ਤਿਹਗੜ੍ਹ ਸਾਹਿਬ, ਬਲਜਿੰਦਰ ਸਿੰਘ ਅੰਮ੍ਰਿਤਸਰ, ਸੁਰਜੀਤ ਸਿੰਘ ਮੰਗੀ ਸੰਗਰੂਰ, ਪਰਮਜੀਤ ਸਿੰਘ ਲੁਧਿਆਣਾ, ਅਮਰਜੀਤ ਸਿੰਘ ਪਸਿਆਨਾ (ਪਟਿਆਲਾ), ਬਿੱਲੂ ਬਜਾਜ ਫ਼ਰੀਦਕੋਟ, ਅਰਵਿੰਦਰ ਕੌਰ ਤੇ ਸਰੋਜ ਬਾਲਾ ਜਲੰਧਰ, ਗੀਤਾ ਰਾਣੀ ਸੁਨਾਮ, ਮਹਿੰਦਰ ਸਿੰਘ ਰਣੀਕੇ, ਸਰਬਜੀਤ ਸਿੰਘ ਕੱਕੜਵਾਲ, ਸਿਮਰਤ ਸਿੰਘ ਭਸੌੜ, ਸਰਵ ਭਾਰਤੀ ਸੇਵਾ ਸੰਮਤੀ ਧੂਰੀ ਦੇ ਪ੍ਰਧਾਨ ਰਕੇਸ਼ ਕੁਮਾਰ ਤੇ ਪਿਆਰ ਚੰਦ ਸੰਖਿਆਣ ਤੋਂ ਇਲਾਵਾ ਇਲਾਕੇ ਦੇ ਪੰਚਾਂ, ਸਰਪੰਚਾਂ ਤੇ ਪਤਵੰਤਿਆਂ ਨੇ ਸ਼ਮੂਲੀਅਤ ਕੀਤੀ।

ਇੰਟੀਗ੍ਰੇਟਡ ਆਰਡੈਂਟ ਸਕੂਲ ਖੋਸਾ ਕੋਟਲਾ ਦਾ ਉਦਘਾਟਨ

ਕੋਟ ਈਸੇ ਖਾਂ (ਅਰੋੜਾ)-ਸ੍ਰੀਮਾਨ ਸੰਤ ਬਾਬਾ ਫ਼ਤਿਹ ਸਿੰਘ ਜੀ ਕਾਰ ਸੇਵਾ ਵਾਲਿਆਂ ਦੇ ਅਸ਼ੀਰਵਾਦ ਸਦਕਾ ਸੰਤ ਗਿਆਨੀ ਗੁਰਮੀਤ ਸਿੰਘ ਜੀ ਖੋਸਿਆਂ ਵਾਲਿਆਂ ਦੀ ਰਹਿਨੁਮਾਈ ਹੇਠ ਇੰਟੀਗਰੇਟਡ ਆਰਡੈਂਟ ਸਕੂਲ ਖੋਸਾ ਕੋਟਲਾ ਦੀ ਇਮਾਰਤ ਦਾ ਉਦਘਾਟਨ ਸਮਾਰੋਹ ਕੀਤਾ ਗਿਆ, ਜਿਸ ਵਿੱਚ ਅੰਮ੍ਰਿਤ ਵੇਲੇ ਆਸਾ ਦੀ ਵਾਰ ਦਾ ਕੀਰਤਨ ਕੀਤਾ ਗਿਆ। ਉਪਰੰਤ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਦੁਪਹਿਰ ਵੇਲੇ ਪੰਡਾਲ ਵਿੱਚ ਵਿੱਦਿਆ ਮਾਰਤੰਡ ਸ਼੍ਰੋਮਣੀ ਸੇਵਾ ਰਤਨ ਸੰਤ ਗਿਆਨੀ ਗੁਰਮੀਤ ਸਿੰਘ ਜੀ ਦੁਆਰਾ ਬੱਚਿਆਂ ਨੂੰ ਸਿੱਖਿਆ ਤੇ ਸਿਹਤ ਪ੍ਰਤੀ ਜਾਗਰੂਕ ਕਰਦਿਆਂ ਇੱਕ ਚੰਗੇ ਅਧਿਆਪਕ ਤੇ ਇੱਕ ਚੰਗੇ ਵਿਦਿਆਰਥੀ ਦੇ ਜੀਵਨ ਬਾਰੇ ਜਾਗਰੂਕ ਕੀਤਾ ਗਿਆ।ਫ਼ਿਲਮੀ ਅਦਾਕਾਰ ਮਲਕੀਤ ਰੌਣੀ ਵੱਲੋਂ ਮਾਪਿਆਂ ਨੂੰ ਸੰਬੋਧਨ ਹੁੰਦਿਆ ਆਪਣੇ ਬੱਚੇ ਦੀ ਵਾਗਡੋਰ ਇੱਕ ਚੰਗੇ ਅਧਿਆਪਕ ਨੂੰ ਸੌਂਪਣ ਲਈ ਪ੍ਰੇਰਿਤ ਕੀਤਾ ਕਿ ਸਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਸਾਡੇ ਬੱਚੇ ਕਿਨ੍ਹਾਂ ਦੇ ਹੱਥਾਂ ਵਿੱਚ ਆਪਣੇ ਭਵਿੱਖ ਦੀ ਸਿਰਜਣਾ ਕਰ ਰਹੇ ਹਨ।ਡਾਕਟਰ ਲੱਖੇਵਾਲੀ ਦੁਆਰਾ ਸਿੱਖਿਆ ਦੇ ਨਾਲ-ਨਾਲ ਇੱਕ ਚੰਗੇ ਵਾਤਾਵਰਣ ਲਈ ਪ੍ਰੇਰਣਾ ਦਿੱਤੀ।ਪ੍ਰੋਫ਼ੈਸਰ ਚੰਦਰਸ਼ੇਖਰ ਦੁਆਰਾ ਬੱਚਿਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕੀਤਾ ਗਿਆ।ਸਮਾਗਮ ਵਿੱਚ ਮੁੱਖ ਮਹਿਮਾਨ ਸੰਤ ਬਾਬਾ ਮਹਿੰਦਰ ਸਿੰਘ ਜੀ ਜਨੇਰ ਟਕਸਾਲ, ਪੰਜਾਬੀ ਫ਼ਿਲਮੀ ਅਦਾਕਾਰ ਮਲਕੀਤ ਸਿੰਘ ਰੌਣੀ, ਪ੍ਰੋਫ਼ੈਸਰ ਚੰਦਰਸ਼ੇਖਰ, ਵਾਤਾਵਰਣ ਪ੍ਰੇਮੀ ਡਾਕਟਰ ਬਲਵਿੰਦਰ ਸਿੰਘ ਲੱਖੇਵਾਲੀ, ਸੰਤ ਬਾਬਾ ਹਰਚੰਦ ਸਿੰਘ ਖੋਸਾ ਕੋਟਲਾ, ਸਪੀਕਰ ਸਿੰਘ ਕੜਿਆਲ, ਤਹਿਸੀਲਦਾਰ ਗੁਰਤੇਜ ਸਿੰਘ, ਪੰਜਾਬੀ ਕਲਾਕਾਰ ਰੰਗਲੇ ਸਰਦਾਰਾਂ ਦੀ ਟੀਮ, ਮੈਡਮ ਨਵਜੋਤ ਕੌਰ, ਗਿਆਨੀ ਸਤਨਾਮ ਸਿੰਘ ਜਨੇਰ ਟਕਸਾਲ ਆਦਿ ਦੁਆਰਾ ਸਿੱਖਿਆ ਪ੍ਰਤੀ ਜਾਗਰੂਕ ਕੀਤਾ ਗਿਆ। ਡੀਐਸਪੀ ਰਮਨਦੀਪ ਸਿੰਘ ਧਰਮਕੋਟ, ਸੰਤ ਬਾਬਾ ਹਰਚੰਦ ਸਿੰਘ ਖੋਸਾ ਕੋਟਲਾ ਬਾਬਾ ਅਜਮੇਰ ਸਿੰਘ ਦੌਲਤਪੁਰਾ, ਚਰਨ ਸਿੰਘ ਖੋਸਾ ਸਟੇਟ ਐਵਾਰਡੀ ਤੋਂ ਇਲਾਵਾ ਵੱਖ ਵੱਖ ਪਿੰਡਾਂ ਦੇ ਪਤਵੰਤੇ-ਸੱਜਣ, ਪੰਚ-ਸਰਪੰਚ ਤੇ ਨੰਬਰਦਾਰਾਂ ਨੇ ਸ਼ਮੂਲੀਅਤ ਕੀਤੀ।ਸਮਾਗਮ ਵਿੱਚ ਲੈਕਚਰਾਰ ਪਲਵਿੰਦਰ ਸਿੰਘ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ। ਪ੍ਰਿੰਸੀਪਲ ਮਨਦੀਪ ਕੌਰ ਨੇ ਆਏ ਪਤਵੰਤੇ ਸੱਜਣਾਂ ਤੇ ਇਲਾਕਾ ਨਿਵਾਸੀਆਂ ਦਾ ਧੰਨਵਾਦ ਕੀਤਾ।

ਸ਼ਹਿਰ ਵਾਸੀਆਂ 'ਚ ਜਾਗਰੂਕਤਾ ਫੈਲਾਉਣ ਲਈ ਚਲਾਈ ਸਫਾਈ ਮੁਹਿੰਮ

ਲੁਧਿਆਣਾ (ਰਾਜ ਸਿੰਗਲਾ)-ਲੁਧਿਆਣਾ ਕੇਂਦਰੀ ਦੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਤੇ ਅੰਤਰਰਾਸ਼ਟਰੀ ਸਵੈ-ਸੇਵੀ ਸੰਗਠਨ ਏ.ਐੱਸ.ਈ.ਜ਼ੈਡ. ਡਬਲਯੂ.ਏ.ਓ. ਦੇ ਮੈਂਬਰਾਂ ਨੇ ਐਤਵਾਰ ਨੂੰ ਬਾਬਾ ਥਾਨ ਸਿੰਘ ਚੌਕ ਨੇੜੇ ਇੱਕ ਸਫਾਈ ਮੁਹਿੰਮ ਦਾ ਆਯੋਜਨ ਕੀਤਾ।ਸਵੈ-ਸੇਵੀ ਸੰਗਠਨ ਦੇ ਹੋਰ ਮੈਂਬਰਾਂ ਸਮੇਤ ਵਿਦਿਆਰਥੀਆਂ ਨੇ ਇਸ ਮੁਹਿੰਮ ਵਿੱਚ ਹਿੱਸਾ ਲਿਆ, ਜੋ ਕਿ ਡਵੀਜ਼ਨ ਨੰਬਰ 3 ਪੁਲਸ ਸਟੇਸ਼ਨ ਚੌਕ ਤੱਕ ਜਾਰੀ ਰਹੀ।ਸੰਗਠਨ ਦੇ ਮੈਂਬਰਾਂ ਖਾਸ ਕਰਕੇ ਵਿਦਿਆਰਥੀਆਂ ਦੀ ਸ਼ਲਾਘਾ ਕਰਦੇ ਹੋਏ ਵਿਧਾਇਕ ਪਰਾਸ਼ਰ ਨੇ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਨਿਵਾਸੀਆਂ ਵਿੱਚ ਜਾਗਰੂਕਤਾ ਫੈਲਾਉਣਾ ਸੀ।ਵਲੰਟੀਅਰਾਂ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਦੁਨੀਆ ਭਰ ਦੇ ਵਸਨੀਕਾਂ ਵਿੱਚ ਜਾਗਰੂਕਤਾ ਫੈਲਾਉਣ ਲਈ ਕੰਮ ਕਰ ਰਹੀ ਹੈ।ਉਨ੍ਹਾਂ ਦਾ ਉਦੇਸ਼ ਜ਼ਮੀਨੀ ਪੱਧਰ 'ਤੇ ਕੰਮ ਕਰਨਾ ਤੇ ਨਿਵਾਸੀਆਂ ਨੂੰ ਆਲੇ ਦੁਆਲੇ ਅਤੇ ਵਾਤਾਵਰਣ ਨੂੰ ਸਾਫ਼ ਰੱਖਣ ਲਈ ਪ੍ਰੇਰਿਤ ਕਰਨਾ ਹੈ।ਵਿਧਾਇਕ ਪਰਾਸ਼ਰ ਤੇ ਵਲੰਟੀਅਰਾਂ ਨੇ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਫਰਜ਼ ਨਿਭਾਉਣ ਤੇ ਸ਼ਹਿਰ ਨੂੰ ਸਾਫ਼ ਅਤੇ ਹਰਾ-ਭਰਾ ਰੱਖਣ ਵਿੱਚ ਅਧਿਕਾਰੀਆਂ ਦੀ ਮਦਦ ਕਰਨ।ਵਸਨੀਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਖੁੱਲ੍ਹੇ ਥਾਵਾਂ 'ਤੇ ਕੂੜਾ ਸੁੱਟਣਾ ਬੰਦ ਕਰਨ।ਇਸ ਦੌਰਾਨ ਵਿਧਾਇਕ ਪਰਾਸ਼ਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਆਉਣ ਵਾਲੀਆਂ ਪੀੜ੍ਹੀਆਂ ਲਈ ਟਿਕਾਊ ਵਿਕਾਸ ਤੇ ਸਾਫ਼-ਸੁਥਰਾ ਵਾਤਾਵਰਣ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਜਗਰਾਉਂ ਵੈੱਲਫੇਅਰ ਸੋਸਾਇਟੀ ਨੇ ਐੱਸ ਐੱਸ ਪੀ ਨੂੰ ਕੀਤਾ ਸਨਮਾਨਤ

■ ਸ਼ਹਿਰ ਦੀਆਂ ਸਮੱਸਿਆਵਾਂ ਬਾਰੇ ਕੀਤਾ ਵਿਚਾਰ-ਵਟਾਂਦਰਾ

ਜਗਰਾਓਂ (ਅਮਿਤ ਖੰਨਾ)-ਅੱਜ ਜਗਰਾਉਂ ਵੈੱਲਫੇਅਰ ਸੋਸਾਇਟੀ ਦੇ ਅਹੁਦੇਦਾਰ ਲੁਧਿਆਣਾ ਦਿਹਾਤੀ ਦੇ ਐੱਸ ਐੱਸ ਪੀ ਡਾਕਟਰ ਅੰਕੁਰ ਗੁਪਤਾ ਨੂੰ ਮਿਲੇ।ਇਸ ਮੌਕੇ ਜਗਰਾਉਂ ਵੈੱਲਫੇਅਰ ਸੋਸਾਇਟੀ ਦੇ ਪ੍ਰਧਾਨ ਗੁਰਿੰਦਰ ਸਿੰਘ ਸਿੱਧੂ, ਅਰੁਣ ਗੋਇਲ ਏਪੀ ਰਿਫਾਇਨਰੀ, ਰਜਿੰਦਰ ਜੈਨ, ਬਿੰਦਰ ਮਨੀਲਾ, ਰਾਜਕੁਮਾਰ ਭੱਲਾ, ਲੱਖਾ ਜਵੈਲਰ ਵਾਲੇ ਪਵਨ ਕੁਮਾਰ ਲੱਡੂ, ਬੀ ਕੇ ਗੈਸ ਡਾਕਟਰ ਨਰਿੰਦਰ ਸਿੰਘ, ਕੈਪਟਨ ਨਰੇਸ਼ ਵਰਮਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਫੁੱਲਾਂ ਦੇ ਗੁਲਦਸਤੇ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਐੱਸ ਐੱਸ ਪੀ ਡਾਕਟਰ ਅੰਕੁਰ ਗੁਪਤਾ ਨੂੰ ਸਨਮਾਨਤ ਕੀਤਾ।ਕੁਝ ਦਿਨ ਪਹਿਲਾਂ ਲੱਖਾ ਜਵੈਲਰ ਵਾਲਿਆਂ ਦੀ ਦੁਕਾਨ 'ਤੇ ਹੋਏ ਹਮਲੇ ਸਬੰਧੀ ਕਾਰਵਾਈ ਕਰਦਿਆਂ ਫਾਇਰਿੰਗ ਕਰਨ ਵਾਲਿਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਸੀ, ਇਸ ਸਬੰਧੀ ਐੱਸ ਐੱਸ ਪੀ ਨੂੰ ਮੁਬਾਰਕਬਾਦ ਦਿੱਤੀ।ਅਹੁਦੇਦਾਰਾਂ ਨੇ ਕਿਹਾ ਕਿ ਜਦ ਤੋਂ ਐੱਸ ਐੱਸ ਪੀ ਡਾਕਟਰ ਅੰਕੁਰ ਗੁਪਤਾ ਨੇ ਜਗਰਾਉਂ ਵਿਖੇ ਅਹੁਦਾ ਸੰਭਾਲਿਆ ਹੈ, ਨਸ਼ਿਆਂ ਸਬੰਧੀ ਲਗਾਤਾਰ ਕਾਰਵਾਈ ਹੋ ਰਹੀ ਹੈ, ਜੋ ਕਿ ਸ਼ਲਾਘਾਯੋਗ ਹੈ।ਇਸ ਮੌਕੇ ਉਨ੍ਹਾਂ ਨੇ ਐੱਸ ਐੱਸ ਪੀ ਡਾਕਟਰ ਅੰਕੁਰ ਗੁਪਤਾ ਨਾਲ ਸ਼ਹਿਰ ਦੀਆਂ ਸਮੱਸਿਆਵਾਂ ਨੂੰ ਲੈ ਕੇ ਵਿਚਾਰ ਵਟਾਂਦਰਾ ਕੀਤਾ।ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਗੁਰਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪੁਲਸ ਦੀ ਕਾਰਵਾਈ ਨਾਲ ਵਪਾਰੀਆਂ ਵਿੱਚ ਪੁਲਿਸ ਪ੍ਰਤੀ ਵਿਸ਼ਵਾਸ ਹੋਰ ਬਹਾਲ ਹੋ ਗਿਆ ਹੈ।ਇਸ ਮੌਕੇ ਬਿੰਦਰ ਮਨੀਲਾ ਨੇ ਕਿਹਾ ਕਿ ਜੇਕਰ ਸ਼ਹਿਰ ਦੇ ਕਿਸੇ ਵੀ ਕੰਮ ਲਈ ਉਨ੍ਹਾਂ ਦੀ ਸੋਸਾਇਟੀ ਦੀ ਜ਼ਰੂਰਤ ਪੈਂਦੀ ਹੈ ਤਾਂ ਉਹ ਹਰ ਸਮੇਂ ਪੁਲਸ ਪ੍ਰਸ਼ਾਸਨ ਦੇ ਨਾਲ ਹਨ।ਇਸ ਮੌਕੇ ਐੱਸ ਐੱਸ ਪੀ ਡਾਕਟਰ ਅੰਕੁਰ ਗੁਪਤਾ ਨੇ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਪੁਲਸ ਪ੍ਰਸ਼ਾਸਨ ਜਗਰਾਓਂ ਸ਼ਹਿਰ ਦੀ ਬਿਹਤਰੀ ਲਈ ਤੇ ਨਸ਼ਿਆਂ ਦੀ ਰੋਕਥਾਮ ਲਈ ਸਖਤ ਕਦਮ ਚੁੱਕੇਗਾ।

ਡੀ ਟੀ ਐੱਫ ਵੱਲੋਂ

26-March-11-Page-Majha-25.qxd 3/25/2025 10:57 PM Page 1

ਜ਼ਿਲ੍ਹਾ ਪ੍ਰਸ਼ਾਸਨ ਨੇ ਢਾਹਿਆ ਨਸ਼ਾ ਤਸਕਰ ਦਾ ਘਰ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)- ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਦੇ ਹੋਏ ਅੱਜ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਨੇ ਨਸ਼ਾ ਤਸਕਰ ਅਨਵਰ ਗਿੱਲ ਅਤੇ ਅਭੀ ਵਾਸੀ ਮਕਾਨ ਨੰ: 468, ਪਿੰਡ ਗੁਮਟਾਲਾ ਥਾਣਾ ਕੰਟੋਨਮੈਂਟ ਦਾ ਘਰ ਜੇ ਸੀ ਬੀ ਮਸ਼ੀਨ ਅਤੇ ਮਜ਼ਦੂਰ ਲਗਾ ਕੇ ਮਲੀਆਮੇਟ ਕਰ ਦਿੱਤਾ। ਇਸ ਮੌਕੇ ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਨਸ਼ਾ ਤਸਕਰ ਖਿਲਾਫ ਵੱਖ ਵੱਖ ਥਾਣਿਆਂ ਵਿੱਚ ਪੰਜ ਮੁਕੱਦਮੇ ਦਰਜ ਹਨ, ਜਿਨਾਂ ਵਿੱਚੋਂ ਐਨ ਡੀ ਪੀ ਐਸ ਐਕਟ ਅਤੇ ਆਰਮਜ਼ ਐਕਟ ਦਾ ਮੁਕੱਦਮਾ ਵੀ ਹੈ। ਉਹਨਾਂ ਕਿਹਾ ਕਿ ਇਨ੍ਹਾਂ ਉੱਤੇ ਲੱਗੀਆਂ ਇਹ ਧਰਾਵਾਂ ਅਤੇ ਇਸ ਦੀ ਕੇਸ ਹਿਸਟਰੀ ਤੋਂ ਸਪਸ਼ਟ ਹੈ ਕਿ ਇਹ ਨਸ਼ਾ ਤਸਕਰੀ ਦੇ ਧੰਦੇ ਵਿੱਚ ਲੰਮੇ ਸਮੇਂ ਤੋਂ ਸ਼ਾਮਿਲ ਹੈ ਅਤੇ ਇਸ ਸਮੇਂ ਵੀ ਜੇਲ੍ਹ ਵਿਚ ਹਨ। ਉਨ੍ਹਾਂ ਦੱਸਿਆ ਕਿ ਅਨਵਰ ਗਿੱਲ ਉਰਫ ਰਿੰਕੂ ਅਤੇ ਅਭੀ ਦੋਵੇਂ ਚਚੇਰੇ ਭਰਾ ਹਨ ਅਤੇ ਇਕੋ ਹੀ ਮਕਾਨ ਵਿਚ ਰਹਿੰਦੇ ਹਨ।ਉਨ੍ਹਾਂ ਦੱਸਿਆ ਕਿ ਅਨਵਰ ਗਿੱਲ 'ਤੇ 5 ਮੁਕੱਦਮੇ ਦਰਜ ਹਨ ਜਦਕਿ ਅਭੀ 'ਤੇ ਇਕ ਐਨ ਡੀ ਪੀ ਐਸ ਐਕਟ ਅਤੇ ਇਕ ਆਰਮਜ਼ ਐਕਟ ਦਾ ਮੁਕੱਦਮਾ ਦਰਜ ਹੈ। ਉਹਨਾਂ ਨਸ਼ਾ ਤਸਕਰਾਂ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੋ ਵੀ ਵਿਅਕਤੀ ਕਿਸੇ ਵੀ ਗੈਰ ਕਾਨੂੰਨੀ ਕਾਰਵਾਈ ਵਿੱਚ ਸ਼ਾਮਿਲ ਹੈ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਸ ਖਿਲਾਫ ਠੋਸ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਹਨਾਂ ਕਿਹਾ ਕਿ ਸਾਡੇ ਲਈ ਸਾਡੇ ਬੱਚੇ, ਸਾਡੀ ਜਵਾਨੀ ਨੂੰ ਸੰਭਾਲਣਾ ਬੇਹੱਦ ਜ਼ਰੂਰੀ ਹੈ, ਜੋ ਕਿ ਇਹਨਾਂ ਤਸਕਰਾਂ ਤੀਆਂ ਘਟੀਆ ਕਰਤੂਤਾਂ ਕਾਰਨ ਨਸ਼ੇ ਦੀ ਚੇਟਕ ਨਾਲ ਆਪਣਾ ਜੀਵਨ ਤਬਾਹ ਕਰ ਲੈਂਦੇ ਹਨ। ਇਸ ਮੌਕੇ ਡੀ ਸੀ ਪੀ ਆਲਮ ਵਿਜੇ ਸਿੰਘ, ਸ਼ਿਵਦਰਸ਼ਨ ਸਿੰਘ ਅਤੇ ਹੋਰ ਸੀਨੀਅਰ ਪੁਲਸ ਅਧਿਕਾਰੀ ਵੀ ਮੌਕੇ 'ਤੇ ਹਾਜ਼ਰ ਸਨ।

31 ਨੂੰ ਲਾਲਜੀਤ ਸਿੰਘ ਭੁੱਲਰ ਦੇ ਘਰ ਅੱਗੇ ਲੱਗੇਗਾ ਧਰਨਾ

ਪੱਟੀ (ਸ਼ਮਸ਼ੇਰ ਸਿੰਘ ਯੋਧਾ/ ਸ਼ਮਸ਼ੇਰ ਸਿੰਘ ਯੋਧਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਪੱਟੀ ਜ਼ੋਨ ਵੱਲੋਂ ਦੇਸ਼ ਦੇ ਵੱਡੇ ਦੋ ਫੋਰਮਾਂ ਵੱਲੋਂ 31 ਮਾਰਚ ਨੂੰ ਪੰਜਾਬ ਦੇ ਮੰਤਰੀਆਂ ਦੇ ਘਰਾਂ ਅੱਗੇ ਧਰਨੇ ਲਗਾਉਣ ਸਬੰਧੀ ਕੀਤੇ ਐਲਾਨ ਨੂੰ ਮਜ਼ਬੂਤ ਕਰਨ ਲਈ ਕਿਸਾਨ ਮਜ਼ਦੂਰ ਜਥੇਬੰਦੀ ਵੱਲੋਂ ਇਕਾਈ ਬਾਬਾ ਬਿਧੀ ਚੰਦ ਭੱਠ ਸਾਹਿਬ, ਭੱਗੂਪੁਰ, ਸੰਗਵਾਂ, ਸੈਦੋ ਆਦਿ ਪਿੰਡਾਂ ਵਿੱਚ ਇਕਾਈ ਪ੍ਰਧਾਨ ਸ਼ੁਬੇਗ ਸਿੰਘ ਪੱਟੀ, ਦਿਲਬਾਗ ਸਿੰਘ ਭੱਗੂਪੁਰ, ਹੈਪੀ ਸੰਗਵਾਂ, ਰੇਸ਼ਮ ਸਿੰਘ ਸੈਦੋ ਦੀ ਪ੍ਰਧਾਨਗੀ ਹੇਠ ਕੀਤੀਆਂ ਗਈਆਂ ਇਹਨਾਂ ਮੀਟਿੰਗਾਂ ਨੂੰ ਕਿਸਾਨ ਆਗੂ ਗੁਰਭੇਜ ਸਿੰਘ ਧਾਰੀਵਾਲ, ਤਰਸੇਮ ਸਿੰਘ ਧਾਰੀਵਾਲ, ਜੁਗਰਾਜ ਸਿੰਘ ਸਭਰਾ, ਗੁਰਜੰਟ ਸਿੰਘ ਭੱਗੂਪੁਰ, ਨਿਸ਼ਾਨ ਸਿੰਘ ਪੱਟੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੋ ਪੰਜਾਬ ਦੇ ਮੰਤਰੀਆਂ ਦੇ ਘਰਾਂ ਅੱਗੇ ਮੋਰਚੇ ਲਗਾਉਣ ਦਾ ਐਲਾਨ ਇਨ ਬਿਨ ਲਾਗੂ ਕਰਨ ਲਈ 30 ਮਾਰਚ ਨੂੰ ਪੱਟੀ ਸ਼ਹਿਰ ਅੰਦਰ ਗੁਰੂ ਨਾਨਕਪੁਰੀ ਗੁਰਦੁਆਰਾ ਸਾਹਿਬ ਵਿਖੇ ਪੱਟੀ ਜ਼ੋਨ ਦੇ ਸਾਰੇ ਪਿੰਡ ਇਕੱਠੇ ਕੀਤੇ ਜਾਣਗੇ ਅਤੇ ਇਸ ਇਕੱਠ ਵਿੱਚ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਕਿਉਂਕਿ ਦੇਸ਼ ਦਾ ਅੰਨਦਾਤਾ ਖ਼ੁਦਕੁਸ਼ੀਆਂ ਕਰ ਰਿਹਾ ਅਤੇ ਸੜਕਾਂ ਤੇ ਬੈਠਣ ਲਈ ਮਜਬੂਰ ਹੈ ਪਰ ਸੱਤਾ ਵਿੱਚ ਬੈਠੀਆਂ ਸਰਕਾਰਾਂ ਕਿਸਾਨਾਂ ਮਜ਼ਦੂਰਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਲਾਗੂ ਕਰਨ ਦੀ ਥਾਂ ਕਿਸਾਨਾਂ ਮਜ਼ਦੂਰਾਂ 'ਤੇ ਅੱਤਿਆਚਾਰ ਕੀਤਾ ਜਾ ਰਿਹਾ। ਕਿਸਾਨ ਆਗੂਆਂ ਨੂੰ ਜੇਲ੍ਹਾਂ ਵਿੱਚ ਡੱਕਿਆ ਹੋਇਆ ਅਤੇ ਧਰਨੇ ਮੁਜ਼ਾਹਰੇ ਰੋਕ ਕੇ ਜਮਹੂਰੀ ਹੱਕਾਂ ਦਾ ਘਾਣ ਕੀਤਾ ਜਾ ਰਿਹਾ। ਕਿਸਾਨ ਆਗੂਆਂ ਨੇ ਕਿਹਾ 31 ਮਾਰਚ ਨੂੰ ਜਿਥੇ ਪੰਜਾਬ ਦੇ ਮੰਤਰੀਆਂ ਦੇ ਘਰਾਂ ਅੱਗੇ ਮੋਰਚੇ ਲਗਾਏ ਜਾਣਗੇ ਉਥੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਘਰ ਅੱਗੇ ਮੋਰਚਾ ਲਗਾਇਆ ਜਾਵੇਗਾ।

ਇਸ ਮੋਰਚੇ ਵਿੱਚ ਕਿਸਾਨ ਮਜ਼ਦੂਰ ਆਪਣੇ ਪਰਵਾਰਾਂ ਸਮੇਤ ਸ਼ਮੂਲੀਅਤ ਕਰਨਗੇ। ਇਸ ਮੌਕੇ ਕੁਲਵੰਤ ਸਿੰਘ ਪੱਟੀ, ਸਤਨਾਮ ਸਿੰਘ, ਅਜੈਬ ਸਿੰਘ, ਕਲਵਿੰਦਰ ਸਿੰਘ ਭੱਗੂਪੁਰ, ਸਤਨਾਮ ਸਿੰਘ, ਦਿਲਬਾਗ ਸਿੰਘ ਭੱਗੂਪੁਰ, ਮੁਖਤਿਆਰ ਸਿੰਘ ਸੰਗਵਾਂ, ਮਹਿਤਾਬ ਸਿੰਘ, ਸੁਰਜਨ ਸਿੰਘ, ਰਣਜੀਤ ਸਿੰਘ, ਮੱਲ ਸਿੰਘ ਸੈਦੋ, ਗੁਰਜੰਟ ਸਿੰਘ, ਗੁਰਸਾਹਿਬ ਸਿੰਘ, ਭਜਨ ਸਿੰਘ, ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

31 ਤੱਕ ਰਾਸ਼ਨ ਕਾਰਡ ਦੀ ਈ-ਕੇ ਵਾਈ ਸੀ ਕਰਵਾਉਣੀ ਜ਼ਰੂਰੀ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਡਾ. ਹਰਜਿੰਦਰ ਸਿੰਘ ਬੇਦੀ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਗੁਰਦਾਸਪੁਰ ਨੇ ਦਿੰਦਿਆਂ ਦੱਸਿਆ ਕਿ ਖ਼ੁਰਾਕ ਅਤੇ ਸਿਵਲ ਸਪਲਾਈਜ਼ ਵਿਭਾਗ ਭਾਰਤ ਸਰਕਾਰ ਵੱਲੋਂ ਰਾਸ਼ਟਰੀ ਖ਼ੁਰਾਕ ਸੁਰੱਖਿਆ ਐਕਟ-2013 ਤਹਿਤ ਰਾਸ਼ਨ ਦਾ ਲਾਭ ਲੈ ਰਹੇ ਲਾਭਪਾਤਰੀਆਂ ਦੀ 31 ਮਾਰਚ ਤੱਕ ਸੌ ਫ਼ੀਸਦੀ ਈ-ਕੇ.ਵਾਈ.ਸੀ. ਕਰਨ ਬਾਰੇ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਉਹਨਾਂ ਅੱਗੇ ਦੱਸਿਆ ਕਿ ਇਸ ਸਬੰਧ ਵਿੱਚ ਪੰਜਾਬ ਰਾਜ ਵਿੱਚ ਪਿਛਲੇ ਲਗਭਗ ਇੱਕ ਸਾਲ ਤੋਂ ਲਾਭਪਾਤਰੀਆਂ ਦੀ ਡਿਪੂ ਹੋਲਡਰਾਂ ਵੱਲੋਂ ਈ-ਪੋਸ਼ ਮਸ਼ੀਨਾਂ 'ਤੇ ਲਾਭਪਾਤਰੀ ਦੇ ਫਿੰਗਰ ਪ੍ਰਿੰਟ ਲੈ ਕੇ ਈ-ਕੇ.ਵਾਈ.ਸੀ. ਕੀਤੀ ਜਾ ਰਹੀ ਹੈ, ਪ੍ਰੰਤੂ ਅਜੇ ਤੱਕ ਵੀ ਬਹੁਤ ਸਾਰੇ ਲਾਭਪਾਤਰੀਆਂ ਵੱਲੋਂ ਆਪਣੀ ਈ-ਕੇ.ਵਾਈ.ਸੀ. ਨਹੀਂ ਕਰਵਾਈ ਜਾ ਰਹੀ।

ਭਾਰਤ ਸਰਕਾਰ ਵੱਲੋਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਜਿਹੜੇ ਲਾਭਪਾਤਰੀ 31 ਮਾਰਚ 2025 ਤੱਕ ਆਪਣੀ ਈ-ਕੇ.ਵਾਈ.ਸੀ ਨਹੀਂ ਕਰਵਾਉਂਦੇ, ਉਨ੍ਹਾਂ ਦਾ ਰਾਸ਼ਨ ਮੁਅੱਤਲ ਕੀਤਾ ਜਾ ਸਕਦਾ ਹੈ। ਇਸ ਲਈ ਸਾਰੇ ਲਾਭਪਾਤਰੀ 31 ਮਾਰਚ ਤੋਂ ਪਹਿਲਾਂ-ਪਹਿਲਾਂ ਆਪਣੇ ਨੇੜੇ ਦੇ ਕਿਸੇ ਵੀ ਰਾਸ਼ਨ ਡਿਪੂ 'ਤੇ ਆਪਣਾ ਅਧਾਰ ਕਾਰਡ ਨਾਲ ਲੈ ਕੇ ਈ-ਪੋਸ਼ ਮਸ਼ੀਨ 'ਤੇ ਫਿੰਗਰ ਪ੍ਰਿੰਟ ਲਗਾ ਕੇ ਆਪਣੀ ਈ-ਕੇ.ਵਾਈ.ਸੀ. ਕਰਵਾਉਣ ਨੂੰ ਯਕੀਨੀ ਬਣਾਉਣ ਤਾਂ ਕਿ ਉਨ੍ਹਾਂ ਨੂੰ ਭਵਿੱਖ ਵਿੱਚ ਰਾਸ਼ਨ ਲੈਣ ਵਿੱਚ ਕੋਈ ਵੀ ਮੁਸ਼ਕਿਲ ਨਾ ਆਵੇ।ਇਸ ਸਬੰਧ ਵਿੱਚ ਸੁਖਜਿੰਦਰ ਸਿੰਘ ਜ਼ਿਲ੍ਹਾ ਕੰਟਰੋਲਰ ਖ਼ੁਰਾਕ ਅਤੇ ਸਪਲਾਈਜ਼ ਗੁਰਦਾਸਪੁਰ ਨੇ ਦੱਸਿਆ ਕਿ ਇਸ ਸਬੰਧੀ ਸਾਰੇ ਸਹਾਇਕ ਖ਼ੁਰਾਕ ਅਤੇ ਸਪਲਾਈਜ਼ ਅਫ਼ਸਰਾਂ ਅਤੇ ਖੇਤਰੀ ਅਮਲੇ ਨੂੰ ਮੀਟਿੰਗ ਕਰਕੇ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਆਪਣੇ-ਆਪਣੇ ਏਰੀਏ ਦੇ ਰਾਜਨੀਤਿਕ ਅਤੇ ਸੋਹਤਬਰ ਲੋਕਾਂ, ਪਿੰਡਾਂ ਦੇ ਸਰਪੰਚਾਂ, ਕੌਂਸਲਰਾਂ ਆਦਿ ਨੂੰ ਇਸ ਸਬੰਧੀ ਜਗਰੂਕ ਕਰਦੇ ਹੋਏ ਲਾਭਪਾਤਰੀਆਂ ਦੀ ਸ਼ਤ ਫ਼ੀਸਦੀ ਈ-ਕੇ.ਵਾਈ.ਸੀ. ਕਰਵਾਉਣੀ ਯਕੀਨੀ ਬਣਾਈ ਜਾਵੇ।

ਸਿਵਲ ਸਰਜਨ ਵੱਲੋਂ ਸੀ ਐੱਚ ਸੀ ਝਬਾਲ ਦੀ ਅਚਨਚੇਤ ਚੈਕਿੰਗ

ਝਬਾਲ (ਮੱਖਣ ਮਨੋਜ)-ਮੰਗਲਵਾਰ ਸਵੇਰੇ ਕਰੀਬ 10:30 ਵਜੇ ਸਿਵਲ ਸਰਜਨ ਜ਼ਿਲ੍ਹਾ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਵੱਲੋਂ ਸੀ.ਐਚ.ਸੀ. ਝਬਾਲ ਵਿਖੇ ਪਹੁੰਚ ਕੇ ਅਚਨਚੇਤ ਚੈਕਿੰਗ ਕੀਤੀ ਗਈ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਮਨਜੀਤ ਸਿੰਘ ਰਟੌਲ ਵੱਲੋਂ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਦਾ ਨਿੱਘਾ ਸਵਾਗਤ ਕੀਤਾ ਗਿਆ। ਡਾ.ਰਾਏ ਨੇ ਸੀ.ਐਚ.ਸੀ. ਦਾ ਹਾਜ਼ਰੀ ਰਜਿਸਟਰ ਚੈੱਕ ਕੀਤਾ, ਜਿਸ ਦੌਰਾਨ ਸੀ.ਐਚ.ਸੀ. ਦਾ ਸਾਰਾ ਸਟਾਫ ਡਿਊਟੀ 'ਤੇ ਹਾਜ਼ਰ ਪਾਇਆ ਗਿਆ। ਹਸਪਤਾਲ ਦਾ ਦੌਰਾ ਕਰਦਿਆਂ ਉਨ੍ਹਾਂ ਜੱਚਾ-ਬੱਚਾ ਵਿਭਾਗ, ਡਿਸਪੈਂਸਰੀ, ਐਕਸ-ਰੇ ਵਿਭਾਗ, ਲੈਬਾਰਟਰੀ, ਨਰਸਿੰਗ ਸਟੇਸ਼ਨ, ਵਾਰਡਾਂ, ਓ.ਪੀ.ਡੀ., ਅੱਖਾਂ ਦਾ ਵਿਭਾਗ, ਓ.ਐੱਸ.ਟੀ. ਸੈਂਟਰ, ਆਦਿ ਦਾ ਮੁਆਇਨਾ ਕੀਤਾ। ਕਰਮਚਾਰੀਆਂ ਨਾਲ ਗੱਲਬਾਤ ਕਰਦਿਆਂ ਡਾ.ਰਾਏ ਨੇ ਕਿਹਾ ਕਿ ਸਰਕਾਰ ਵੱਲੋਂ ਚਲਾਈ ਜਾ ਰਹੀ ਹਰ ਮੁਹਿੰਮ ਦਾ ਫਾਇਦਾ ਲੋਕਾਂ ਤੱਕ ਪਹੁੰਚਣਾ ਯਕੀਨੀ ਬਣਾਇਆ ਜਾਵੇ ਜਿਸ ਲਈ ਹਰ ਸੰਭਵ ਸਹਾਇਤਾ ਕਰਨ ਲਈ ਸਿਹਤ ਵਿਭਾਗ ਅਤੇ ਜ਼ਿਲ੍ਹਾ ਪੱਧਰੀ ਟੀਮ ਉਨ੍ਹਾਂ ਦੇ ਨਾਲ ਹੈ। ਨਾਲ ਹੀ ਸਿਹਤ ਸੇਵਾਵਾਂ ਦੀ ਬਿਹਤਰੀ ਦੇ ਸਬੰਧ ਵਿੱਚ ਉਨ੍ਹਾਂ ਵੱਲੋਂ ਸੁਝਾਅ ਵੀ ਦਿੱਤੇ ਗਏ। ਐੱਸ.ਐਮ.ਓ ਝਬਾਲ ਅਤੇ ਸਮੂਹ ਸਟਾਫ ਮੈਂਬਰਾਂ ਨੇ ਜ਼ਿਲ੍ਹਾ ਪੱਧਰੀ ਸਿਹਤ ਪ੍ਰਬੰਧਾਂ, ਬਹੁਮੁੱਲੇ ਸੁਝਾਵਾਂ ਅਤੇ ਸਹਿਯੋਗ ਲਈ ਡਾ.ਰਾਏ ਦਾ ਧੰਨਵਾਦ ਕੀਤਾ। ਡਾ.ਰਟੌਲ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਸੀ.ਐਚ.ਸੀ. ਦਾ ਸਾਰਾ ਸਟਾਫ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਨ ਅਤੇ ਸਿਹਤ ਸਹੂਲਤਾਂ ਨੂੰ ਘਰ ਘਰ ਵਿੱਚ ਪਹੁੰਚਾਉਣ ਲਈ ਵਚਨਬੱਧ ਰਹੇਗਾ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ.ਮਨਜੀਤ ਸਿੰਘ ਰਟੌਲ ਦੇ ਨਾਲ ਬਲਾਕ ਐਕਸਟੈਂਸ਼ਨ ਐਜੂਕੇਟਰ ਗੁਰਲਾਲ ਸਿੰਘ, ਸੀਨੀਅਰ ਫਾਰਮੇਸੀ ਅਫਸਰ ਮੁਨੀਸ਼ ਮਹਿਤਾ, ਨਰਸਿੰਗ ਸਿਸਟਰ ਸ੍ਰੀਮਤੀ ਕੁਲਜੀਤ ਕੌਰ, ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਰਾਮ ਰਸ਼ਪਾਲ, ਰਬਿੰਦਰ ਸਿੰਘ ਭੋਜੀਆਂ, ਗੁਰਬੀਰ ਸਿੰਘ, ਗੁਰਵਿੰਦਰ ਸਿੰਘ ਅਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।

ਡਿਜੀਟਲ-ਫਰਸਟ ਸਟ੍ਰੈਟਜੀ ਨਾਲ ਜੀਵਨ ਬੀਮਾ ਦੀ ਪਹੁੰਚ 'ਚ ਹੋਇਆ ਵਿਸਤਾ

ਚੰਡੀਗੜ੍ਹ : ਡਿਜੀਟਲ ਇਨਫਰਾਸਟ੍ਰਕਚਰ, ਨਿਯਮਨ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਤਰੱਕੀ ਦੇ ਬਾਵਜੂਦ ਦੇਸ਼ ਵਿੱਚ ਬੀਮਾ ਦੀ ਪਹੁੰਚ ਸਿਰਫ 2.8 ਪ੍ਰਤੀਸ਼ਤ ਤੱਕ ਹੀ ਸੀਮਿਤ ਰਹੀ ਹੈ। ਇਹ ਅੰਕੜਾ ਖਾਸ ਤੌਰ 'ਤੇ ਘੱਟ ਆਮਦਨ ਵਾਲੇ ਅਤੇ ਪਿੰਡਾਂ ਦੇ ਖੇਤਰਾਂ ਵਿੱਚ ਕਵਰੇਜ ਦੀ ਘਾਟ ਦਿਖਾਉਂਦਾ ਹੈ। ਇਨ੍ਹਾਂ ਖੇਤਰਾਂ ਵਿੱਚ ਲੋਕ ਓਟੀਟੀ ਗਾਹਕੀ ਅਤੇ ਡਿਜੀਟਲ ਭੁਗਤਾਨ ਨੂੰ ਤੇਜ਼ੀ ਨਾਲ ਅਪਣਾ ਰਹੇ ਹਨ, ਪਰ ਜੀਵਨ ਬੀਮਾ ਹਾਲੇ ਵੀ ਵਿੱਤੀ ਤਰਜੀਹਾਂ ਵਿੱਚ ਪਿੱਛੇ ਰਹਿ ਗਿਆ ਹੈ। ਐਕਸਿਸ ਮੈਕਸ ਲਾਈਫ ਇਸ਼ੋਰੈਂਸ ਦੇ ਮੁੱਖ ਵੰਡ ਅਧਿਕਾਰੀ ਸੁਮਿਤ ਮਦਾਨ ਅਨੁਸਾਰ, ਇਹ ਸਥਿਤੀ ਦਰਸਾਉਂਦੀ ਹੈ ਕਿ ਬੀਮਾ ਕੰਪਨੀਆਂ ਨੂੰ ਪਿੰਡ-ਪੋਡ੍ਹੂ ਭਾਰਤ ਦੇ ਪੈਟਰਨ ਨੂੰ ਧਿਆਨ ਵਿੱਚ ਰੱਖਦਿਆਂ ਆਪਣੇ ਵੰਡ ਮਾਡਲ 'ਤੇ ਮੁੜ ਵਿਚਾਰ ਕਰਨ ਦੀ ਲੋੜ ਹੈ। ਇਹ ਕਰਦਿਆਂ ਕੰਪਨੀਆਂ ਨੂੰ 'ਸਭ ਲਈ ਬੀਮਾ' ਦੇ ਆਈ ਆਰ ਡੀ ਏ ਦੇ ਲੱਕਸ਼ ਨੂੰ ਹਾਸਲ ਕਰਨ ਵੱਲ ਵਧਣਾ ਹੋਵੇਗਾ। ਸੀ ਆਰ ਐਮ ਪਲੇਟਫਾਰਮ ਅਤੇ ਮੋਬਾਈਲ ਐਪਸ ਦੀ ਮਦਦ ਨਾਲ ਏਜੰਟ ਹੁਣ ਦੂਰ-ਦੁਰਾਡੇ ਖੇਤਰਾਂ ਵਿੱਚ ਵੀ ਰੀਅਲ-ਟਾਈਮ ਸੇਵਾਵਾਂ ਦੇਣ ਵਿੱਚ ਸਮਰੱਥ ਹੋ ਰਹੇ ਹਨ।

ਸੰਪਰਕ ਸੜਕ ਬਣਾਉਣ ਦੀ ਮੰਗ

ਵੇਰਕਾ (ਰਾਣਾ)- ਲਗਭਗ ਦਰਜਨ ਦੇ ਕਰੀਬ ਪਿੰਡਾਂ ਨੂੰ ਜਰਨੈਲੀ ਸੜਕ ਸਥਿਤ ਕਸਬਾ ਕੱਥੂਨੰਗਲ ਨਾਲ ਜੋੜਨ ਵਾਲੀ ਸੜਕ ਥਾਂ-ਥਾਂ ਤੋਂ ਟੁੱਟੀ ਹੋਣ ਕਾਰਨ ਰਾਹਗੀਰ ਡਾਢੇ ਪ੍ਰੇਸ਼ਾਨ ਹਨ। ਪਿੰਡ ਜੇਠੂਵਾਲ, ਮੱਲੂਵਾਲ, ਤਲਵੰਡੀ ਦਸੌਧ ਸਿੰਘ, ਮੈਹਣੀਆਂ ਕੁਹਾਰਾ, ਕੋਟਲਾ ਖੁਰਦ, ਕੋਟਲਾ ਸੈਦਾ, ਜਗਤਪੁਰ ਬਜਾਜ ਅਤੇ ਸਾਧਾਰਨਪੁਰ ਆਦਿ ਪਿੰਡਾਂ ਨੂੰ ਕਸਬਾ ਕੱਥੂਨੰਗਲ ਨਾਲ ਜੋੜਦੀ ਵਾਇਆ ਪਿੰਡ ਕੋਟਲਾ ਸੈਦਾ ਸੰਪਰਕ ਸੜਕ ਦਾ ਅਤਿਅੰਤ ਮੰਦਾ ਹਾਲ ਹੈ। ਸੜਕ ਵਿੱਚ ਪਏ ਡੂੰਘੇ ਟੋਏ ਕੀਮਤੀ ਮਨੁੱਖੀ ਜਾਨਾਂ ਲਈ ਖੌਅ ਬਣੇ ਹੋਏ ਹਨ। ਕਈ ਵਾਰ ਟੁੱਟੀ ਹੋਈ ਸੜਕ ਦੇ ਕਾਰਨ ਹਾਦਸੇ ਵੀ ਵਾਪਰ ਚੁੱਕੇ ਹਨ। ਇਸ ਸੰਬੰਧ ਵਿੱਚ ਸਥਾਨਕ ਇਲਾਕਾ ਵਾਸੀਆਂ ਨੇ ਮੁੱਖ ਮੰਤਰੀ ਪੰਜਾਬ ਸਰਕਾਰ, ਮੁੱਖ ਸਕੱਤਰ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਮੈਜਿਸਟ੍ਰੇਟ ਅੰਮ੍ਰਿਤਸਰ ਪਾਸੋਂ ਉਕਤ ਲਿੰਕ ਸੜਕ ਤੁਰੰਤ ਬਣਾਏ ਜਾਣ ਦੀ ਮੰਗ ਕੀਤੀ ਹੈ।

ਗਦਰੀ ਬਾਬਾ ਸ਼ੇਰ ਸਿੰਘ ਵੇਈਂਪੂਈਂ ਦੀ ਬਰਸੀ 30 ਨੂੰ

ਖਡੂਰ ਸਾਹਿਬ/ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲੀ)-ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਮਹਾਨ ਦੇਸ਼ ਭਗਤ ਗਦਰੀ ਬਾਬਾ ਸ਼ੇਰ ਸਿੰਘ ਦੀ ਬਰਸੀ ਪਿੰਡ ਵੈਂਈਪੂੰਈਂ ਵਿਖੇ 30 ਮਾਰਚ ਨੂੰ ਨੇੜੇ ਸ਼ਿਵਦਿਆਲਾ ਮੰਦਰ ਵਿਖੇ ਮਨਾਉਣ ਸੰਬੰਧੀ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ ਬਲਾਕ ਖਡੂਰ ਸਾਹਿਬ ਦੇ ਸਕੱਤਰ ਗਰਦਿਆਲ ਸਿੰਘ ਖਡੂਰ ਸਾਹਿਬ ਤੇ ਮੀਤ ਸਕੱਤਰ ਬਲਦੇਵ ਸਿੰਘ ਧੂੰਦਾ ਨੇ ਕਿਹਾ ਕਿ ਇਸ ਮੌਕੇ ਵਿਸ਼ਾਲ ਸਿਆਸੀ ਕਾਨਫਰੰਸ ਹੋਵਗੀ ਜਿਸ ਨੂੰ ਸੰਬੋਧਨ ਕਰਨ ਲਈ ਭਾਰਤੀ ਕਮਿਊਨਿਸਟ ਪਾਰਟੀ ਦੇ ਸੀਨੀਅਰ ਆਗੂ ਹਰਭਜਨ ਸਿੰਘ, ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਟਰੱਸਟੀ ਡਾਕਟਰ ਪਰਮਿੰਦਰ, ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸਰਬ ਭਾਰਤ ਨੌਜਵਾਨ ਸਭਾ ਦੀ ਸੂਬਾ ਪ੍ਰਧਾਨ ਕਰਮਜੀ

26-March-PAGE-12.qxd 3/25/2025 11:04 PM Page 1

ਆਪ ਸਰਕਾਰ ਨੇ ਤਿੰਨ ਸਾਲਾਂ ਦੌਰਾਨ ਸ਼ਾਨਾਦਾਰ ਕੰਮ ਕੀਤੇ : ਮਨੀਸ਼ ਸਿਸੋਦੀਆ

ਚੰਡੀਗੜ੍ਹ, (ਗੁਰਜੀਤ ਬਿੱਲਾ)

ਆਪ ਦੇ ਸੀਨੀਅਰ ਆਗੂ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਚੰਡੀਗੜ੍ਹ ਹਵਾਈ ਅੱਡੇ 'ਤੇ ਇੱਕ ਬਿਆਨ ਦਿੰਦਿਆਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਦੌਰਾਨ ਪੰਜਾਬ ਵਿੱਚ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਸ਼ਾਨਦਾਰ ਕੰਮ ਕੀਤੇ ਹਨ।ਸਿਸੋਦੀਆ ਨੇ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਪੰਜਾਬ ਦੇ ਵਿਕਾਸ ਦੀ ਦੇਖ-ਰੇਖ ਦੀ ਜ਼ਿੰਮੇਵਾਰੀ ਸੌਂਪਣ ਲਈ ਧੰਨਵਾਦ ਪ੍ਰਗਟਾਇਆ।ਉਨ੍ਹਾਂ ਮਾਨ ਸਰਕਾਰ ਵੱਲੋਂ ਪਿਛਲੀਆਂ ਸਰਕਾਰਾਂ ਵੱਲੋਂ ਫੈਲਾਈ ਗੰਦਗੀ ਨੂੰ ਸਾਫ਼ ਕਰਨ ਅਤੇ ਪੰਜਾਬ ਨੂੰ ਤੇਜ਼ੀ ਨਾਲ ਵਿਕਾਸ ਦੇ ਰਾਹ 'ਤੇ ਪਾਉਣ ਲਈ ਕੀਤੇ ਗਏ ਬੇਮਿਸਾਲ ਕਾਰਜਾਂ ਦੀ ਸ਼ਲਾਘਾ ਕੀਤੀ।ਸਿਸੋਦੀਆ ਨੇ ਰੇਖਾਂਕਿਤ ਕੀਤਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਇੱਕ ਸਰਕਾਰੀ ਪਹਿਲਕਦਮੀ ਨਹੀਂ ਹੈ ਬਲਕਿ ਇਹ ਆਮ ਆਦਮੀ ਪਾਰਟੀ ਲਈ ਇੱਕ ਮਿਸ਼ਨ ਹੈ।ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਦੀ ਰਹਿਨੁਮਾਈ ਹੇਠ ਮਾਨ ਸਰਕਾਰ ਨੇ ਪੰਜਾਬ ਵਿੱਚ ਨਸ਼ਿਆਂ ਖ਼ਿਲਾਫ਼ ਤਿੱਖੀ ਜੰਗ ਛੇੜੀ ਹੋਈ ਹੈ।ਨਤੀਜੇ ਸਪੱਸ਼ਟ ਤੌਰ 'ਤੇ ਦਿਖਾਈ ਦੇ ਰਹੇ ਹਨ।ਸਿਰਫ਼ ਇੱਕ ਮਹੀਨੇ ਵਿੱਚ, ਸਰਕਾਰ ਨੇ ਮਹੱਤਵਪੂਰਨ ਤਰੱਕੀ ਕੀਤੀ ਹੈ ਜੋ ਪਿਛਲੀਆਂ ਸਰਕਾਰਾਂ ਦਹਾਕਿਆਂ ਵਿੱਚ ਹਾਸਲ ਨਹੀਂ ਕਰ ਸਕੀਆਂ ਸਨ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪੰਜਾਬ ਨੂੰ ਭ੍ਰਿਸ਼ਟਾਚਾਰ, ਢਹਿ ਢੇਰੀ ਸਿੱਖਿਆ ਪ੍ਰਣਾਲੀ, ਅਣਗੌਲੇ ਸਿਹਤ ਸੇਵਾਵਾਂ ਅਤੇ ਅਸਮਾਨ ਛੂਹ ਰਹੀ ਬੇਰੁਜ਼ਗਾਰੀ ਵਰਗੀ ਗੰਭੀਰ ਹਾਲਤ ਵਿੱਚ ਛੱਡ ਦਿੱਤਾ ਸੀ ਜਦਕਿ ਮਾਨ ਸਰਕਾਰ ਨੇ 20 ਸਾਲਾਂ ਦੀ ਇਸ ਗੰਦਗੀ ਨੂੰ ਸਿਰਫ਼ ਤਿੰਨ ਸਾਲਾਂ ਵਿੱਚ ਹੀ ਦੂਰ ਕਰ ਦਿੱਤਾ ਹੈ, ਜਿਸ ਕਾਰਨ ਪੰਜਾਬ ਹੁਣ ਤੇਜ਼ੀ ਨਾਲ ਵਿਕਾਸ ਕਰ ਰਿਹਾ ਹੈ।ਉਨ੍ਹਾਂ ਨੇ ਚੋਣਾਂ ਦੌਰਾਨ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਆਮ ਆਦਮੀ ਪਾਰਟੀ ਦੀ ਵਚਨਬੱਧਤਾ ਨੂੰ ਦੁਹਰਾਇਆ।ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸਰਕਾਰ ਦਾ ਧਿਆਨ ਭ੍ਰਿਸ਼ਟਾਚਾਰ ਨਾਲ ਲੜਨ ਅਤੇ ਨਸ਼ਾ ਮੁਕਤ ਰਾਜ ਪ੍ਰਦਾਨ ਕਰਨ ਦੇ ਨਾਲ-ਨਾਲ ਸਿੱਖਿਆ, ਸਿਹਤ ਸੰਭਾਲ ਅਤੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ 'ਤੇ ਰਹੇਗਾ।

ਦੇਸ਼ ਭਗਤ ਯਾਦਗਾਰ ਹਾਲ 'ਚ ਵਿਸ਼ਵ ਰੰਗ ਮੰਚ ਦਿਹਾੜੇ ਦੀਆਂ ਤਿਆਰੀਆਂ ਜੋਰਾਂ 'ਤੇ

ਜਲੰਧਰ (ਕੇਸਰ)- ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿਖੇ 27 ਮਾਰਚ ਦਿਨ ਵੀਰਵਾਰ ਸ਼ਾਮ ਠੀਕ 6 ਵਜੇ ਮਨਾਏ ਜਾਣ ਵਾਲੇ ਵਿਸ਼ਵ ਰੰਗ ਮੰਚ ਦਿਹਾੜੇ ਦੀਆਂ ਜ਼ੋਰਦਾਰ ਤਿਆਰੀਆਂ ਚੱਲ ਰਹੀਆਂ ਹਨ।ਦੇਸ਼ ਭਗਤ ਯਾਦਗਾਰ ਹਾਲ 'ਚ ਬਣੇ ਸ਼ਹੀਦ ਵਿਸ਼ਨੂੰ ਗਣੇਸ਼ ਪਿੰਗਲੇ ਹਾਲ ਵਿਚ ਰੰਗ ਮੰਚ ਵਰਕਸ਼ਾਪ ਲੱਗੀ ਹੋਈ ਹੈ। ਤਿੰਨਾਂ ਨਾਟਕ ਟੀਮਾਂ ਦੇ ਨਿਰਦੇਸ਼ਕ ਹਰਜੀਤ ਸਿੰਘ, ਨੀਰਜ ਕੌਸ਼ਿਕ ਅਤੇ ਅਸ਼ੋਕ ਕਲਿਆਣ ਦੇ ਕਲਾਕਾਰ ਰੀਹਰਸਲਾਂ ਕਰਨ ਪੂਰੇ ਉਤਸ਼ਾਹ ਨਾਲ ਜੁਟੇ ਹੋਏ ਹਨ।ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ ਇਸ ਸਮਾਗਮ ਮੌਕੇ

ਦਵਿੰਦਰ ਗਿੱਲ ਦਾ ਲਿਖਿਆ ਹਰਜੀਤ ਦੁਆਰਾ ਨਿਰਦੇਸ਼ਤ 'ਇੱਕ ਬਟਾ ਜ਼ੀਰੋ' ਨਾਟਕ ਚਿਹਰੇ ਰੰਗ ਮੰਚ ਟੀਮ ਵੱਲੋਂ, ਨੀਰਜ ਕੌਸ਼ਿਕ ਦੁਆਰਾ ਲਿਖਿਆ ਅਤੇ ਨਿਰਦੇਸ਼ਤ ਕੀਤਾ ਨਾਟਕ ਜ਼ੰਜੀਰੋਂ ਸਟਾਈਲ ਆਰਟਸ ਐਸੋਸੀਏਸ਼ਨ ਵੱਲੋਂ ਅਤੇ ਗੁਰਸ਼ਰਨ ਭਾਅ ਜੀ ਦਾ ਲਿਖਿਆ ਅਤੇ ਅਸ਼ੋਕ ਕਲਿਆਣ ਦਾ ਨਿਰਦੇਸ਼ਤ ਨਾਟਕ 'ਇਨਕਲਾਬ ਜ਼ਿੰਦਾਬਾਦ' ਫਰੈਂਡਜ ਥੀਏਟਰ ਗਰੁੱਪ ਵੱਲੋਂ ਖੇਡੇ ਜਾਣਗੇ। ਦੇਸ਼ ਭਗਤ ਯਾਦਗਾਰ ਕਮੇਟੀ ਅਤੇ ਉਸਦੇ ਸਭਿਆਚਾਰਕ ਵਿੰਗ ਨੇ ਸਮੂਹ ਰੰਗ ਕਰਮੀਆਂ, ਰੰਗ ਮੰਚ ਪ੍ਰੇਮੀਆਂ ਅਤੇ ਲੋਕ ਪੱਖੀ ਸੰਸਥਾਵਾਂ ਨੂੰ ਵਿਸ਼ਵ ਰੰਗ ਮੰਚ ਦਿਵਸ ਸਮਾਗਮ ਵਿੱਚ ਪਰਵਾਰਾਂ ਸਮੇਤ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਹੈ।

ਪੰਜਾਬ ਦੀਆਂ ਪੰਚਾਇਤਾਂ ਨੂੰ ਗਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ : ਸੌਦ

ਗੁਰਾਇਆ (ਬਿੰਦਰ ਸੁੰਮਨ)

ਪੰਜਾਬ ਦੇ ਹਰੇਕ ਪਿੰਡਾਂ ਦੀਆਂ ਸਹੂਲਤਾਂ ਨੂੰ ਪੂਰਾ ਕਰਕੇ ਆਧੁਨਿਕ ਤਰੀਕੇ ਦੇ ਪਿੰਡ ਬਣਾਏ ਜਾਣਗੇ, ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕੈਬਿਨਟ

ਪੰਚਾਇਤ ਮੰਤਰੀ ਪੰਜਾਬ ਤਰਨਪ੍ਰੀਤ ਸਿੰਘ ਸੌਦਾ ਨੇ ਬਲਾਕ ਰੁੜਕਾ ਕਲਾਂ ਦੇ ਅਧੀਨ ਪੈਂਦੇ ਪਿੰਡ ਬੀੜ ਬੰਸੀਆਂ ਵਿਖੇ ਗਾਉਂਦਾ ਪੰਜਾਬ ਰੇਡੀਓ ਕਨੈਡਾ ਦੇ ਐਮ ਡੀ ਜੋਗਿੰਦਰ ਸਿੰਘ ਬਾਸੀ ਦੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਹੇ, ਉਨ੍ਹਾਂ ਕਿਹਾ ਕਿ ਪੰਜਾਬ ਵਿੱਚ 3100 ਦੇ ਲੱਗਭੱਗ ਖੇਡ ਪਾਰਕਾ ਬਣਾ ਕੇ ਦੇਵਾਗੇ ਤਾਂ ਜੋ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕੀਤਾ ਜਾ ਸਕੇ। ਪੰਜਾਬ ਦੀਆਂ ਨਵੀਆਂ ਪੰਚਾਇਤਾਂ ਨੂੰ ਵਧਾਈਆਂ ਦਿੰਦਿਆ ਕਿਹਾ ਕਿ ਜਿਵੇਂ ਜਿਵੇਂ ਪੇ ਕਮਿਸ਼ਨ ਦੀਆਂ ਗ੍ਰਾਂਟਾ ਆ ਰਹੀਆਂ ਹਨ, ਪੰਚਾਇਤਾਂ ਨੂੰ ਫੰਡ ਭੇਜ ਕੇ ਉਨ੍ਹਾਂ ਨੂੰ ਗ੍ਰਾਂਟਾ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਸਰਪੰਚ, ਪੰਚ ਪਿੰਡਾਂ ਵਿੱਚ ਇਮਾਨਦਾਰੀ ਦੇ ਨਾਲ ਵਿਕਾਸ ਦੇ ਕੰਮ ਕਰਨ, ਇਸ ਮੌਕੇ ਏਡੀਸੀ ਡੀ ਬੁੱਧੀ ਰਾਜ ਸਿੰਘ, ਡੀ ਡੀ ਪੀ ਓ ਸੁਖਵੀਰ ਕੌਰ, ਬੀ ਡੀ ਪੀ ਓ ਤੇਜਿੰਦਰ ਪਾਲ, ਚੇਅਰਮੈਨ ਪ੍ਰਦੀਪ ਦੁੱਗਲ, ਚੇਅਰਮੈਨ ਸੁਖਦੀਪ ਅੱਪਰਾ, ਏਪੀਓ ਰਵਿੰਦਰ ਗੋਇਲ, ਸਰੂਪ ਕੁਮਾਰ ਬਲਾਕ ਸੰਮਤੀ ਮੈਂਬਰ, ਮੇਜਰ ਸਿੰਘ, ਡਾਕਟਰ ਤੀਰਥ ਰਾਮ ਮੱਲਣ, ਇੰਦਰਜੀਤ ਸਿੰਘ ਪੰਚ, ਸੁਖਪ੍ਰੀਤ ਸਿੰਘ ਪੰਚ, ਹਰਪ੍ਰੀਤ ਸਿੰਘ ਪੰਚ, ਸੁਰਜੀਤ ਕੁਮਾਰ,ਭੁਪਿੰਦਰ ਸਿੰਘ ਪੰਚ, ਸੁਰਜੀਤ ਕੁਮਾਰ ਬਸਰਾ, ਮਹਿੰਦਰ ਸਿੰਘ ਪ੍ਰਧਾਨ ਤੇ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

ਰਣਦੀਪ ਸਿੰਘ ਆਹਲੂਵਾਲੀਆ ਨੇ ਐਡੀਸ਼ਨਲ ਡਾਇਰੈਕਟਰ ਲੋਕ ਸੰਪਰਕ ਦਾ ਅਹੁਦਾ ਸੰਭਾਲਿਆ

ਚੰਡੀਗੜ੍ਹ, (ਨ ਜ਼ ਸ)-ਰਣਦੀਪ ਸਿੰਘ ਆਹਲੂਵਾਲੀਆ ਨੇ ਤਰੱਕੀ ਮਿਲਣ ਉਪਰੰਤ ਅੱਜ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਦੇ

ਐਡੀਸ਼ਨਲ ਡਾਇਰੈਕਟਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ । ਆਹਲੂਵਾਲੀਆ, ਜੋ ਪੀ.ਪੀ.ਐਸ.ਸੀ. ਰਾਹੀਂ ਚੁਣ ਕੇ ਆਏ 1999 ਬੈਚ ਦੇ ਸੂਚਨਾ ਅਤੇ ਲੋਕ ਸੰਪਰਕ ਅਫਸਰ ਹਨ, ਮੌਜੂਦਾ ਸਮੇਂ ਵਿੱਚ ਵਿਭਾਗ ਦੇ ਸੀਨੀਅਰ ਮੋਸਟ ਜੁਆਇੰਟ ਡਾਇਰੈਕਟਰ ਵਜੋਂ ਕੰਮ ਕਰ ਰਹੇ ਸਨ। ਉਨ੍ਹਾਂ ਨੂੰ ਬੀਤੇ ਦਿਨੀਂ ਹੀ ਵਿਭਾਗੀ ਤਰੱਕੀ ਕਮੇਟੀ ਵੱਲੋਂ ਐਡੀਸ਼ਨਲ ਡਾਇਰੈਕਟਰ ਵਜੋਂ ਪਦਉਨਤ ਕੀਤਾ ਗਿਆ ਸੀ।ਮਾਨਸਾ ਸ਼ਹਿਰ ਦੇ ਜੰਮਪਲ ਆਹਲੂਵਾਲੀਆ ਪਿਛਲੇ 26 ਸਾਲਾਂ ਤੋਂ ਵਿਭਾਗ ਵਿੱਚ ਸੇਵਾ ਨਿਭਾਅ ਰਹੇ ਹਨ ਅਤੇ ਉਸ ਤੋਂ ਪਹਿਲਾਂ ਤਕਰੀਬਨ ਸਾਢੇ ਪੰਜ ਸਾਲ ਮੁੱਖ ਪੰਜਾਬੀ ਅਖ਼ਬਾਰ ਅਜੀਤ ਵਿੱਚ ਉਪ ਸੰਪਾਦਕ ਵਜੋਂ ਕੰਮ ਕਰ ਚੁੱਕੇ ਹਨ। ਕਾਮਰਸ ਵਿੱਚ ਗਰੈਜੂਏਸ਼ਨ ਕਰਨ ਉਪਰੰਤ ਉਨ੍ਹਾਂ ਪੰਜਾਬੀ ਯੂਨੀਵਰਸਿਟੀ, ਪਟਿਆਲਾ ਤੋਂ ਐਲ.ਐਲ.ਬੀ ਅਤੇ ਜਰਨਲਿਜ਼ਮ ਤੇ ਮਾਸ ਕਮਿਊਨੀਕੇਸ਼ਨ ਵਿਚ ਮਾਸਟਰ ਡਿਗਰੀ ਹਾਸਲ ਕੀਤੀ। ਉਹ ਪੰਜਾਬੀ ਸਾਹਿਤ ਦੇ ਖੇਤਰ ਵਿੱਚ ਆਪਣੀਆਂ ਸਮਾਜਿਕ ਸਰੋਕਾਰਾਂ ਨੂੰ ਸਮਰਪਿਤ ਕਵਿਤਾਵਾਂ ਨਾਲ ਵੀ ਵੱਖਰੀ ਪਹਿਚਾਣ ਰੱਖਦੇ ਹਨ।

50 ਤੋਂ ਵੱਧ ਪਰਵਾਰ ਕਾਂਗਰਸ 'ਚ ਸ਼ਾਮਲ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)

ਸੁਲਤਾਨਪੁਰ ਲੋਧੀ ਤੋਂ ਕਾਂਗਰਸ ਦੇ ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਵੱਲੋਂ ਸੁਲਤਾਨਪੁਰ ਲੋਧੀ ਦੇ ਪਿੰਡ ਮੁੱਲਾਂਕਾਲਾਂ ਵਿੱਚ ਪਾਰਟੀ ਦੇ ਵਰਕਰਾਂ ਸਮੇਤ ਵੱਡਾ ਇਕੱਠ ਕਰ ਆਪਣੇ ਪਰਿਵਾਰ ਚ ਮੁੜ ਵੱਡਾ ਵਾਧਾ ਕੀਤਾ ਗਿਆ। ਨਵਤੇਜ ਸਿੰਘ ਚੀਮਾ ਵੱਲੋਂ 50 ਤੋਂ ਵਧੇਰੇ ਪਰਵਾਰਾਂ ਨੂੰ ਕਾਂਗਰਸ ਪਾਰਟੀ 'ਚ ਸ਼ਾਮਲ ਕਰ ਪਾਰਟੀ ਦੀ ਨੀਂਹ ਨੂੰ ਮਜ਼ਬੂਤ ਕੀਤਾ ਗਿਆ।ਇਸ ਦੌਰਾਨ ਨਵਤੇਜ ਚੀਮਾ ਨੇ ਕਿਹਾ ਕਿ ਉਹ ਦਿਨ ਰਾਤ ਪਾਰਟੀ ਦੀ ਸੇਵਾ ਦੇ ਵਿੱਚ ਲੱਗੇ ਹੋਏ ਹਨ ਅਤੇ ਹਰ ਪਿੰਡ ਹਰ ਘਰ ਜਾ ਕੇ ਉਹ ਪਾਰਟੀ ਦਾ ਪ੍ਰਚਾਰ ਕਰਦੇ ਹੋਇਆ ਆਪਣੇ ਪਰਿਵਾਰ ਦੇ ਵਿੱਚ ਲਗਾਤਾਰ ਵਾਧਾ ਕਰਦੇ ਆ ਰਹੇ ਹਨ। ਸੁਲਤਾਨਪੁਰ ਲੋਧੀ ਤੋਂ ਅਜਾਦ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਅਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਤੇ ਤੰਜ ਕੱਸ ਗਿਆ ਹੋਇਆ ਨਵਤੇਜ ਚੀਮਾ ਨੇ ਕਿਹਾ ਕਿ ਉਨ੍ਹਾਂ ਵੱਲੋਂ ਕਰਵਾਇਆ ਵਿਕਾਸ ਪਿਛਲੇ ਸਾਢੇ ਤਿੰਨ ਸਾਲ ਤੋਂ ਉੱਥੇ ਦਾ ਉੱਥੇ ਹੀ ਖੜਾ ਹੋਇਆ ਹੈ, ਚਾਹੇ ਉਹ ਸਰਕਾਰ ਦੇ ਨੁਮਾਇੰਦੇ ਹੋਣ ਜਾਂ ਮੌਕੇ ਦਾ ਵਿਧਾਇਕ ਹੋਵੇ ਕਿਸੇ ਦੇ ਵੱਲੋਂ ਵਿਕਾਸ ਦੇ ਨਾਮ ਤੇ ਕੁਝ ਵੀ ਨਹੀਂ ਕਰਵਾਇਆ ਗਿਆ। ਉਹਨਾਂ ਨੇ ਕਿਹਾ ਕਿ ਲੋਕਾਂ ਨੇ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਤੋਂ ਤੰਗ ਆ ਕੇ ਮੁੜ ਤੋਂ ਕਾਂਗਰਸ ਪਾਰਟੀ ਦੇ ਨਾਲ ਜੁੜਨਾ ਸ਼ੁਰੂ ਕਰ ਦਿੱਤਾ ਹੈ ਅਤੇ ਉਹ ਦਿਨ ਦੂਰ ਨਹੀਂ ਜਦੋਂ ਆਉਣ ਵਾਲੇ ਸਮੇਂ ਦੇ ਵਿੱਚ ਸਰਕਾਰ ਵੀ ਕਾਂਗਰਸ ਪਾਰਟੀ ਦੀ ਹੀ ਹੋਵੇਗੀ। ਉਹਨਾਂ ਨੇ ਕਿਹਾ ਕਿ ਸੁਲਤਾਨਪੁਰ ਲੋਧੀ ਦੇ ਵਿਕਾਸ ਦੀ ਤਾਂ ਕੋਈ ਗੱਲ ਨਹੀਂ ਕਰ ਰਿਹਾ ਸਿਰਫ ਗੱਲਾਂ ਦੇ ਨਾਲ ਹੀ ਟਾਈਮ ਪਾਸ ਕੀਤਾ ਜਾ ਰਿਹਾ ਹੈ ਅਤੇ ਇਸ ਬਾਰੇ ਲੋਕਾਂ ਨੂੰ ਵੀ ਚੰਗੀ ਤਰ੍ਹਾਂ ਪਤਾ ਹੈ ਕਿ ਹੁਣ ਆਉਣ ਵਾਲਾ ਟਾਈਮ ਕਾਂਗਰਸ ਪਾਰਟੀ ਦਾ ਹੈ ਅਤੇ ਉਹਨਾਂ ਨੇ ਕਾਂਗਰਸ ਪਾਰਟੀ ਦੇ ਨਾਲ ਜੁੜਨਾ ਸ਼ੁਰੂ ਕਰ ਦਿੱਤਾ ਹੈ ਅਤੇ ਹੁਣ ਉਹ ਸਮਾਂ ਬਹੁਤ ਨੇੜੇ ਹੈ ਜਦੋਂ ਕਾਂਗਰਸ ਪਾਰਟੀ ਅਸਮਾਨ ਦੀ ਬੁਲੰਦੀ ਨੂੰ ਛੂਹੇਗੀ।

ਪੰਜਾਬ ਹੁਨਰ ਵਿਕਾਸ ਮਿਸ਼ਨ ਤਹਿਤ ਸ਼ੁਰੂ ਕੀਤੇ ਜਾ ਰਹੇ ਹਨ ਮੁਫ਼ਤ ਹੁਨਰ ਸਿਖਲਾਈ ਕੋਰਸ : ਰਾਜੀਵ ਵਰਮਾ

ਨਵਾਂਸ਼ਹਿਰ, (ਮਨੋਜ ਲਾਡੀ)- ਪੰਜਾਬ ਹੁਨਰ ਵਿਕਾਸ ਮਿਸ਼ਨ ਵੱਲੋਂ ਦੋਆਬਾ ਕਾਲਜ, ਰਾਹੋਂ ਵਿਖੇ ਦੀਨ ਦਿਆਲ ਉਪਾਧਿਆਏ ਗ੍ਰਾਮੀਣ ਕੌਸ਼ਲ ਯੋਜਨਾ ਸਕੀਮ ਅਧੀਨ ਟ੍ਰੇਨਿੰਗ ਪਾਰਟਨਰ ਆਰੀਅਨਸ ਐਜੂਕੇਸ਼ਨ ਟਰੱਸਟ ਵੱਲੋਂ ਹਾਸਪਿਟਲ ਫਰੰਟ ਡੈਸਕ ਕੋਆਡੀਨੇਟਰ (ਹੈਲਥ ਸੈਕਟਰ) ਅਤੇ ਰਿਟੇਲ ਸੇਲਸ ਐਗਜ਼ੀਕਿਊਟਿਵ (ਰਿਟੇਲ ਸੈਕਟਰ) ਵਿਚ ਮੁਫ਼ਤ ਹੁਨਰ ਸਿਖਲਾਈ ਕੋਰਸ ਸ਼ੁਰੂ ਕੀਤੇ ਜਾ ਰਹੇ ਹਨ।ਇਹ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਨੇ ਦੱਸਿਆ ਕਿ ਇਹ ਮੁਫ਼ਤ ਹੁਨਰ ਸਿਖਲਾਈ ਕੋਰਸ ਤਿੰਨ ਤੋਂ ਪੰਜ ਮਹੀਨੇ ਦੇ ਹਨ ਅਤੇ ਕੋਰਸ ਵਿਚ ਦਾਖ਼ਲੇ ਲਈ ਘੱਟੋ-ਘੱਟ ਯੋਗਤਾ 12ਵੀਂ ਹੈ। ਉਨ੍ਹਾਂ ਦੱਸਿਆ ਕਿ ਕੋਰਸ ਦੌਰਾਨ ਨੌਜਵਾਨਾਂ ਨੂੰ ਮੁਫ਼ਤ ਹੋਸਟਲ ਦੀ ਸਹੂਲਤ, ਮੁਫ਼ਤ ਖਾਣਾ-ਪੀਣਾ, ਮੁਫ਼ਤ ਵਰਦੀਆਂ ਕਾਪੀਆਂ-ਕਿਤਾਬਾਂ ਅਤੇ ਹੋਰ ਆਧੁਨਿਕ ਸਹੂਲਤਾਂ ਨਾਲ ਲੈਸ ਟ੍ਰੇਨਿੰਗ ਸਮੱਗਰੀ ਦਿੱਤੀ ਜਾਵੇਗੀ। ਇਨ੍ਹਾਂ ਕੋਰਸਾਂ ਵਿਚ ਟ੍ਰੇਨਿੰਗ ਉਪਰੰਤ ਕੇਂਦਰ ਸਰਕਾਰ ਵੱਲੋਂ ਸਥਾਪਤ ਸਬੰਧਤ ਸੈਕਟਰ ਸਕਿੱਲ ਕੌਂਸਲ ਵੱਲੋਂ ਸਰਕਾਰੀ ਸਰਟੀਫਿਕੇਟ ਦਿੱਤਾ ਜਾਵੇਗਾ।

ਸਕਰਾਲਾ ਵਿਖੇ ਕਰਵਾਏ ਜਾ ਰਹੇ ਸੰਤ ਸੰਮੇਲਨ ਦਾ ਪੋਸਟਰ ਜਾਰੀ

ਅੱਡਾ ਸਰਾਂ, (ਜਸਵੀਰ ਕਾਜਲ)

ਸ਼੍ਰੀ ਗੁਰੂ ਰਵਿਦਾਸ ਜੀ ਦੇ 648ਵੇਂ ਪ੍ਰਕਾਸ਼ ਉਤਸਵ ,ਸਰਬੱਤ ਦੇ ਭਲੇ ਅਤੇ ਰਵਿਦਾਸੀਆ ਧਰਮ ਦੇ ਪ੍ਰਚਾਰ ਅਤੇ ਪ੍ਰਸਾਰ ਲਈ 12ਵਾਂ ਮਹਾਨ ਸੰਮੇਲਨ 27 ਮਾਰਚ ਨੂੰ ਪਿੰਡ ਸਕਰਾਲਾ ਵਿਖੇ ਕਰਵਾਇਆ ਜਾਵੇਗਾ।ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਨਿਰੰਜਨ ਦਾਸ ਦੀ ਸਰਪ੍ਰਸਤੀ ਹੇਠ ਕਰਵਾਏ ਜਾ ਰਹੇ ਮਹਾਨ ਸੰਤ ਸੰਮੇਲਨ ਦਾ ਪੋਸਟਰ ਜਾਰੀ ਕਰਦੇ ਹੋਏ ਪ੍ਰਬੰਧਕ ਸੇਵਾਦਾਰ ਪ੍ਰਧਾਨ ਚਰਨਜੀਤ ਸਿੰਘ ਗੁੱਡੂ, ਵਾਈਸ ਪ੍ਰਧਾਨ ਰਾਮ ਸਿੰਘ ਲੱਡੂ, ਗਿਆਨੀ ਗੁਰਮੀਤ ਸਿੰਘ ਨਾਗਲੂ, ਮਾਸਟਰ ਸੋਹਣ ਲਾਲ, ਗਿਆਨੀ ਦਾਰਾ ਸਿੰਘ, ਮਾਸਟਰ ਸੈਕਟਰੀ ਪਰਸ਼ੋਤਮ ਲਾਲ, ਸੂਬੇਦਾਰ ਮੇਜਰ ਰੌਸ਼ਨ ਸਿੰਘ ਕਜਲਾ, ਸ਼ੌਕੀਨ ਸਿੰਘ ਕਜਲਾ, ਜਸਵੀਰ ਸਿੰਘ ਸੀਰਾ, ਫੌਜੀ ਰਾਮ ਸਿੰਘ, ਕਰਮਜੀਤ ਸਿੰਘ ਫੌਜੀ ,ਡਾ. ਕਸ਼ਮੀਰੀ ਲਾਲ, ਸੂਬੇਦਾਰ ਭਾਗ ਮੱਲ ਜਾਣਕਾਰੀ ਦਿੱਤੀ।ਸੰਤ ਸੰਮੇਲਨ ਦੌਰਾਨ ਸੰਤ ਜੋਗਿੰਦਰ ਸਿੰਘ ਚੱਕਲਾਦੀਆਂ, ਸੰਤ ਲੇਖ ਰਾਜ ਨੂਰਪੁਰ, ਸੰਤ ਪ੍ਰੀਤਮ ਦਾਸ ਸੰਗਤਪੁਰਾ ਫਗਵਾੜਾ, ਸੰਤ ਕ੍ਰਿਸ਼ਨ ਨਾਥ ਚਹੇੜੂ, ਸੰਤ ਜਸਪਾਲ ਸਿੰਘ ਓਡਰਾ, ਸੰਤ ਪ੍ਰੇਮ ਦਾਸ ਰਾਜਪਾਲਮਾਂ, ਸੰਤ ਸੁਖਵਿੰਦਰ ਦਾਸ ਢੱਡੇ, ਸੰਤ ਨਰੇਸ਼ ਗਿਰੀ ਪਿੰਡ ਨੰਗਲ ਖੂੰਗਾ, ਸੁਆਮੀ ਚੰਦਰ ਸ਼ੇਖਰ ਡੇਰਾ ਸਾਈਂ ਅਲੀ ਬਖਸ਼ ਸਕਰਾਲਾ, ਸੰਤ ਗੁਰਦੀਪ